Fair Advice Financial | Care Wealth Management Inc.
RDSP (Registered Disability Savings Plan)
Disabled person who is eligible for Disability Tax Credit.
And who is 49 years old or younger.
By contributing in an RDSP Plan he/she may be eligible to receive up to$90,000 in government bonds & grants.
Contact :
647-951-7900
SUKHWINDER NAHAL CFP, CLU Financial Planner
www.fairadvicefinancial.com
7900 Hurontario St., Suite 308, Brampton, ON, L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
- Immigration
- Real Estate
- Commercial Law
- Affidavit
- Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit punjabipost.ca/epaper | Vol 20* Issue 179 | Monday, September 13, 2021 | Tel: 905-793-2202 | Fax: 905-793-2282 | news@punjabipost.ca | ਤੁਸੀਂ 'ਪੰਜਾਬੀ ਪੋਸਟ' Online ਰੋਜ਼ਾਨਾ ਪੜ੍ਹ ਸਕਦੇ ਹੋ

## ਵਿਆਹ ਸਮਾਰੋਹ ਵਿੱਚ ਹਿੱਸਾ ਲੈਣ ਵਾਲੇ ਮਹਿਮਾਨਾਂ ਦੇ ਆਊਟਬ੍ਰੇਕ ਦੀ ਚਪੇਟ ਵਿੱਚ ਆਉਣ ਦਾ ਡਰ

ਮਿਸੀਸਾਗਾ, 12 ਸਤੰਬਰ (ਪੋਸਟ ਬਿਊਰੋ) : ਪੀਲ ਪਬਲਿਕ ਹੈਲਥ ਦਾ ਕਹਿਣਾ ਹੈ ਕਿ ਪਿਛਲੇ ਹਫਤੇ ਮਿਸੀਸਾਗਾ ਦੇ ਬੈਂਕੁਏਟ ਹਾਲ ਵਿੱਚ ਇੱਕ ਵਿਆਹ ਸਮਾਰੋਹ ਵਿੱਚ ਹਿੱਸਾ ਲੈਣ ਵਾਲੇ ਮਹਿਮਾਨ ਕੋਵਿਡ-19 ਦੀ ਚਪੇਟ ਵਿੱਚ ਆਏ ਹੋ ਸਕਦੇ ਹਨ।

ਐਤਵਾਰ ਨੂੰ ਜਾਰੀ ਕੀਤੀ ਗਈ ਨਿਊਜ਼ ਰਲੀਜ਼ ਵਿੱਚ ਲੋਕਲ ਹੈਲਥ ਯੂਨਿਟ ਨੇ ਆਖਿਆ ਕਿ 5 ਸਤੰਬਰ ਨੂੰ ਕੈਪੀਟਲ ਬੈਂਕੁਏਟ ਸੈਂਟਰ ਵਿੱਚ ਵਿਆਹ ਸਮਾਰੋਹ ਵਿੱਚ ਹਿੱਸਾ ਲੈਣ ਗਏ ਲੋਕਾਂ ਨੂੰ ਆਪਣਾ ਕੋਵਿਡ-19 ਟੈਸਟ ਜ਼ਰੂਰ ਕਰਵਾਉਣਾ ਚਾਹੀਦਾ ਹੈ। ਇਹ ਬੇਨਤੀ ਇੱਥੇ ਆਊਟਬ੍ਰੇਕ ਹੋਣ ਕਾਰਨ ਕੀਤੀ ਜਾ ਰਹੀ ਹੈ।



ਇਹ ਵੀ ਆਖਿਆ ਗਿਆ ਕਿ ਟੈਸਟ ਦੇ ਨਤੀਜਿਆਂ ਦੀ ਉਡੀਕ ਕਰਦੇ ਸਮੇਂ ਰੈਜ਼ੀਡੈਂਟਸ ਨੂੰ ਖੁਦ ਨੂੰ ਆਈਸੋਲੇਟ ਵੀ ਕਰਨਾ ਚਾਹੀਦਾ ਹੈ। ਜਿਹੜੇ ਲੋਕ ਖੁਦ ਨੂੰ ਆਈਸੋਲੇਟ ਨਹੀਂ ਕਰ ਸਕਣਗੇ ਉਨ੍ਹਾਂ ਨੂੰ ਕਲਾਸ ਆਰਡਰ ਦੀ ਧਾਰਾ 22 ਤਹਿਤ ਜੁਰਮਾਨਾ ਵੀ ਹੋ ਸਕਦਾ ਹੈ। ਪੀਲ ਪਬਲਿਕ ਹੈਲਥ ਵੱਲੋਂ ਇਸ ਵਿਆਹ ਸਮਾਰੋਹ ਵਿੱਚ ਹਿੱਸਾ ਲੈਣ ਵਾਲੇ ਮਹਿਮਾਨਾਂ ਦੀ ਗਿਣਤੀ ਜਾਰੀ ਨਹੀਂ ਕੀਤੀ ਗਈ ਤੇ ਨਾ ਹੀ ਇਹ ਖੁਲਾਸਾ ਕੀਤਾ ਗਿਆ ਕਿ ਇੱਥੇ ਕਿੰਨੇ ਮਾਮਲੇ ਸਾਹਮਣੇ ਆਏ ਹਨ।

## ਕੈਨੇਡੀਅਨ ਹਸਪਤਾਲਾਂ ਦੇ ਬਾਹਰ ਯੋਜਨਾਬੱਧ ਮੁਜ਼ਾਹਰਿਆਂ ਦੀ ਫੋਰਡ ਤੇ ਟੋਰੀ ਨੇ ਕੀਤੀ ਨਿਖੇਧੀ

ਓਨਟਾਰੀਓ, 12 ਸਤੰਬਰ (ਪੋਸਟ ਬਿਊਰੋ) : ਓਨਟਾਰੀਓ ਦੇ ਪ੍ਰੀਮੀਅਰ ਡੱਗ ਫੋਰਡ ਨੇ ਹਸਪਤਾਲਾਂ ਦੇ ਬਾਹਰ ਵਿਰੋਧ ਕਰ ਰਹੇ ਮੁਜ਼ਾਹਰਾਕਾਰੀਆਂ ਨੂੰ ਮਤਲਬੀ, ਕਾਇਰ ਤੇ ਲਾਪਰਵਾਹ ਦੱਸਿਆ ਤੇ ਆਖਿਆ ਕਿ ਅਜਿਹੇ ਲੋਕਾਂ ਨੂੰ ਰੋਕਣ ਲਈ ਉਹ ਕੋਈ ਕਸਰ ਬਾਕੀ ਨਹੀਂ ਛੱਡਣਗੇ।

ਇੱਕ ਟਵੀਟ ਉੱਤੇ ਉਨ੍ਹਾਂ ਆਖਿਆ ਕਿ ਮਹਾਂਮਾਰੀ ਦੌਰਾਨ ਸਾਨੂੰ ਸਾਰਿਆਂ ਨੂੰ ਸੁਰੱਖਿਅਤ ਰੱਖਣ ਲਈ ਸਾਡੇ ਹੈਲਥ ਕੇਅਰ ਵਰਕਰਜ਼ ਨੇ ਕਿੰਨੇ ਬਲੀਦਾਨ ਦਿੱਤੇ ਹਨ। ਉਨ੍ਹਾਂ ਸਾਹਮਣੇ ਇਸ ਤਰ੍ਹਾਂ ਦਾ ਵਿਵਹਾਰ ਨਹੀਂ ਹੋਣਾ ਚਾਹੀਦਾ। ਸਾਡੇ ਹੈਲਥ ਕੇਅਰ ਵਰਕਰਜ਼ ਨੂੰ ਇੱਕਲਿਆਂ ਛੱਡ ਦਿਓ। ਇਸ ਦੌਰਾਨ ਟੋਰਾਂਟੋ ਦੇ ਮੇਅਰ ਜੌਹਨ ਟੋਰੀ ਨੇ ਵੀ ਐਤਵਾਰ ਦੁਪਹਿਰ ਨੂੰ ਟਵੀਟ ਕਰਕੇ ਮੁਜ਼ਾਹਰਾਕਾਰੀਆਂ ਦੀ ਨਿਖੇਧੀ ਕੀਤੀ।




ਉਨ੍ਹਾਂ ਆਖਿਆ ਕਿ ਆਪਣੀ ਸਿਟੀ ਨੂੰ ਰੀਓਪਨ ਕਰਨ ਲਈ ਜਾਂ ਮਹਾਂਮਾਰੀ ਨੂੰ ਖ਼ਤਮ ਕਰਨ ਲਈ ਜੋ ਕੁੱਝ ਸਾਡੇ ਵੱਲੋਂ ਕੀਤਾ ਗਿਆ ਹੈ, ਇਸ ਤਰ੍ਹਾਂ ਦੇ ਮੁਜ਼ਾਹਰੇ ਕਰਕੇ ਉਸ ਨੂੰ ਖਰਾਬ ਕਰਨ ਦੀ ਕੋਸ਼ਿਸ਼ ਨਹੀਂ ਕੀਤੀ ਜਾਣੀ ਚਾਹੀਦੀ। ਉਨ੍ਹਾਂ ਆਖਿਆ ਕਿ ਜਿਨ੍ਹਾਂ ਬੇਕਸੂਰ ਲੋਕਾਂ ਨੂੰ ਮੈਡੀਕਲ ਕੇਅਰ ਚਾਹੀਦੀ ਹੈ ਉਨ੍ਹਾਂ ਦੀਆਂ ਜਾਨਾਂ ਬਚਾਉਣ ਅਤੇ ਸਾਡੇ ਹੈਲਥਕੇਅਰ ਹੀਰੋਜ਼ ਲਈ ਸਾਨੂੰ ਜੋ ਕੁੱਝ ਵੀ ਕਰਨਾ ਹੋਵੇਗਾ ਅਸੀਂ ਕਰਾਂਗੇ। ਇਸ ਲਈ ਪੁਲਿਸ ਵੱਲੋਂ ਜੋ ਵੀ ਕਾਰਵਾਈ ਕੀਤੀ ਜਾਵੇਗੀ ਉਹ ਉਸ ਦੀ ਹਮਾਇਤ ਕਰਨਗੇ।

ਟੋਰਾਂਟੋ ਪੁਲਿਸ ਸਰਵਿਸ ਦੇ ਤਰਜ਼ਮਾਨ ਨੇ ਆਖਿਆ ਕਿ ਕੱਲ੍ਹ ਹੋਣ ਵਾਲੇ ਯੋਜਨਾਬੱਧ ਮੁਜ਼ਾਹਰੇ ਤੋਂ ਉਹ ਜਾਣੂ ਹਨ। ਕਾਂਸਟੇਬਨ ਐਲੈਕਸ ਲੀ ਨੇ ਆਖਿਆ ਕਿ ਅਸੀਂ ਹਾਲਾਤ ਦਾ ਬਾਰੀਕੀ ਨਾਲ ਮੁਆਇਨਾ ਕਰਾਂਗੇ ਤੇ ਜਿੱਥੇ ਲੋੜ ਪਈ ਪੁਲਿਸ ਕਾਰਵਾਈ ਕਰੇਗੀ।

## ਚੋਣ ਵਾਅਦਿਆਂ ਦਾ ਦੱਬ ਕੇ ਪ੍ਰਚਾਰ ਕਰਨ ਵਿੱਚ ਰੁੱਝੇ ਹੋਏ ਹਨ ਆਗੂ

ਓਟਵਾ, 12 ਸਤੰਬਰ (ਪੋਸਟ ਬਿਊਰੋ) : ਲਿਬਰਲ ਆਗੂ ਜਸਟਿਨ ਟਰੂਡੋ ਵੱਲੋਂ ਐਨਡੀਪੀ ਉੱਤੇ ਨਿਸ਼ਾਨਾਂ ਸਾਧਦਿਆਂ ਆਖਿਆ ਗਿਆ ਕਿ ਪਾਰਟੀ ਨਵੀਂ ਆਮਦਨ ਦੇ ਰੂਪ ਵਿੱਚ ਕਈ ਬਿਲੀਅਨ ਡਾਲਰ ਇੱਕਠੇ ਕਰਨ ਦੇ ਦਾਅਵੇ ਕਰ ਰਹੀ ਹੈ ਪਰ ਕੋਈ ਵੀ ਸਰਕਾਰ ਅਮੀਰਾਂ ਉੱਤੇ ਕਿੰਨਾਂ ਟੈਕਸ ਲਾ ਸਕਦੀ ਹੈ ਇਸ ਦੀ ਵੀ ਇੱਕ ਹੱਦ ਹੁੰਦੀ ਹੈ।



ਐਨਡੀਪੀ ਇਹ ਵਾਅਦੇ ਕਰ ਰਹੀ ਹੈ ਕਿ ਫਾਰਮਾਕੇਅਰ ਤੇ ਡੈਂਟਲ ਕੇਅਰ ਵਰਗੇ ਪ੍ਰੋਗਰਾਮ ਸਿਰਜ ਕੇ ਲੋਕਾਂ ਨੂੰ ਸਹੂਲਤ ਦੇਵੇਗੀ ਤੇ ਇਸ ਲਈ ਅਮੀਰਾਂ ਉੱਤੇ ਅਤੇ ਬੇਹੱਦ ਮੁਨਾਫਾ ਕਮਾਉਣ ਵਾਲੀਆਂ ਕਾਰਪੋਰੇਸ਼ਨਜ਼ ਉੱਤੇ ਟੈਕਸ ਲਾ ਕੇ ਇਸ ਦਾ ਖਰਚਾ ਕੱਢੇਗੀ।

...ਬਾਕੀ ਪੰਨਾ 5 'ਤੇ

Best Insurance Rates
*Life *Auto *Home *Business
ਕਾਰ ਅਤੇ ਘਰ ਦੀ ਇੰਸ਼ੋਰੈਂਸ ਲਈ ਘੱਟ ਰੇਟ
Discounts upto 35% on Auto & Home
Dir: 647-400-2949
Amanpreet S. Batth R.I.B.O
Aaxel Insurance Brokers Ltd.
1550 South Gateway Rd. Suite 220 Mississauga, ON L4W 5G6

NOW HIRING !!!
ALLKIND INSURANCE
•Life Insurance •Super Visa Insurance
•Critical illness Ins •Mortgage Insurance
•Travel & Visitor Ins •Disability Insurance
•RESP & TFSA & RRSP •Funeral Insurance
SIMRAN SAINI
416.994.7272
www.allkindinsurance.com

INSURANCE
Home / Auto
Business / Trucking
Life Insurance / Commercial
647-206-2452
Sukhwinder K Singh
CONNEX 7050A Bramalea Rd, Unit # 13, Mississauga, ON L5S 1T1

AUTO & HOME INSURANCE
Super visa Insurance
Life & Disability
Critical illness
RESP
Visitor & Travel insurance
(416-845-1352)
Manwinder Mangat Broker
Aaxel InsuranceBrokers Ltd. 1332 Khalsa Dr, Unit # 11, Mississauga, ON L5S 0A2

PEST PROBLEM ?
Residential & Commercial
100% Customer Satisfaction
All Pest Control
MICE, COCKROACH, BEDBUG & ALL COMMON BUGS
AFFORDABLE & RELIABLE
647.990.3205
KSG Pest Control Inc.
Residential, Commercial
www.ksgpestcontrol.ca
ksgpestcontrol@gmail.com
Amarjeet Singh Gill Certified & Licenced Exterminator

Law Office of Aman Sharma
- Real Estate - Commercial Lease
- Business Purchase & Sale
- Notarizations & Affidavits
- Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6
Brampton, ON, L6P 3W4
Aman Sharma
Open Saturday
Providing excellent quality legal services to our clients

KELLEY LAW OFFICE
Immigration / Real Estate
Family Law / Business Closing
Corporate / Wills & Estate
Power of Attorney/Affidavit /Attestations
www.kelleylawoffice.ca | info@kelleylawoffice.ca
ਇੱਥੇ ਹਰ ਤਰ੍ਹਾਂ ਦੇ ਇਮੀਗਰੇਸ਼ਨ, ਰੀਅਲ ਅਸਟੇਟ, ਬਿਜਨਸ ਲਾਅ, ਕੋਰਪੋਰੇਟ, ਫੈਮਲੀ ਲਾਅ, ਵਸੀਅਤਨਾਮੇ, ਪਾਵਰ ਆਫ ਅਟੋਰਨੀ, ਰਾਹਦਾਰੀ ਅਤੇ ਹੋਰ ਕਾਨੂੰਨੀ ਸਲਾਹ ਮਸ਼ਵਰੇ ਲਈ ਫੋਨ ਕਰੋ!
1200 Derry Road E, #15, Mississauga, ON L5T 0B3
Shinder Kelley Barrister, Solicitor & Notary Public
905-362-0755

MANN LAW FIRM
• Real Estate Law • Business Law
• Wills & Estates • Family Law
• Power of Attorney • Civil Litigation
• Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

ਨੈਨੀ ਦੀ ਲੋੜ
ਬਰੈਂਪਟਨ ਵਿਚ ਘਰ ਦਾ ਕੰਮ ਕਰਨ ਲਈ ਨੈਨੀ ਦੀ ਲੋੜ ਹੈ। ਕੰਮ ਸੋਮਵਾਰ ਤੋਂ ਸ਼ੁੱਕਰਵਾਰ ਤੱਕ ਫੁੱਲ ਟਾਈਮ ਹੋਵੇਗਾ। ਪਾਰਟ ਟਾਈਮ ਕੰਮ ਦੇ ਚਾਹਵਾਨ ਵੀ ਕਾਲ ਕਰ ਸਕਦੇ ਹਨ।
ਸੰਪਰਕ :
416-556-6884

Dubai Jewellers
Gift Prize with Every Purchase
* Repair at no extra cost
* Appraisal Certificate
* Buy, Sell, Trade
Tuesday to Sunday (12-8) (Monday Closed)
ਨਵੇਂ ਬਣੇ ਪਲਾਜ਼ਾ ਦੇ ਵਿਚ
Raj & Gulshan
Mob: 416-465-1200
2700 Northpark Drive Unit #19, Brampton Ontario L6S 0E9
North Park & Airport Major Intersection
www.dubaijewellers.ca
info@dubaijewellers.ca

SUPER VISA INSURANCE EXPERTS
Punjab Insurance Inc
Super Visa Monthly plans available
7003 Steeles Ave. W, Unit 10 Etobicoke, ON, M9W 0A2
gill@punjabinsurance.ca
416-724-5000
RANJIT GILL Insurance Advisor
Disability Insurance
Mortgage Insurance
Life Insurance
Visitor Insurance
Travel Insurance
RESP(Education Plan)
Critical Illness Insurance

HELPING YOU PLAN TODAY...FOR TOMORROW
• Supervisa / Visitor Insurance
• Life /Mortgage/Funeral Insurance
• Disability Insurance
• Critical Illness Insurance
• RESP /RRSP
www.ufsinsurance.com
JATINDERBIR S BAJWA Insurance Broker
Dir: 647-928-4990
# 25-831 Bovarid Dr. W. Brampton, ON L6X0T9 | www.ufsinsurance.com

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
• ਪਾਵਰ ਆਫ ਸੇਲ ਨੋਟਿਸ ?
• ਗਾਰਨਿਸ਼ਮੈਂਟ?
• ਬੈਂਕ ਵਲੋਂ ਪੈਸੇ ਦੀ ਮੰਗ ?
• ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ, ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
ਕਰਜ਼ੇ ਦੀ ਸਿਰਦਰਦੀ ?
Late Evening and Weekends Appointments Available
1888 864 3131
Jasbir Singh Hundal Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
Cell: 416-841-4218 Tel: 905-216-5563
Avon Financial Inc. Advice you can bank on.
Brokerage Lic. 12538
Harpreet Singh Goraya
Principal Broker (Lic # M12000607)
831 Bovaird Dr. West, Unit 25, Brampton, ON L6X 0T9 Fax : 905-216-0392

PROTECT YOUR HOME FROM PESTS
Pest Control
100% Success rate for bed bug Treatment
Low Rates/Excellent Pest Control Services
Free Home Inspection Call Today
Ranjit Sidhu Certified & Licenced Exterminator
BED BUG MATTRESS COVER ALSO AVAILABLE
A-Z Pest Control Inc.
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

ਵਰਕਰਾਂ ਦੀ ਲੋੜ
ਘਾਹ ਕੱਟਣ ਲਈ ਅਤੇ ਕੰਸਟ੍ਰਕਸ਼ਨ ਦੇ ਫੁੱਲ ਟਾਈਮ ਕੰਮ ਲਈ ਜਨਰਲ ਲੇਬਰ ਦੀ ਲੋੜ ਹੈ। ਕੰਮ ਉਤੇ ਲੈ ਕੇ ਆਉਣ ਅਤੇ ਲਿਜਾਣ ਦੀ ਸੁਵਿਧਾ। ਬਿਨੈਕਾਰ ਸਰੀਰਕ ਤੌਰ ਉਤੇ ਫਿਟ ਅਤੇ 50 ਐਲ.ਬੀ.ਐਸ. ਵਜ਼ਨ ਚੁੱਕਣ ਦੇ ਯੋਗ ਹੋਣਾ ਚਾਹੀਦਾ ਹੈ।
ਸੰਪਰਕ ਅਮਿਤ: 647-784-1213

ਨਵਾਂ ਘਾਹ ਲਵਾਉ | 647-784-1213
www.aaalandscaping.ca
1. ਪੁਰਾਣਾ ਘਾਹ ਹਟਾਉ ਅਤੇ ਨਵਾਂ ਲਵਾਉ
2. ਏਰੀਆ ਨੂੰ ਲੇਵਲ ਕਰਨਾ ਅਤੇ ਮਿੱਟੀ ਰਲਾਉਣੀ
3. ਨਵਾਂ ਘਾਹ ਲਵਾਉ
4. ਆਪਣੇ ਨਵੇਂ ਅਤੇ ਸੋਹਣੇ ਘਾਹ ਨੂੰ ਦੇਖੋ

CN Forklift Training Center
Counterbalance All Types / Walkie pallet Low Lift / Electric Motor Narrow Aisle Reach / Cherry Order Picker
License $69 Toll Free: 1 855 230 0001
7033 Telford Way, Unit #4, Mississauga, ON L5S 1V4
When You Need Re certified License & Training First Call to us
Cell: 416 726 6206 Tel: 905 405 0001
NC Dhawan Certified Instructor

REXDALE BODY SHOP
USED CAR SALE
Specialization In:
★ All Kinds of Body Work
★ Auto Glass Windshield
★ Denting, Painting & Welding
SPECIAL PAINT JOB $779
RENTAL CAR PROVIDED
ਅਸੀਂ ਸਾਰੇ ਇੰਸ਼ੋਰੈਂਸ ਕੰਪਨੀ ਨੂੰ ਕਵਰ ਕਰਦੇ ਹਾਂ
25 years of Canadian Experience
OPEN MON - SAT 9AM TO 7PM
CHEEMA
LOWEST PRICE IN TOWN
Call Rick or Manminder Cheema: 416.749.9596 /416.951.6431
Towing Service Car Paint Starts $799*upto 100% Deductible Paid*
30 Racine Rd. Toronto, ON, M9W 2Z3, FAX: 416.749.9597
www.AAABODYSHOP.ca
mcheemaaaa@hotmail.com

Royal Pest Control
Residential Commercial Industrial
Specialist in Bedbugs Service
All Pest Control :
•Mouse & Rats •Spiders & Fleas •Bedbugs •Wasps
•Cockroaches •Carpenter Ants •Silver Fish •Racoons
Call : PARESH PATEL
416 938 4598


NOW
HIRING
U.S. CROSS BORDER
SINGLES & TEAMS
AND CANADIAN TEAMS
US Singles $0.64/mile
US Teams $0.66/mile
Canadian teams $0.62/mile
LIGHT SPEED Logistics Inc.
OUR FAMILY WELCOMES YOU
U.S. Singles – Dedicated Truck
Desirable Lanes to the U.S.
U.S. Teams – New Dedicated Truck
Canadian Teams – New Dedicated Truck
Comprehensive Company Benefits
Flexible Work Schedule
LIGHT SPEED HAS YOU COVERED
Steve Hunt O 905.696.0700 x7224 C 905.229.9011 E shunt@lslinc.com
6015 Kestrel Road, Mississauga, ONTARIO L5T 1S8
www.lslinc.com


chatr™
AUTHORIZED DEALER
VISIT US AT:
1 PROMENADE CIRCLE
THORNHILL, ON
NEAR ENTRANCE #3
GRAND OPENING EVENT!
SUNDAY, AUGUST 29TH
GET UP TO
50% OFF FIRST MONTH*
+
PHONE SPECIALS & GIVEAWAYS
*Offer subject to change without notice. Available only at the participating location(s) from August 3rd – August 29th, 2021. Only applicable to new activations with the sign-up of pre-authorized payments with Auto-pay. ™ Trademarks used under license ©2021

# ਨਵਜੋਤ ਸਿੰਘ ਸਿੱਧੂ ਵੱਲੋਂ ਕੈਪਟਨ ਅਮਰਿੰਦਰ ਸਿੰਘ ਨੂੰ ਪਹਿਲੀ ਵਾਰ ਸੁਖਾਵੀਂਆਂ ਸਲਾਹਾਂ

*** ਸਰਕਾਰ ਦੇ ਕੀਤੇ ਕੰਮਾਂ ਨੂੰ ਵੀ ਚਿੱਠੀ ਵਿੱਚ ਸਲਾਹਿਆ**



ਚੰਡੀਗੜ੍ਹ, 12 ਸਤੰਬਰ, (ਪੋਸਟ ਬਿਊਰੋ)- ਪੰਜਾਬ ਕਾਂਗਰਸ ਦੇ ਪ੍ਰਧਾਨ ਨਵਜੋਤ ਸਿੰਘ ਸਿੱਧੂ ਨੇ ਆਪਣੀ ਹੀ ਪਾਰਟੀ ਦੇ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਨੂੰ ਪੱਤਰ ਲਿਖ ਕੇ ਮੰਗ ਕੀਤੀ ਹੈ ਕਿ ਕਿਸਾਨਾਂ ਦੀ ਆਮਦਨ ਵਧਾਉਣ ਦੇ ਲਈ ਪੰਜਾਬ ਸਰਕਾਰ ਨੂੰ ਆਪਣੀਆਂ ਕਾਰਪੋਰੇਸ਼ਨਾਂ ਰਾਹੀਂ ਤੇਲ-ਬੀਜ ਤੇ ਦਾਲਾਂ ਦੀਆਂ ਫ਼ਸਲਾਂ ਖ਼ਰੀਦਣੀਆਂ ਚਾਹੀਦੀਆਂ ਹਨ। ਇਹ ਪੱਤਰ ਸਿੱਧੂ ਨੇ 32 ਕਿਸਾਨ ਜੱਥੇਬੰਦੀਆਂ ਨਾਲ ਹੋਈ ਮੀਟਿੰਗ ਦੇ ਅਧਾਰ ਉੱਤੇ ਲਿਖਿਆ ਹੈ।


ਅੱਜ ਲਿਖੇ ਪੱਤਰ ਵਿਚ ਨਵਜੋਤ ਸਿੰਘ ਸਿੱਧੂ ਨੇ ਕਿਸਾਨ ਜੱਥੇਬੰਦੀਆਂ ਵੱਲੋਂ ਚੁੱਕੇ ਮੁੱਦਿਆਂ ਬਾਰੇ ਮੁੱਖ ਮੰਤਰੀ ਨੂੰ ਪਾਰਟੀ ਵੱਲੋਂ ਬਾਕਾਇਦਾ ਜਾਣਕਾਰੀ ਦੇ ਕੇ ਕਿਹਾ ਹੈ ਕਿ ਕਿਸਾਨ ਜੱਥੇਬੰਦੀਆਂ ਇਸ ਅੰਦੋਲਨ ਦੇ ਹਿੰਸਕ ਹੋਣ ਵੇਲੇ ਦੀਆਂ ਕੁਝ ਘਟਨਾਵਾਂ ਕਾਰਨ ਕਿਸਾਨ ਵਰਕਰਾਂ ਉੱਤੇ ਦਰਜ ਹੋਏ ਕੇਸ ਵਾਪਸ ਲੈਣ ਦੀ ਮੰਗ ਕਰਦੀਆਂ ਹਨ। ਉਨ੍ਹਾਂ ਕਿਹਾ ਕਿ'ਕਾਂਗਰਸ ਪਾਰਟੀ ਨੇ ਇਸ ਅੰਦੋਲਨ ਵਿਚ ਕਿਸਾਨਾਂ ਨੂੰ ਹਰ ਤਰ੍ਹਾਂ ਸਹਿਯੋਗ ਦਿੱਤਾ ਹੈ ਅਤੇ ਅਸੀਂ ਤਿੰਨ ਖੇਤੀ ਕਾਨੂੰਨਾਂ ਦੇ ਵਿਰੁੱਧ ਹਾਂ ਅਤੇ ਐੱਮ ਐੱਸ ਪੀ(ਫਸਲਾਂ ਦੀ ਘੱਟੋ-ਘੱਟ ਖਰੀਦ ਕੀਮਤ) ਦੀ ਗਰੰਟੀ ਮੰਗਦੇ ਕਿਸਾਨਾਂ ਦੀ ਫ਼ਸਲ ਐੱਮ ਐੱਸ ਪੀ ਉੱਤੇ ਖ਼ਰੀਦਣ ਨੂੰ ਪੰਜਾਬ ਸਰਕਾਰ ਨੇ ਯਕੀਨੀ ਵੀ ਬਣਾਇਆ ਹੈ।' ਉਨ੍ਹਾਂ ਕਿਹਾ ਕਿ ਇਸ ਅੰਦੋਲਨ ਵਿੱਚ ਕੁਝ ਹਿੰਸਕ ਘਟਨਾਵਾਂ ਹੋਣ ਕਾਰਨ ਕਿਸਾਨਾਂ ਵਿਰੁੱਧ ਕੇਸ ਦਰਜ ਹੋਏ ਸਨ, ਇਹ ਕੇਸ ਰੱਦ ਹੋਣੇ ਚਾਹੀਦੇ ਹਨ।

ਕਾਂਗਰਸ ਪ੍ਰਧਾਨ ਨਵਜੋਤ ਸਿੱਧੂ ਨੇ ਪੱਤਰ ਵਿਚ ਲਿਖਿਆ ਹੈ ਕਿ ਕੇਂਦਰ ਦੀ ਸਰਕਾਰ ਨੇ ਅੱਗੇ ਤੋਂ ਅਨਾਜ ਖ਼ਰੀਦ ਕਰਨ ਲਈ ਕਿਸਾਨਾਂ ਦੀ ਜ਼ਮੀਨ ਦੀਆਂ ਫ਼ਰਦਾਂ (ਮਾਲਕੀ ਜਾਂ ਖੇਤੀ ਦੇ ਰਿਕ-ਾਰਡ) ਦੀ ਮੰਗ ਕਰ ਦਿੱਤੀ ਹੈ ਤਾਂ ਜੋ ਉਨ੍ਹਾਂ ਦੇ ਮਾਲਕੀ ਹੱਕ ਦੀ ਨਿਸ਼ਾਨਦੇਹੀ ਹੋ ਸਕੇ, ਕਿਸਾਨ ਇਸ ਮੰਗ ਤੋਂ ਡਰੇ ਹੋਏ ਹਨ।ਸਿੱਧੂ ਨੇ ਲਿਖਿਆ ਹੈ ਕਿ ਉਸ ਦੀ ਸਮਝ ਹੈ ਕਿ ਇਹ ਮੰਗ ਨਾਜਾਇਜ਼ ਹੈ, ਕਿਉਂਕਿ ਪਟੇ ਉੱਤੇਲਈਆਂ ਜ਼ਮੀਨਾਂ ਤੇ ਮੁਸ਼ਤਰਕਾ ਖਾਤਾ ਹੋਣ ਕਾਰਨ ਸਮੁੱਚੀ ਜ਼ਮੀਨ ਦੀ ਸਪੱਸ਼ਟ ਮਾਲਕੀ ਨਾ ਹੋਣ ਕਾਰਨ ਕਈ ਦਹਾਕਿਆਂ ਤੋਂਪੰਜਾਬ ਦੇ ਕਈ ਹਿੱਸਿਆਂ ਵਿਚ ਜ਼ਮੀਨ ਦੀ ਵੰਡ ਨਹੀਂ ਹੋਈ ਤੇ ਕਈ ਜ਼ਮੀਨਾਂ ਦੇ ਮਾਲਕ ਵਿਦੇਸ਼ਾਂ ਵਿਚ ਹਨ। ਉਨ੍ਹਾਂ ਮੁਤਾਬਕ ਇਹ ਆੜ੍ਹਤੀਆਂ ਰਾਹੀਂ ਐੱਮ ਐੱਸ ਪੀ ਉੱਤੇ ਕਿਸਾਨਾਂ ਦੀ ਫ਼ਸਲ ਦੇ ਖ਼ਰੀਦ ਸਿਸਟਮ ਉੱਤੇਕੇਂਦਰ ਵੱਲੋਂ ਹਮਲਾ ਕੀਤਾ ਜਾ ਰਿਹਾ ਹੈ।

ਇਸ ਮੌਕੇ ਪੰਜਾਬ ਸਰਕਾਰ ਦੀ ਪਹਿਲੀ ਵਾਰ ਸਿਫਤ ਕਰਦਿਆਂ ਨਵਜੋਤ ਸਿੰਘ ਸਿੱਧੂ ਨੇ ਲਿਖਿਆ ਹੈ ਕਿ ਪੰਜਾਬ ਸਰਕਾਰ ਨੇ ਸਾਲ 2021-22 ਵਿਚ ਖੇਤੀ ਦਾ ਬਜਟ 10.09 ਫ਼ੀਸਦੀ ਰੱਖਿਆ ਹੈ ਅਤੇ ਇਨ੍ਹਾਂ ਵਿਚ 30 ਫ਼ੀਸਦੀ ਵਾਧਾ ਹੋਇਆ ਹੈ, ਜਦ ਕਿ ਹੋਰਨਾਂ ਰਾਜਾਂਦੇ ਬੱਜਟ ਦੇ ਮੁਕਾਬਲੇ ਇਹ 6.3 ਫ਼ੀਸਦੀ ਦਾ ਵਾਧਾ ਹੈ। ਉਨ੍ਹਾਂ ਲਿਖਿਆ ਹੈ ਕਿ ਸਾਨੂੰ ਕਿਸਾਨਾਂ ਲਈ ਕੁਝ ਹੋਰ ਵੀ ਕਰਨਾ ਚਾਹੀਦਾ ਹੈ। ਸਿੱਧੂ ਨੇ ਦੁਹਰਾਇਆਕਿ ਪੰਜਾਬ ਸਰਕਾਰ ਨੂੰ ਫ਼ਸਲੀ ਵਿਭਿੰਨਤਾਲਈ ਤੇਲ ਦੇ ਬੀਜਾਂ ਤੇ ਦਾਲਾਂ ਆਦਿ ਫ਼ਸਲਾਂ ਆਪਣੀ ਏਜੰਸੀ ਰਾਹੀਂ ਐੱਮ ਐੱਸ ਪੀਰੇਟ ਨਾਲ ਖ਼ਰੀਦਣੀਆਂ ਚਾਹੀਦੀਆਂ ਹਨਤੇ ਇਸ ਦੇ ਨਾਲ ਕਿਸਾਨਾਂ ਨੂੰ ਸਟੋਰ ਕਰਨ ਦੀ ਸਮਰਥਾਵੀ ਦਿੱਤੀ ਜਾਵੇ ਤੇ ਕੋਆਪਰੇ-ਟਿਵ ਸੋਸਾਈਟੀਜ਼ ਰਾਹੀਂਕਿਸਾਨਾਂ ਦੀ ਵਿੱਤੀ ਸਮਰਥਾ ਮਜ਼ਬੂਤ ਕਰ ਕੇ ਕਾਰ-ਪੋਰੇਟ ਉੱਤੇ ਨਿਰਭਰਤਾ ਤੋਂ ਬਿਨਾਂ ਵਪਾਰ ਵਧਾਇਆ ਜਾਵੇ।


UK TRUCK TRAINING CENTRE
ukttc
PCC #179958
Registered as a Private Careers College

ਹੁਣ ਕੈਮਬ੍ਰਿਜ ਵਿੱਚ ਨਵੀਂ ਲੋਕੇਸ਼ਨ ਖੁੱਲ ਗਈ ਹੈ!!!
225 Sheldon Dr #18, Cambridge



Automatic & Manual Trucks
1 on 1 Training

Air Brake Classes
Sat & Sun 8.00am to 4.00pm
Wed & Thu 4.00pm to 11.00pm
ਜਲਦੀ ਰੋਡ ਟੈਸਟ ਬੁਕਿੰਗ

Forklift Training




ਬਾਰ-ਬਾਰ ਫੇਲ੍ਹ ਹੋਣ ਤੋਂ ਬਚਣ ਲਈ ਤਜ਼ਰਬੇਕਾਰ ਇੰਸਟ੍ਰਕਟਰ ਤੋਂ ਟ੍ਰੇਨਿੰਗ ਪ੍ਰਾਪਤ ਕਰੋ।

We help in Written Test & in Finding Jobs

20 ਸਾਲਾਂ ਦਾ ਤਜ਼ਰਬਾ | 7 ਦਿਨ ਖੁੱਲਾ | ਗੇਅਰਾਂ ਵਾਲੇ ਟਰੱਕਾ ਦੀ ਸਪੈਸ਼ਲ ਟ੍ਰੇਨਿੰਗ

7542 Bath Rd, Mississauga, ON L4T 1L2, Off:905.673.7979 | OPEN 7 DAYS uktruck1@gmail.com | Jitpal Singh Deol 647-204-1936



# Great Invetsment Opportunity


## In The Region of Timminis,ON

### 8 ACRE OF lAND CAN BE SEVERD IN TWO LOTS OF 4 ACRE

### Apartment Building For Sale:

4 units 3 bedroom | 2 units 1 bedroom | 1 unit bachelor








For More Details Call: 416-970-5005/647-242-8667



Jas Toor
Sales Repersentative
Sutton
Sutton Group-Realty Experts
Brokerage*

Jagdish Grewal
Sales Repersentative
Century 21
President Realty Inc.
Brokerage*



## ਅੱਜ ਨਾਮਾ

ਸਾਊਦੀ ਅਰਬ-ਅਮਰੀਕਾ ਦੀ ਸਾਂਝ ਟੁੱਟੀ,
ਲਿਆ ਈ ਪਾਸਾ ਅਮਰੀਕਾ ਨੇ ਵੱਟ ਮੀਆਂ।
ਲੱਗਾ ਓਥੇ ਸੀ ਜਿਹੜਾ ਡਿਫੈਂਸ ਸਿਸਟਮ,
ਹਫਤੇ ਅੰਦਰ ਹੈ ਪੁੱਟ ਲਿਆ ਝੱਟ ਮੀਆਂ।
ਢੱਠਿਆਂ ਟਾਵਰਾਂ ਦੀ ਬਰਸੀ ਆਉਣ ਉੱਤੇ,
ਲਾਇਆ ਦੂਸ਼ਣ ਤਾਂ ਕੱਢੇ ਪਏ ਵੱਟ ਮੀਆਂ।
ਸਾਊਦੀ ਅਰਬ ਨੂੰ ਸੁੱਝਦਾ ਬੋਲ ਕੋਈ ਨਾ,
ਮਾਰ'ਤੀ ਡਾਢੀ ਅਮਰੀਕਾ ਨੇ ਸੱਟ ਮੀਆਂ।
ਅਫਗਾਨਿਸਤਾਨ ਦੇ ਅੰਦਰ ਜੋ ਕੁੱਟ ਖਾਧੀ,
ਉਹੀਓ ਕਰਦੀ ਅਮਰੀਕਾ ਨੂੰ ਤੰਗ ਮੀਆਂ।
ਤਾਲਿਬਾਨ ਦੀ ਜਿਹੜੇ ਸਨ ਮਦਦ ਕਰਦੇ,
ਲੱਗਿਆ ਮਾਰਨ ਉਹ ਮੋੜਵਾਂ ਡੰਗ ਮੀਆਂ।

**ਤੀਸ ਮਾਰ ਖਾਂ**

# ਕਾਂਗਰਸੀ ਵਿਧਾਇਕ ਦੇ ਬਗਾਵਤੀ ਬੋਲ: ਕੈਪਟਨ ਅਮਰਿੰਦਰ ਦੀ ਅਗਵਾਈ ਵਿੱਚ ਚੋਣ ਨਹੀਂ ਲੜਾਂਗਾ : ਧੀਮਾਨ

ਚੰਡੀਗੜ੍ਹ, 12 ਸਤੰਬਰ, (ਪੋਸਟ ਬਿਊਰੋ)- ਪੰਜਾਬ ਦੇ ਚਾਰ ਮੰਤਰੀਆਂ ਵੱਲੋਂਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਦੇ ਖ਼ਿਲਾਫ਼ ਬੇਭਰੋਸਗੀ ਪ੍ਰਗਟਾਉਣ ਪਿੱਛੋਂ ਅਮਰਗੜ੍ਹ ਹਲਕੇ ਤੋਂ ਕਾਂਗਰਸੀ ਵਿਧਾਇਕ ਸੁਰਜੀਤ ਸਿੰਘ ਧੀਮਾਨ ਨੇ ਬਗ਼ਾਵਤੀ ਸੁਰ ਚੁੱਕ ਲਈ ਤੇ ਕਿਹਾ ਹੈ ਕਿ ਜੇ 2022 ਦੀਆਂ ਚੋਣਾਂ ਕੈਪਟਨ ਅਮਰਿੰਦਰ ਸਿੰਘ ਦੀ ਅਗਵਾਈ ਵਿਚ ਲੜਨੀਆਂ ਹਨ ਤਾਂ ਉਹ ਇਹ ਚੋਣਨਹੀਂ ਲੜਨਗੇ।ਧੀਮਾਨ ਨੇ ਅਗਲੀਆਂ ਵਿਧਾਨ ਸਭਾ ਚੋਣਾਂ ਵਿਚ ਕਾਂਗਰਸ ਪਾਰਟੀ ਦੇ ਪੰਜਾਬ ਪ੍ਰਧਾਨ ਨਵਜੋਤ ਸਿੰਘ ਸਿੱਧੂ ਨੂੰ ਮੁੱਖ ਮੰਤਰੀ ਅਹੁਦੇ ਦਾ ਚਿਹਰਾ ਬਣਾਉਣ ਦੀ ਮੰਗ ਵੀ ਕਰ ਦਿੱਤੀ ਹੈ।

ਵਰਨਣ ਯੋਗ ਹੈ ਕਿ ਸੁਰਜੀਤ ਸਿੰਘ ਧੀਮਾਨ ਨੇਨਵਜੋਤ ਸਿੰਘ ਸਿੱਧੂ ਦਾ ਸਮਰਥਨਪਹਿਲੀ ਵਾਰ ਨਹੀਂ ਕੀਤਾ, ਉਹ ਹਮੇਸ਼ਾ ਤੋਂ ਨਵਜੋਤ ਸਿੰਘ ਸਿੱਧੂ ਦੇ ਹੱਕ ਵਿਚ ਰਹੇ ਹਨ।ਅੱਜ ਉਨ੍ਹਾ ਨੇ ਕਿਹਾ ਕਿ ਕੈਪਟਨ ਅਮਰਿੰਦਰ ਸਿੰਘ ਸਾਡੇਮੁੱਖ ਮੰਤਰੀ ਹਨ, ਪਰ ਮੈਂ 2022 ਵਿੱਚਕੈਪਟਨ ਦੀ ਅਗਵਾਈ ਵਿੱਚ ਚੋਣ ਨਹੀਂ ਲੜਾਂਗਾ।ਧੀਮਾਨ ਨੇ ਇਸਦਾ ਕਾਰਨ ਨਹੀਂ ਦੱਸਿਆ, ਸਿਰਫ ਇੰਨਾ ਕਿਹਾ ਕਿ ਇਹ ਉਨ੍ਹਾਂ ਦਾ ਨਿੱਜੀ ਫ਼ੈਸਲਾ ਹੈ।



ਜੁਲਾਈ 2017 ਵਿੱਚ ਵੀਸੁਰਜੀਤ ਸਿੰਘ ਧੀਮਾਨ ਨੇ ਇਕ ਸਮਾਗਮ ਵਿੱਚ ਇਹ ਕਹਿ ਕੇ ਕੈਪਟਨ ਅਮਰਿੰਦਰ ਸਿੰਘ ਦੀਆਂ ਮੁਸ਼ਕਲਾਂ ਵਧਾ ਦਿੱਤੀਆਂ ਸਨ ਕਿ ਨਸ਼ੀਲੇ ਪਦਾਰਥਾਂ ਦੀ ਸਪਲਾਈ ਹਾਲੇ ਤੱਕ ਵੀ ਓਦਾਂ ਹੀ ਜਾਰੀ ਹੈ, ਜਿਵੇਂ ਅਕਾਲੀ-ਭਾਜਪਾ ਸਰਕਾਰ ਵੇਲੇ ਹੁੰਦੀ ਰਹੀ ਸੀ। ਇਹ ਉਹ ਸਮਾਂ ਸੀ, ਜਦੋਂ ਮੁੱਖ ਮੰਤਰੀ ਅਮਰਿੰਦਰ ਸਿੰਘ ਨੇ ਨਸ਼ਿਆਂ ਦਾ ਧੰਦਾਰੋਕਣ ਵਾਸਤੇ ਐੱਸਆਈਟੀ (ਵਿਸ਼ੇਸ਼ ਜਾਂਚ ਟੀਮ) ਬਣਾ ਕੇ ਸੀਨੀਅਰ ਪੁਲਸ ਅਫਸਰ ਹਰਪ੍ਰੀਤ ਸਿੰਘ ਸਿੱਧੂ ਨੂੰ ਇਸ ਦੀ ਕਮਾਨ ਸੌਂਪੀ ਸੀ। ਓਦੋਂ ਧੀਮਾਨ ਦੇ ਇਸ ਬਿਆਨ ਨਾਲ ਸਰਕਾਰ ਦੀ ਬਹੁਤ ਭੰਡੀ ਹੋਈ ਸੀ।

ਸੁਰਜੀਤ ਸਿੰਘ ਧੀਮਾਨ ਤੋਂ ਪਹਿਲਾਂ ਪਿਛਲੇ ਮਹੀਨੇਪੰਜਾਬ ਦੇ ਚਾਰ ਮੰਤਰੀਆਂ ਤ੍ਰਿਪਤ ਰਜਿੰਦਰ ਸਿੰਘ ਬਾਜਵਾ, ਸੁਖਬਿੰਦਰ ਸਿੰਘ ਸਰਕਾਰੀਆ, ਸੁਖਜਿੰਦਰ ਸਿੰਘ ਰੰਧਾਵਾ, ਚਰਨਜੀਤ ਸਿੰਘ ਚੰਨੀ ਅਤੇ ਵਿਧਾਇਕ ਪ੍ਰਗਟ ਸਿੰਘ ਨੇ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਦੇ ਖ਼ਿਲਾਫ਼ ਬੇਭਰੋਸਗੀ ਪ੍ਰਗਟਾਈ ਤੇ ਪਾਰਟੀ ਹਾਈਕਮਾਨ ਤੋਂ ਮੁੱਖ ਮੰਤਰੀ ਬਦਲਣ ਦੀ ਮੰਗ ਕੀਤੀ ਸੀ, ਪਰ ਹਾਈਕਮਾਨ ਨੇ ਇਹ ਮੰਗ ਨਹੀਂ ਮੰਨੀ ਤੇ ਬਗ਼ਾਵਤ ਰੋਕਣ ਲਈ ਪੰਜਾਬਪਾਰਟੀ ਦੇਇੰਚਾਰਜ ਹਰੀਸ਼ ਰਾਵਤ ਨੂੰ ਪੰਜਾਬ ਡੇਰਾ ਲਾਉਣਾ ਪਿਆ ਸੀ।ਉਸ ਦਖ਼ਲ ਪਿੱਛੋਂਮੁੱਖ ਮੰਤਰੀ ਦੇ ਖ਼ਿਲਾਫ਼ ਬਗ਼ਾਵਤ ਦਾ ਮੁੱਦਾ ਠੰਢਾ ਪੈ ਗਿਆ ਸੀ, ਪਰ ਸੁਰਜੀਤ ਸਿੰਘ ਧੀਮਾਨ ਦੇ ਤਾਜ਼ਾ ਬਿਆਨ ਨਾਲ ਫਿਰ ਪਾਰਟੀ ਵਿੱਚ ਬਗ਼ਾਵਤ ਹਵਾ ਮਿਲ ਸਕਦੀ ਹੈ। ਧੀਮਾਨ ਨੇ ਕਿਹਾ ਕਿਨਵਜੋਤ ਸਿੰਘ ਸਿੱਧੂ ਨੂੰ ਮੁੱਖ ਮੰਤਰੀ ਅਹੁਦੇ ਲਈ ਚਿਹਰਾ ਬਣਾਉਣਾ ਚਾਹੀਦਾ ਹੈ। ਉਨ੍ਹਾਂ ਇਹ ਵੀ ਕਿਹਾ ਕਿ ਇਹ ਉਨ੍ਹਾਂ ਦੇ ਨਿੱਜੀ ਵਿਚਾਰ ਹਨ।

ਇਸ ਤੋਂ ਪਹਿਲਾਂ ਜਦੋਂ ਪੰਜਾਬ ਕਾਂਗਰਸ ਦੇ ਪ੍ਰਧਾਨ ਪ੍ਰਤਾਪ ਸਿੰਘ ਬਾਜਵਾ ਸਨ, ਉਦੋਂ ਵੀ ਸੁਰਜੀਤ ਸਿੰਘ ਧੀਮਾਨ ਨੇ ਕਹਿ ਦਿੱਤਾ ਸੀ ਕਿ ਜੇ ਬਾਜਵਾ ਦੀ ਅਗਵਾਈ ਵਿੱਚ ਸਾਲ 2017 ਵਿੱਚ ਚੋਣਾਂ ਲੜੀਆਂ ਤਾਂ ਉਹ ਚੋਣ ਨਹੀਂ ਲੜਨਗੇ।ਉਸ ਪਿੱਛੋਂ 2017ਵਾਲੀ ਵਿਧਾਨ ਸਭਾ ਚੋਣ ਕੈਪਟਨ ਅਮਰਿੰਦਰ ਸਿੰਘ ਦੀ ਅਗਵਾਈ ਵਿੱਚ ਲੜੀ ਗਈ ਸੀ।

## ਮੇਨਕਾ ਗਾਂਧੀ ਦੇ ਐੱਮ ਪੀ ਪੁੱਤਰ ਵੱਲੋਂ ਕਿਸਾਨਾਂ ਦੇ ਹੱਕ ਵਾਸਤੇ ਯੋਗੀ ਆਦਿੱਤਿਆਨਾਥ ਨੂੰ ਪੱਤਰ

ਨਵੀਂ ਦਿੱਲੀ, 12 ਸਤੰਬਰ, (ਪੋਸਟ ਬਿਊਰੋ)- ਕਿਸਾਨਾਂ ਦੀਆਂ ਮੰਗਾਂ ਮੰਨਣ ਲਈ ਭਾਜਪਾ ਦੇ ਪਾਰਲੀਮੈਂਟ ਮੈਂਬਰ ਅਤੇ ਇਸ ਪਾਰਟੀ ਦੀ ਸਾਬਕਾ ਕੇਂਦਰੀ ਮੰਤਰੀ ਮੇਨਕਾ ਗਾਂਧੀ ਦੇ ਪੁੱਤਰ ਵਰੁਣ ਗਾਂਧੀ ਨੇ ਉੱਤਰ ਪ੍ਰਦੇਸ਼ ਦੇ ਮੁੱਖ ਮੰਤਰੀ ਯੋਗੀ ਆਦਿੱਤਿਆਨਾਥ ਨੂੰ ਚਿੱਠੀ ਲਿਖ ਕੇ ਗੰਨੇ ਦੀਆਂ ਕੀਮਤਾਂਵਧਾਉਣ, ਕਣਕ ਤੇ ਝੋਨੇ ਦੀ ਸਰਕਾਰੀ ਖਰੀਦਦਾ ਬੋਨਸ ਦੇਣ, ਪ੍ਰਧਾਨ ਮੰਤਰੀ ਕਿਸਾਨ ਯੋਜਨਾ ਦੀ ਰਾਸ਼ੀ ਦੁੱਗਣੀ ਕਰਨ ਤੇ ਡੀਜ਼ਲ ਉੱਤੇ ਸਬਸਿਡੀ ਦੀ ਮੰਗ ਕੀਤੀ ਹੈ। ਵਰੁਣ ਗਾਂਧੀ ਨੇ ਅੰਦੋਲਨ ਕਰਦੇ ਕਿਸਾਨਾਂ ਨਾਲ ਮੁੜ ਕੇ ਗੱਲਬਾਤ ਸ਼ੁਰੂ ਕਰਨ ਦਾ ਵੀ ਸਮਰਥਨ ਕੀਤਾ ਹੈ।

ਯੋਗੀ ਆਦਿੱਤਿਆਨਾਥਨੂੰ ਲਿਖੀ ਦੋ ਪੰਨਿਆਂ ਦੀ ਚਿੱਠੀ ਵਿੱਚ ਵਰੁਣ ਗਾਂਧੀ ਨੇ ਕਿਸਾਨਾਂ ਦੀਆਂ ਸਮੱਸਿਆਵਾਂਅਤੇ ਉਨ੍ਹਾਂ ਦੀਆਂ ਮੰਗਾਂ ਦਾ ਜ਼ਿਕਰ ਕਰਨ ਦੇ ਨਾਲ ਸਮੱਸਿਆਵਾਂ ਦੇ ਹੱਲ ਲਈ ਕੁਝ ਸੁਝਾਅ ਵੀ ਦਿੱਤੇ ਹਨ।ਉਨ੍ਹਾ ਨੇ ਕਿਸਾਨਾਂ ਦੀਆਂ ਸਮੱਸਿਆਵਾਂਬਾਰੇ ਯੋਗੀ ਆਦਿੱਤਿਆਨਾਥ ਨੂੰ ਲਿਖੀ ਚਿੱਠੀ ਦੀ ਕਾਪੀ ਟਵਿੱਟਰ ਉੱਤੇਸ਼ੇਅਰ ਕੀਤੀ ਅਤੇ ਲਿਖਿਆ ਹੈ ਕਿ ਕਿਸਾਨਾਂ ਦੀਆਂ ਬੁਨਿਆਦੀ ਸਮੱਸਿਆਵਾਂ ਵੱਲ ਧਿਆਨ ਖਿੱਚਦੀ ਮੇਰੀ ਚਿੱਠੀਮੁੱਖ ਮੰਤਰੀ ਯੋਗੀ ਆਦਿੱਤਿਆਨਾਥ ਜੀ ਦੇ ਨਾਮ, ਆਸ ਹੈ ਕਿ ਕਿਸਾਨਾਂ ਦੀ ਗੱਲ ਜ਼ਰੂਰ ਸੁਣੀ ਜਾਵੇਗੀ। ਇਸ ਚਿੱਠੀ ਵਿਚ ਵਰੁਣ ਗਾਂਧੀ ਨੇ ਗੰਨੇ ਦੀ ਕੀਮਤ ਚਾਰ ਸੌ ਰੁਪਏ ਕੁਇੰਟਲ



ਕਰਨ ਦਾ ਸੁਝਾਅ ਦਿੱਤਾ ਹੈ, ਜਦਕਿ ਉੱਤਰ ਪ੍ਰਦੇਸ਼ ਵਿੱਚ ਇਸ ਦੀ ਕੀਮਤ ਅਜੇ 315 ਰੁਪਏ ਕੁਇੰਟਲ ਹੈ। ਵਰੁਣ ਗਾਂਧੀ ਨੇ ਕਿਹਾ ਕਿ ਕਿਸਾਨਾਂ ਨੂੰ ਕਣਕ ਅਤੇ ਝੋਨੇ ਦੀ ਸਰਕਾਰੀ ਖਰੀਦ ਉੱਤੇ ਘੱਟੋ-ਘੱਟ ਸਮਰਥਨ ਮੁੱਲ (ਐੱਮ ਐੱਸ ਪੀ) ਉੱਤੇ 200 ਰੁਪਏ ਕੁਇੰਟਲ ਦੇ ਹਿਸਾਬ ਨਾਲ ਬੋਨਸ ਵੀ ਦੇਣਾ ਚਾਹੀਦਾ ਹੈ।

ਇਸ ਚਿੱਠੀ ਨਾਲ ਬਿਜਲੀ ਤੇ ਡੀਜ਼ਲ ਦੀਆਂ ਕੀਮਤਾਂ ਬਾਰੇ ਕਿਸਾਨਾਂ ਦੀ ਚਿੰਤਾ ਸ਼ੇਅਰ ਕਰਦੇ ਹੋਏ ਵਰੁਣ ਗਾਂਧੀ ਨੇ ਲਿਖਿਆ ਹੈ ਕਿ ਡੀਜ਼ਲ ਉੱਤੇ 20 ਰੁਪਏ ਲੀਟਰ ਦੀ ਸਬਸਿਡੀ ਤੇ ਬਿਜਲੀ ਦੀਆਂ ਦਰਾਂ ਵਿਚ ਤੁਰੰਤ ਕਟੌਤੀ ਕਰਨੀ ਚਾਹੀਦੀ ਹੈ।ਵਰਨਣ ਯੋਗ ਹੈ ਕਿ ਖੇਤੀ ਕਾਨੂੰਨਾਂ ਦੇ ਖ਼ਿਲਾਫ਼ ਬੀਤੀ 5 ਸਤੰਬਰ ਨੂੰ ਮੁਜ਼ੱਫਰਨਗਰ ਵਿੱਚ ਸੰਯੁਕਤ ਕਿਸਾਨ ਮੋਰਚਾ ਵਲੋਂ ਕੀਤੀ ਮਹਾਪੰਚਾਇਤ ਵਿਚ ਵੀ ਵਰੁਣ ਗਾਂਧੀ ਸ਼ਾਮਲ ਹੋਏ ਅਤੇ ਕਿਹਾ ਸੀ ਕਿ ਕਿਸਾਨ ਆਪਣੇ ਲੋਕ ਹਨ ਤੇ ਸਰਕਾਰ ਨੂੰ ਉਨ੍ਹਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਗੱਲਬਾਤ ਸ਼ੁਰੂ ਕਰਨੀ ਚਾਹੀਦੀ ਹੈ।

## ਭੁਪੇਂਦਰ ਪਟੇਲ ਨੂੰ ਭਾਜਪਾ ਨੇ ਗੁਜਰਾਤ ਦਾ ਮੁੱਖ ਮੰਤਰੀ ਬਣਾਇਆ

ਗਾਂਧੀਨਗਰ, 12 ਸਤੰਬਰ, (ਪੋਸਟ ਬਿਊਰੋ)- ਗੁਜਰਾਤ ਦੇ ਭਾਜਪਾ ਮੁੱਖ ਮੰਤਰੀ ਵਿਜੈ ਰੁਪਾਣੀ ਦੇ ਅਸਤੀਫ਼ਾ ਦੇਣ ਪਿੱਛੋਂ ਇਸ ਰਾਜ ਵਿੱਚ ਭਾਜਪਾ ਨੇ ਨਵੇਂ ਮੁੱਖ ਮੰਤਰੀ ਵਜੋਂ ਭੁਪੇਂਦਰ ਪਟੇਲ ਨੂੰ ਅੱਗੇ ਕੀਤਾ ਹੈ।

ਅੱਜ ਗੁਜਰਾਤ ਦੀ ਰਾਜਧਾਨੀ ਗਾਂਧੀਨਗਰ ਵਿੱਚਭਾਜਪਾ ਦਫਤਰ ਵਿੱਚ ਵਿਧਾਇਕਾਂ ਦੀ ਬੈਠਕ ਵਿੱਚ ਮੁੱਖ ਮੰਤਰੀ ਦੇ ਅਹੁਦੇ ਲਈ ਭੁਪੇਂਦਰ ਭਟੇਲ ਦਾ ਨਾਂ ਸਾਹਮਣੇ ਆਇਆ। ਕੇਂਦਰੀ ਖੇਤੀਬਾੜੀ ਮੰਤਰੀ ਨਰੇਂਦਰ ਸਿੰਘ ਤੋਮਰ ਨੇ ਬੈਠਕ ਵਿੱਚ ਭੁਪੇਂਦਰ ਪਟੇਲ ਦੇ ਨਾਂ ਦਾ ਇਹ ਐਲਾਨ ਕੀਤਾ ਹੈ। ਇਸ ਤੋਂ ਪਹਿਲਾਂ ਵਿਧਾਇਕ ਦਲ ਦੀ ਬੈਠਕ ਵਿੱਚ ਸਾਬਕਾ ਮੁੱਖ ਮੰਤਰੀ ਵਿਜੈ ਰੁਪਾਣੀ ਨੇ ਇਸ ਅਹੁਦੇ ਲਈ ਭੁਪੇਂਦਰ ਪਟੇਲ ਦਾ ਨਾਂਅ ਪੇਸ਼ ਕੀਤਾ ਸੀ।



ਭੁਪੇਂਦਰ ਪਟੇਲ ਇਸ ਰਾਜ ਦੇ ਇੱਕ ਪ੍ਰਮੁੱਖ ਭਾਈਚਾਰੇ ਪਾਟੀਦਾਰ ਸਮਾਜ ਦੇ ਨੇਤਾ ਹਨ ਅਤੇ ਘਾਟਲੋਡੀਆ ਹਲਕੇਤੋਂ ਵਿਧਾਨ ਸਭਾ ਦੇ ਮੈਂਬਰ ਹਨ। ਸਾਲ 2017 ਦੀਆਂ ਵਿਧਾਨ ਸਭਾ ਚੋਣਾਂ ਵਿੱਚਭੁਪੇਂਦਰ ਪਟੇਲ ਨੇ ਇੱਕ ਲੱਖ ਤੋਂ ਵੱਧ ਵੋਟਾਂ ਦੇ ਰਿਕਾਰਡ ਫਰਕ ਨਾਲ ਸੀਟ ਜਿੱਤੀ ਸੀ। ਵਿਧਾਇਕ ਬਣਨ ਤੋਂ ਪਹਿਲਾਂ ਭੁਪੇਂਦਰ ਪਟੇਲ ਅਹਿਮਦਾਬਾਦ ਅਰਬਨ ਡਿਵੈੱਲਪਮੈਂਟ ਅਥਾਰਟੀ ਚੇਅਰਮੈਨ ਰਹੇ ਹਨ।ਅੱਜ ਦੀ ਮੀਟਿੰਗ ਲਈ ਭਾਜਪਾ ਲੀਡਰਸਿਪ ਨੇ ਪਾਰਲੀਮੈਂਟਰੀ ਮਾਮਲਿਆਂ ਦੇਕੇਂਦਰੀ ਮੰਤਰੀ ਪ੍ਰਹਿਲਾਦ ਜੋਸ਼ੀ ਤੇ ਖੇਤੀ ਨਰੇਂਦਰ ਸਿੰਘ ਤੋਮਰ ਨੂੰ ਨਿਗਰਾਨ ਬਣਾਇਆ ਸੀ।

## 9/11 ਦੇ ਹਮਲੇ ਲਈ ਸਾਊਦੀ ਅਰਬ ਦੇ ਦੋ ਅਫ਼ਸਰ ਅੱਤਵਾਦੀਆਂ ਦੀ ਮੱਦਦ ਕਰਦੇ ਰਹੇ

*** ਅਮਰੀਕਾ ਦੇ ਜਨਤਕ ਹੋਏ ਗੁਪਤ ਦਸਤਾਵੇਜ਼ਾਂ ਨਾਲ ਸਨਸਨੀ**

ਵਾਸ਼ਿੰਗਟਨ, 12 ਸਤੰਬਰ, (ਪੋਸਟ ਬਿਊਰੋ)- ਅਮਰੀਕੀ ਰਾਸ਼ਟਰਪਤੀ ਜੋਅ ਬਾਇਡਨ ਦੇ ਆਦੇਸ਼ ਉੱਤੇ ਜਾਂਚ ਏਜੰਸੀ ਐੱਫ ਬੀ ਆਈ ਨੇ ਸਾਲ 2001 ਵਿੱਚ ਨਿਊ ਯਾਰਕ ਦੇ ਵਰਲਡ ਟਰੇਡ ਸੈਂਟਰ ਉੱਤੇ ਹੋਏ ਹਮਲੇ (9/11 ਕੇਸ) ਦੇ ਕੁਝ ਗੁਪਤ ਦਸਤਾਵੇਜ਼ ਜਨਤਕ ਕਰ ਦਿੱਤੇ ਹਨ, ਜਿਨ੍ਹਾਂ ਮੁਤਾਬਕਹਮਲੇ ਵਿੱਚ ਸ਼ਾਮਲ ਸਾਊਦੀ ਅਰਬਮੂਲ ਦੇ ਦੋਦੋਸ਼ੀਆਂ ਨੂੰ ਸਾਊਦੀ ਅਰਬ ਦੇ ਵਪਾਰ ਕੌਂਸਲੇਟ ਦੇ ਇਕ ਅਧਿਕਾਰੀ ਤੇ ਇਕ ਖੁਫੀਆ ਏਜੰਟ ਨੇ ਪੂਰੀ ਮਦਦ ਕੀਤੀ ਸੀ ਅਤੇ ਇਹੀ ਨਹੀਂ, ਇਨ੍ਹਾਂ ਦੋਵੇਂ ਹਮਲਾਵਰਾਂ ਨੂੰ ਇਨ੍ਹਾਂ ਅਧਿਕਾਰੀਆਂ ਨੇ ਰਸਦ ਵੀ ਪੁਚਾਈ ਸੀ।



ਉਂਜ ਐੱਫ ਬੀ ਆਈ ਦੀ ਜਾਂਚ ਵਿੱਚ ਇਸ ਗੱਲ ਦਾ ਕੋਈ ਸਬੂਤ ਨਹੀ ਹੈ ਕਿ ਹਮਲੇ ਦੀ ਏਦਾਂ ਦੀ ਸਾਜਿਸ਼ ਵਿੱਚ ਸਾਊਦੀ ਅਰਬ ਦੀ ਸਰਕਾਰ ਵੀ ਸ਼ਾਮਲ ਸੀ। ਇਨ੍ਹਾਂ ਦਸਤਾਵੇਜ਼ਾਂ ਵਿੱਚ ਸਾਊਦੀ ਅਰਬ ਦੇ ਅਫ਼ਸਰਾਂ ਦੇ ਸਬੰਧ ਬਾਰੇ ਜਾਂਚ ਦਾ ਵੇਰਵਾ ਦਿੱਤਾ ਗਿਆ ਹੈ।ਉਸ ਖੂਨੀ ਹਮਲੇ ਦੀ 20ਵੀਂ ਬਰਸੀ ਦੇ ਪ੍ਰੋਗਰਾਮ ਵਿੱਚ ਕੱਲ੍ਹ ਅਮਰੀਕੀ ਰਾਸ਼ਟਰਪਤੀ ਜੋਅ ਬਾਇਡਨ ਦੇ ਸ਼ਾਮਲ ਲੈਣ ਦੇ ਕੁਝ ਘੰਟੇ ਬਾਅਦ16 ਪੇਜਾਂ ਦੇ ਇਹ ਦਸਤਾਵੇਜ਼ ਜਾਰੀ ਕੀਤੇ ਗਏ ਹਨ।ਵਰਨਣ ਯੋਗ ਹੈ ਕਿ ਸਾਲ 2001 ਵਿੱਚ ਨਿਊਯਾਰਕ ਵਿੱਚ ਹੋਏ ਇਸ ਹਮਲੇ ਵਿੱਚ 3000 ਲੋਕ ਮਾਰੇ ਗਏ ਸਨ।ਉਸ ਹਮਲੇ ਦੇ ਪੀੜਤ ਲੋਕ ਲੰਬੇ ਸਮੇਂ ਤੋਂ ਜਾਂਚ ਦੇ ਗੁਪਤ ਦਸਤਾਵੇਜ਼ਾਂ ਨੂੰ ਜਨਤਕ ਕਰਨ ਲਈ ਅਮਰੀਕੀ ਸਰਕਾਰ ਉੱਤੇ ਦਬਾਅ ਪਾ ਰਹੇ ਸਨ ਅਤੇ ਉਹ ਨਿਊਯਾਰਕ ਦੀ ਅਦਾਲਤ ਵਿੱਚ ਇਕ ਕੇਸ ਵੀ ਲੜ ਰਹੇ ਹਨ।

## 'ਆਪ' ਵਿਧਾਇਕ ਦਾ ਤਿੱਖਾ ਹਮਲਾ: ਬਾਦਲ ਪਰਿਵਾਰ ਆਪਣੇ ਮੂੰਹ ਉੱਤੇ 'ਪਸ਼ਚਾਤਾਪ ਦੀ ਕਾਲਖ਼' ਮ.ਲ ਕੇ ਕਾਲਾ ਦਿਵਸ ਮਨਾਵੇ

ਚੰਡੀਗੜ੍ਹ, 12 ਸਤੰਬਰ, (ਪੋਸਟ ਬਿਊਰੋ)- ਬਾਦਲ ਅਕਾਲੀ ਦਲ ਵੱਲੋਂਇਸ 17 ਸਤੰਬਰ ਨੂੰ 'ਕਾ.ਲਾ ਦਿਵਸ' ਮਨਾਉਣ ਦੇ ਐਲਾਨ ਉੱਤੇ ਪ੍ਰਤੀਕਰਮ ਦਿੰਦਿਆਂ ਆਮ ਆਦਮੀ ਪਾਰਟੀ ਦੇ ਵਿਧਾਇਕ ਤੇ ਇਸ ਪਾਰਟੀ ਦੇ ਕਿਸਾਨ ਵਿੰਗ ਦੇ ਸੂਬਾ ਪ੍ਰਧਾਨ ਕੁਲਤਾਰ ਸਿੰਘ ਸੰਧਵਾਂ ਨੇ ਕਿਹਾ ਹੈ ਕਿ 'ਬਾਦਲ ਪਰਿਵਾਰ ਨੂੰ ਆਪਣੇ ਮੂੰਹ ਉੱਤੇ ਪਸ਼ਚਾਤਾਪ ਦੀ ਕਾਲਖ਼ ਮ.ਲ ਕੇ ਕਾਲਾ ਦਿਵਸ ਮਨਾਉਣਾ ਚਾਹੀਦਾ ਹੈ, ਕਿਉਂਕਿ ਜੇ ਕੇਂਦਰੀ ਮੰਤਰੀ ਹਰਸਿਮਰਤ ਕੌਰ ਬਾਦਲ ਓਦੋਂ ਆਰਡੀਨੈਂਸਾਂ ਉਤੇ ਦਸਤਖ਼ਤ ਨਾ ਕਰਦੇ ਤਾਂ ਕਿਸਾਨ-ਮਾਰੂ ਕਾਲਾ ਦਿਨ ਹੀ ਕਦੇ ਨਹੀਂ ਸੀ ਚੜ੍ਹਨਾ।'

ਅੱਜ ਐਤਵਾਰ ਨੂੰ ਪਾਰਟੀ ਦੇ ਸੂਬਾ ਦਫ਼ਤਰ ਤੋਂ ਜਾਰੀ ਬਿਆਨ ਵਿੱਚ ਵਿਧਾਇਕ ਕੁਲਤਾਰ ਸਿੰਘ ਸੰਧਵਾਂ ਨੇ ਸਭ ਕਿਸਾਨ ਹਿਤੈਸ਼ੀ ਜਥੇਬੰਦੀਆਂ ਅਤੇ ਰਾਜਸੀ ਪਾਰਟੀਆਂ ਨੂੰ 17 ਸਤੰਬਰ ਦਾ ਦਿਨ ਅੰਨਦਾਤਾ ਦੇ ਹੱਕ ਵਿੱਚ 'ਕੌਮੀ ਪੱਧਰ' ਉੱਤੇ ਕਾ.ਲੇ ਦਿਵਸ ਵਜੋਂ ਮਨਾਉਣ ਲਈ ਅਪੀਲ ਕੀਤੀ ਹੈ। ਉਨ੍ਹਾਂ ਕਿਹਾ ਕਿ ਨਰਿੰਦਰ ਮੋਦੀ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਭਾਰਤ ਦੇ ਇਤਿਹਾਸ ਵਿੱਚ ਤਾਨਾਸ਼ਾਹ ਸਰਕਾਰ ਬਣ ਗਈ ਹੈ, ਜਿਹੜੀ ਦੇਸ਼ ਦੇ ਕਿਸਾਨਾਂ, ਮਜ਼ਦੂਰਾਂ, ਮੁਲਾਜ਼ਮਾਂ ਤੇ ਵਿਦਿਆਰਥੀਆਂ ਦੇ ਹੱਕ ਕੁਚਲ ਰਹੀ ਹੈ।ਸੰਧਵਾਂ ਨੇ ਕਿਹਾ ਕਿ ਕਾਲੇ ਖੇਤੀ ਕਾਨੂੰਨਾਂਖ਼ਿਲਾਫ਼ ਮਹਾਂ ਪੰਜਾਬ ਦੀ ਧਰਤੀ ਤੋਂ ਉਠੇ ਅੰਦੋਲਨ ਨੇ ਨਾ



ਸਿਰਫ ਭਾਰਤਦੇ ਕਿਸਾਨਾਂ ਨੂੰ ਬਲ ਬਖਸ਼ਿਆ, ਸਗੋਂ ਅਮਰੀਕਾ, ਕਨੇਡਾ, ਅਸਟਰੇਲੀਆ ਅਤੇ ਯੂਰਪ ਤੋਂ ਅੱਗੇ ਅਫ਼ਰੀਕਾ ਦੇ ਕਿਸਾਨਾਂ ਤੇ ਮਜ਼ਦੂਰਾਂ ਵਿੱਚ ਹੱਕਾਂ ਦੀ ਰਾਖੀ ਲਈ ਜਾਗਰੂਕਤਾ ਪੈਦਾ ਕੀਤੀ ਹੈ।

ਕੁਲਤਾਰ ਸਿੰਘ ਸੰਧਵਾਂ ਨੇ ਕਿਹਾ, ਜਦੋਂ ਚਾਹੇ ਅਣਚਾਹੇ ਮਨ ਨਾਲ ਅਕਾਲੀ ਦਲ ਬਾਦਲ ਨੇ ਕਿਸਾਨ ਵਿਰੋਧੀ ਕਾਲੇ ਕਾਨੂੰਨਾਂ ਦੇ ਹਵਾਲੇ ਨਾਲ 17 ਸਤੰਬਰ ਵਾਲੇ ਦਿਨ ਨੂੰ ਕਾਲਾ ਦਿਵਸ ਮੰਨ ਲਿਆ ਹੈ ਤਾਂ ਖੇਤੀ ਆਰਡੀਨੈਂਸ ਉਤੇ ਦਸਖ਼ਤ ਕਰਨ ਅਤੇ ਖੇਤੀ ਕਾਨੂੰਨਾਂ ਦੇ ਹੱਕ ਵਿੱਚ ਤਿੰਨ ਮਹੀਨੇ ਧੂਆਂਧਾਰ ਪ੍ਰਚਾਰ ਕਰਨ ਲਈ ਪਸ਼ਚਾਤਾਪ ਵੀ ਕਰਨਾ ਚਾਹੀਦਾ ਹੈ, ਜਿਸ ਦੇ ਲਈ ਬਾਦਲ ਪਰਿਵਾਰ ਦੀ ਅਗਵਾਈ ਵਿੱਚ ਇਸ ਅਕਾਲੀ ਦਲ ਦੇਆਗੂਆਂ ਨੂੰ ਆਪਣੇ ਮੂੰਹ ਉਤੇ ਕਾਲਖ਼ ਮ.ਲ ਕੇ 'ਕਾਲਾ ਦਿਵਸ' ਮਨਾਉਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ 'ਅਸਲ ਵਿੱਚ ਅਕਾਲੀ ਦਲ ਬਾਦਲ ਕਾਲੇ ਖੇਤੀ ਕਾਨੂੰਨਾਂ ਦੇ ਜਨਮ-ਦਾਤਿਆਂ ਵਿਚੋਂ ਇੱਕ ਹੈ ਅਤੇ ਇਨਾਂ ਕਾਨੂੰਨਾਂ ਦਾ ਵੱਡਾ ਸਮਰਥਕ ਤੇ ਪ੍ਰਚਾਰਕ ਰਿਹਾ ਹੈ।ਬਾਦਲ ਅਕਾਲੀ ਦਲ ਦੇ ਸਰਪ੍ਰਸਤ ਪ੍ਰਕਾਸ ਸਿੰਘ ਬਾਦਲ, ਪ੍ਰਧਾਨ ਸੁਖਬੀਰ ਸਿੰਘ ਬਾਦਲ ਅਤੇ ਸਾਬਕਾ ਕੇਂਦਰੀ ਮੰਤਰੀ ਹਰਸਿਮਰਤ ਕੌਰ ਬਾਦਲ ਤੇ ਵਿਰਸਾ ਸਿੰਘ ਵਲਟੋਹਾ ਆਦਿ ਆਗੂਆਂ ਦੀਆਂ ਕਾਲੇ ਕਾਨੂੰਨਾਂ ਦੀ ਤਰੀਫ਼ ਕਰਦੀਆਂ ਵੀਡੀਓਜ਼ ਅਤੇ ਖ਼ਬਰਾਂ ਲੋਕਾਂ ਕੋਲ ਮੌਜੂਦ ਹਨ।' ਸੰਧਵਾਂ ਨੇ ਕਿਹਾ ਕਿ ਕਾਲੇ ਕਾਨੂੰਨਾਂ ਖ਼ਿਲਾਫ਼ ਸੰਘਰਸ਼ ਵਿੱਚ 600 ਤੋਂ ਵੱਧ ਕਿਸਾਨਾਂ ਅਤੇ ਮਜ਼ਦੂਰਾਂ ਦੀ ਮੌਤ ਲਈ ਅਕਾਲੀ ਦਲ ਬਾਦਲ ਵੀ ਭਾਰਤੀ ਜਨਤਾ ਪਾਰਟੀ ਜਿੰਨਾ ਜ਼ਿੰਮੇਵਾਰ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਇਸ ਵੇਲੇ ਇਨ੍ਹਾਂਦੇ ਆਗੂਆਂ ਨੂੰ ਪਿੰਡਾਂ ਅਤੇ ਸ਼ਹਿਰਾਂ ਵਿੱਚ ਵੜਨ ਨਹੀਂ ਦਿੰਦੇ, ਇਸੇ ਲਈ ਕਾਲਾ ਦਿਵਸ ਮਨਾਉਣ ਲਈ ਇਨ੍ਹਾਂ ਨੇ ਦਿੱਲੀ ਦਾ ਮੈਦਾਨ ਚੁਣਿਆ ਹੈ ਤਾਂ ਜੋ ਭਾਜਪਾ ਦੇ ਵਿਰੋਧ ਬਹਾਨੇ ਲੋਕਾਂ ਦੀਆਂ ਅੱਖਾਂ ਵਿੱਚ ਘੱਟਾ ਪਾਇਆ ਜਾਵੇ।

## ਹਾਦਸੇ ਵਿੱਚ ਜ਼ਖ਼ਮੀ ਵਿਅਕਤੀ ਲੁਟੇਰਾ ਨਿਕਲਿਆ

ਜਲੰਧਰ, 12 ਸਤੰਬਰ (ਪੋਸਟ ਬਿਊਰੋ)- ਇਸ ਮਹਾਨਗਰ ਵਿੱਚ ਦੋ ਦਿਨ ਪਹਿਲਾਂ 66 ਫੁੱਟੀ ਰੋਡ ਉੱਤੇ ਲੁਟੇਰਿਆਂ ਤੋਂ ਬਚਦੇ ਹੋਏ ਹਾਦਸੇ ਦਾ ਸ਼ਿਕਾਰ ਹੋ ਕੇ ਜ਼ਖ਼ਮੀ ਹੋਏ ਗੌਰਵ ਵਾਸੀ ਨਿਊ ਕਰਤਾਰ ਨਗਰ ਦੇ ਕੇਸ ਦੀ ਜਾਂਚ ਕਰਨ ਪਿੱਛੋਂ ਥਾਣਾ ਡਵੀਜ਼ਨ ਨੰਬਰ ਸੱਤ ਦੀ ਪੁਲਸ ਨੇ ਵੱਡਾ ਖੁਲਾਸਾ ਕੀਤਾ ਹੈ।

ਪੁਲਸ ਜਾਂਚ ਦੌਰਾਨ ਭੇਦ ਖੁੱਲ੍ਹਾ ਕਿ ਗੌਰਵ ਲੁੱਟ ਦਾ ਸ਼ਿਕਾਰ ਨਹੀਂ ਹੋਇਆ, ਸਗੋਂ ਲੁੱਟ ਕਰਕੇ ਫ਼ਰਾਰ ਹੁੰਦੇ ਸਮੇਂ ਹਾਦਸੇ ਦਾ ਸ਼ਿਕਾਰ ਹੋਇਆ ਸੀ। ਜਾਂਚ ਵਿੱਚ ਪਤਾ ਲੱਗਾ ਕਿ ਗੌਰਵ ਦਾ ਅਸਲੀ ਨਾਮ ਰੂਪ ਲਾਲ ਪੁੱਤਰ ਰੋਸ਼ਨ ਲਾਲ ਹੈ ਤੇ ਉਹ ਨਿਊ ਕਰਤਾਰ ਨਗਰ ਦਾ ਵਾਸੀ ਹੈ। ਹਾਦਸੇ ਵਿੱਚ ਜ਼ਖ਼ਮੀ ਹੋਣ ਪਿੱਛੋਂ ਉਸ ਨੂੰ ਉਹ ਵਿਅਕਤੀ ਸਿਵਲ ਹਸਪਤਾਲ ਦਾਖ਼ਲ ਕਰਵਾ ਕੇ ਗਏ ਸਨ, ਜਿਨ੍ਹਾਂ ਦਾ ਉਸ ਨੇ ਮੋਬਾਈਲ ਲੁੱਟਿਆ ਸੀ ਅਤੇ ਫ਼ਰਾਰ ਹੁੰਦੇ ਸਮੇਂ ਉਸ ਦਾ ਮੋਟਰਸਾਈਕਲ ਕੰਧ ਨਾਲ ਜਾ ਵੱਜਾ ਸੀ। ਵਾਰਦਾਤ ਸਮੇਂ ਰੂਪ ਲਾਲ ਨੇ ਬਹੁਤ ਜ਼ਿਆਦਾ ਸ਼ਰਾਬ ਪੀਤੀ ਹੋਈ ਸੀ। ਜਦੋਂ ਲੁੱਟੇ ਗਏ ਲੋਕਾਂ ਨੇ ਉਸ ਦਾ ਪਿੱਛਾ ਕੀਤਾ ਤਾਂ ਉਹ ਉਠ ਕੇ ਫ਼ਰਾਰ ਹੋ ਗਿਆ। ਪੀੜਤ ਇਸ ਬਾਰੇ ਥਾਣੇ ਸ਼ਿਕਾਇਤ ਦੇਣ ਚੱਲੇ ਸਨ ਤਾਂ ਅੱਗੇ ਰੂਪ ਲਾਲ ਡਿੱਗਾ ਮਿਲ ਗਿਆ। ਪੀੜਤਾਂ ਨੇ ਰੂਪ ਲਾਲ ਨੂੰ ਸਿਵਲ ਹਸਪਤਾਲ ਪਹੁੰਚਾ ਕੇ ਇਸ ਬਾਰੇ ਪੁਲਸ ਨੂੰ ਦੱਸਿਆ ਸੀ। ਪੁਲਸ ਨੇ ਰੂਪ ਲਾਲ ਖ਼ਿਲਾਫ਼ ਕੇਸ ਦਰਜ ਕਰਕੇ ਅਗਲੀ ਕਾਨੂੰਨੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

REXDALE FINANCIAL SERVICES
WE HELP YOU START, GROW AND SUCCEED
We bring Canada's leading lenders to you
The Mortgage Centre
I direct mortgages Inc.
21 Roysun Rd, #6, Woodbridge, ON L4L 8R3
Ph: 905.652.3000 ext 467 | 905.652.300 ext 468
Each Mortgage center is independently owned and operated
Call now: 416.674.8035 | 416.674.7050 or Fax: 416.674.9009
ਮਿਲ ਰਹੇ ਘੱਟ ਵਿਆਜ ਦਰਾਂ ਦਾ ਫਾਇਦਾ ਚੱਕੋ ਅਤੇ ਹਜ਼ਾਰਾਂ ਹੀ ਡਾਲਰ ਬਚਾਓ!
• DEBT CONSOLIDATION • HOME EQUITY
• LOANS • HOME RENOVATION
• WANT TO GET OUT OF CREDIT CARD DEBT
ਜਿਆਦਾ ਕਰਜਾ ਦੇ ਕੇ ਥੱਕ ਚੁੱਕੇ ਹੋ?
ਆਪਣਾ ਕਰਜਾਂ ਚੁਕਾਓ!!!
ਬੈਂਕ ਨੇ ਕਰ ਦਿੱਤੀ 'ਨਾਂਹ',
ਅਸੀਂ ਕਰਾਂਗੇ 'ਹਾਂ'
MORTGAGES SUITABLE FOR EVERY NEED!
1st & 2nd Mortgage Available
ALL IN ONE LOW MONTHLY PAYMENT!
Increase Your Cash Flow by up to 50%
YOU NEED A MORTGAGE? WE'LL ARANGE IT FOR YOU NO MATTER WHAT YOUR REASON IS!
Self Employed or Unemployed
Each Mortgage Centre is independently owned and operated
19 Woodbine Downs Blvd, #201, Etobicoke, ON M9W 6N5
Jaspal Singh Gahunia #M08006400
416.677.0047

ਆਓ ਸੱਤ ਸਮੁੰਦਰੋ ਪਾਰ ਵਾਲਿਆਂ ਦਾ ਵੀ ਸੋਚੀਏ
Super Visa
How your spouse can join you within 4-6 months
How your parents can join you
How students & skilled people can come to Canada
How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd.
Seema Bhayana
ICCRC
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com

ਖਿੜਕੀਆਂ ਅਤੇ ਦਰਵਾਜੇ ਲਗਵਾਓ Free Estimates
ਵਨਾਈਲ ਅਤੇ ਐਲੂਮੀਨੀਅਮ ਵਿੰਡੋਜ਼, ਸਟੋਰਮ ਡੋਰ, ਕਲੋਸੈਟ ਡੋਰ ਮਿਰਰਜ਼, ਪੋਰਚ ਐਨਕਲੋਜ਼ਡ, ਮੇਨ ਐਂਟਰੈਂਸ ਡੋਰ, ਹਰ ਤਰਾਂ ਦਾ ਗਲਾਸ ਰਿਪਲੇਸਮੈਂਟ
ਅਸੀਂ ਪੇਂਟ ਵੀ ਕਰਦੇ ਹਾਂ
24 ਘੰਟੇ ਤੁਹਾਡੀ ਸੇਵਾ ਵਿੱਚ
CANADIAN GLASS AND WINDOW
SINGH (TOCHI)
416-454-3031
647-784-8240
Email: tochisangha1@hotmail.com

Grand Upholstery Ltd
Sofa Company Originality in Every Piece
Special on Sale
• ਪੁਰਾਣੇ ਸੋਫਿਆਂ ਦੀ ਮੁਰੰਮਤ ਵੀ ਕੀਤੀ ਜਾਂਦੀ ਹੈ
• ਟੌਪ ਕੁਆਲਿਟੀ ਦੀ ਫੋਮ ਅਤੇ ਸਪਰਿੰਗ ਵਰਤੇ ਜਾਂਦੇ ਹਨ।
• ਆਪਣੀ ਮਨਪਸੰਦ ਦਾ ਕੋਈ ਵੀ L Shape ਡਿਜ਼ਾਇਨ ਅਤੇ ਰੰਗ ਚੁਣ ਸਕਦੇ ਹੋ।
• ਕੱਪੜਾ ਚਾੜ ਕੇ ਪੁਰਾਣਾ ਸੋਫਾ, ਡਾਇਨਿੰਗ ਚੇਅਰ ਨੂੰ ਨਵਿਆਂ ਵਰਗਾ ਬਣਾਉਂਦੇ ਹਾਂ
ਆਰਡਰ ਦੇ ਕੇ ਨਵੇਂ ਸੋਫੇ ਦੂਜੇ ਸਟੋਰਾਂ ਨਾਲੋਂ ਘੱਟ ਕੀਮਤ ਉੱਤੇ ਵੀ ਲੈ ਸਕਦੇ ਹੋ
ਕੁਆਲਿਟੀ ਮੂਹੋਂ ਬੋਲਦੀ ਹੈ
Tel: 905.791.2888 Cell: 647.293.3212
2053 williams Pkway unit #45, Brampton, ON L6S 5T4 Email: grandupholsery@gmail.com

ਕੈਨੇਡੀਅਨ ਪੰਜਾਬੀ ਪੋਸਟ
Award winning news paper | Canadian Punjabi Post

Punjabipost.ca
905-793-2202
27 Armthorpe Rd #3,
Brampton, L6T 5M4

Founder Editor — Jagdish Singh Grewal
Managing Director — Parminder Kaur Grewal
Contributing Editors — Gyan Singh,
Office Admin — Sajandeep Singh
Graphic Designer — Angrez Singh
Photographer — Kanwaljit Singh Kanwal
Distributer — Aman Warraich
Marketing: — Sajandeep Singh

Punjabi Post is a daily newspaper, published *Monday to Friday*. Advertiser is solely responsible for the ads content, releasing Punjabi post from any and all liability arising from Advertiser's use of the ads/advertising materials as permitted in an Agreement or IO. The opinions expressed in the articles & columns are those of the writers, editors or any other staff member at Punjabi post assume no responsibility of any kind. Thank you.

# ਚੋਣ ਵਾਅਦਿਆਂ ਦਾ ਦੱਬ ਕੇ ਪ੍ਰਚਾਰ ਕਰਨ ਵਿੱਚ ਰੁੱਝੇ ਹੋਏ ਹਨ ਆਗੂ

...ਪੰਨਾ 1 ਦਾ ਬਾਕੀ

ਲਾ ਪ੍ਰੋਅਰੀ, ਕਿਊਬਿਕ ਵਿੱਚ ਕੈਂਪੇਨ ਪੜਾਅ ਦੌਰਾਨ ਟਰੂਡੋ ਨੇ ਆਖਿਆ ਕਿ ਤੁਸੀਂ ਅਮੀਰ ਕੈਨੇਡੀਅਨਾਂ ਪਿੱਛੇ ਹੱਥ ਧੋ ਕੇ ਨਹੀਂ ਪੈ ਸਕਦੇ ਤੇ ਐਨਡੀਪੀ ਇਸ ਗੱਲ ਨੂੰ ਚੰਗੀ ਤਰ੍ਹਾਂ ਸਮਝ ਨਹੀਂ ਰਹੀ ਹੈ।

ਇਸ ਉੱਤੇ ਐਨਡੀਪੀ ਆਗੂ ਜਗਮੀਤ ਸਿੰਘ ਨੇ ਆਖਿਆ ਕਿ ਇਸ ਮਾਮਲੇ ਵਿੱਚ ਟਰੂਡੋ ਦੀ ਸੀਮਤ ਸੋਚ ਦਾ ਉਹ ਕੁੱਝ ਨਹੀਂ ਕਰ ਸਕਦੇ। ਉਨ੍ਹਾਂ ਆਖਿਆ ਕਿ ਟਰੂਡੋ ਦੀ ਅਗਵਾਈ ਵਿੱਚ ਅਜਿਹੇ ਅਮੀਰਾਂ ਨੇ ਖੂਬ ਮਜ਼ੇ ਕੀਤੇ ਅਤੇ ਲਿਬਰਲ ਸਰਕਾਰ ਨੇ ਉਨ੍ਹਾਂ ਤੋਂ ਜਿੰਨੀ ਆਮਦਨ ਇੱਕਠੀ ਹੋ ਸਕਦੀ ਸੀ ਉਹ ਨਹੀਂ ਕੀਤੀ। ਉਨ੍ਹਾਂ ਸਡਬਰੀ ਵਿੱਚ ਕੈਂਪੇਨ ਕਰਦਿਆਂ ਆਖਿਆ ਕਿ ਇੱਕ ਮਿੰਟ ਪਿੱਛੇ ਅਸੀਂ ਜਿਹੜਾ ਪੈਸਾ ਗੁਆ ਰਹੇ ਹਾਂ ਉਹ ਹੈ 50,000 ਡਾਲਰ।

ਟਰੂਡੋ ਨੇ ਪੱਤਰਕਾਰਾਂ ਨਾਲ ਕਲਾਈਮੇਟ ਚੇਂਜ ਤੇ ਗੰਨ ਕੰਟਰੋਲ ਬਾਰੇ ਵੀ ਗੱਲ ਕੀਤੀ ਤੇ ਇਨ੍ਹਾਂ ਮੁੱਦਿਆਂ ਬਾਰੇ ਸਪਸ਼ਟ ਰਾਇ ਪੇਸ਼ ਨਾ ਕਰਨ ਲਈ ਕੰਜ਼ਰਵੇਟਿਵ ਆਗੂ ਐਰਿਨ ਓਟੂਲ ਨੂੰ ਵੀ ਲੰਮੇਂ ਹੱਥੀਂ ਲਿਆ। ਇਸ ਦੌਰਾਨ ਓਟੂਲ ਪੱਛਮੀ ਹਿੱਸੇ ਵਿੱਚ ਵੈਨਕੂਵਰ ਵਿੱਚ ਪਾਰਟੀ ਪਲੇਟਫਾਰਮ ਦਾ ਪ੍ਰਚਾਰ ਕਰ ਰਹੇ ਸਨ। ਇਹ ਐਡਵਾਂਸ ਪੋਲਿੰਗ ਦਾ ਸੈਕਿੰਡ ਲਾਸਟ ਦਿਨ ਸੀ। ਇਲੈਕਸ਼ਨਜ਼ ਕੈਨੇਡਾ ਨੇ ਆਖਿਆ ਕਿ 1•3 ਮਿਲੀਅਨ ਕੈਨੇਡੀਅਨਜ਼ ਨੇ ਸ਼ੁੱਕਰਵਾਰ ਨੂੰ ਐਡਵਾਂਸ ਪੋਲਿੰਗ ਦੇ ਪਹਿਲੇ ਦਿਨ ਵੋਟਾਂ ਪਾਈਆਂ।

### ਗੁਜਰਾਤੀ ਕਾਰੋਬਾਰੀ ਨੇ ਕਿਹਾ:

## ਮੈਂ ਪੁੱਤਰ ਦਾ ਬਾਇਓਲਾਜੀਕਲ ਬਾਪ ਨਹੀਂ, ਇਸਲਈ ਗੁਜ਼ਾਰਾ ਭੱਤਾ ਨਹੀਂ ਦਿਆਂਗਾ

ਅਹਿਮਦਾਬਾਦ, 12 ਸਤੰਬਰ (ਪੋਸਟ ਬਿਊਰੋ)- ਗੁਜਰਾਤ ਵਿੱਚ ਇੱਕ ਕੱਪੜਾ ਵਪਾਰੀ ਨੇ ਆਪਣੀ ਦੂਸਰੀ ਪਤਨੀ ਦੇ ਬੇਟੇ ਨੂੰ ਗੁਜ਼ਾਰਾ ਭੱਤਾ ਦੇਣ ਤੋਂ ਇਨਕਾਰ ਕਰਦੇ ਹੋਏ ਹਾਈ ਕੋਰਟ ਵਿੱਚ ਅਪੀਲ ਕੀਤੀ ਤੇ ਫੈਮਿਲੀ ਕੋਰਟ ਦੇ ਹੁਕਮਾਂ ਨੂੰ ਚੁਣੌਤੀ ਦਿੱਤੀ ਹੈ। ਅਰਜ਼ੀ ਵਿਚ ਉਸ ਨੇ ਕਿਹਾ ਹੈ, 'ਮੈਂ ਇਸ ਬੇਟੇ ਦਾ ਬਾਇਓਲਾਜੀਕਲ ਬਾਪ ਨਹੀਂ। ਉਹ ਮੇਰੀ ਦੂਸਰੀ ਪਤਨੀ ਦੇ ਪਹਿਲੇ ਪਤੀ ਦਾ ਬੇਟਾ ਹੈ, ਜਿਸਦੇ ਪਾਲਣ-ਪੋਸ਼ਣ ਲਈ ਮੈਂ ਜ਼ਿੰਮੇਵਾਰ ਨਹੀਂ।' ਕੋਰਟ ਨੇ ਉਸ ਨੂੰ ਇਸ ਨਾਲ ਸਬੰਧਤ ਸਬੂਤ ਪੇਸ਼ ਕਰਨ ਦਾ ਹੁਕਮ ਦਿੱਤਾ ਹੈ। ਅਗਲੀ ਸੁਣਵਾਈ 29 ਸਤੰਬਰ ਨੂੰ ਹੋਵੇਗੀ।

ਅਸਲ ਵਿੱਚ 1995 ਵਿੱਚ ਵਪਾਰੀ ਨੇ ਦੂਸਰਾ ਵਿਆਹ ਕੀਤਾ ਸੀ। ਉਸ ਦੀ ਦੂਸਰੀ ਪਤਨੀ ਨਾਲ ਉਸ ਦੇ ਪਹਿਲੇ ਵਿਆਹ ਦਾ ਬੇਟਾ ਵੀ ਸੀ। ਵਿਆਹ ਦੇ ਕੁਝ ਸਾਲ ਬਾਅਦ ਜੋੜੇ ਵਿੱਚ ਪੈਸਿਆਂ ਤੋਂ ਝਗੜਾ ਸ਼ੁਰੂ ਹੋ ਗਿਆ ਅਤੇ ਦੋਸ਼ ਲੱਗਾ ਕਿ ਪਤੀ ਤੋਂ ਪੈਸੇ ਲੈ ਕੇ ਪਤਨੀ ਆਪਣੇ ਪੇਕਿਆਂ ਨੂੰ ਦਿੰਦੀ ਹੈ ਤੇ ਕਈ ਮਹਿੰਗੀਆਂ ਚੀਜ਼ਾਂ ਵੀ ਲੈ ਕੇ ਦਿੱਤੀਆਂ ਹਨ। ਇਸ ਉੱਤੇ ਪਤੀ ਨੇ ਪੈਸੇ ਦੇਣੇ ਬੰਦ ਕਰ ਦਿੱਤੇ। ਝਗੜਾ ਵਧਣ ਉੱਤੇ ਦੋਵਾਂ ਨੇ ਵੱਖਰੇ ਹੋਣ ਦਾ ਫੈਸਲਾ ਲਿਆ। ਔਰਤ ਆਪਣੇ ਉਸੇ ਬੇਟੇ ਨਾਲ ਪੇਕੇ ਰਹਿਣ ਚਲੀ ਗਈ ਅਤੇ ਗੁਜ਼ਾਰੇ ਭੱਤੇ ਲਈ ਫੈਮਿਲੀ ਕੋਰਟ ਵਿੱਚ ਅਪੀਲ ਕੀਤੀ। ਫੈਮਿਲੀ ਕੋਰਟ ਨੇ 25 ਹਜ਼ਾਰ ਰੁਪਏ ਮਹੀਨਾ ਗੁਜ਼ਾਰਾ ਭੱਤਾ ਤੈਅ ਕੀਤਾ। ਕਾਰੋਬਾਰੀ ਨੇ ਗੁਜ਼ਾਰਾ ਭੱਤੇ ਦੀ ਇਕੱਠੀ ਰਕਮ ਪਤਨੀ ਦੇ ਬੈਂਕ ਖਾਤੇ ਵਿੱਚ ਜਮ੍ਹਾਂ ਕਰਵਾ ਦਿੱਤੀ। ਫਿਰ ਪਤਨੀ ਨੇ ਬੇਟੇ ਦੇ ਲਈ ਵੀ ਗੁਜ਼ਾਰਾ ਭੱਤਾ ਮੰਗਿਆ ਹੈ। ਪਤੀ ਨੇ ਇਸ ਦਾ ਵਿਰੋਧ ਕਰਦੇ ਹੋਏ ਅਜਿਹਾ ਕਰਨ ਤੋਂ ਇਨਕਾਰ ਕਰ ਦਿੱਤਾ ਹੈ।

### ਪਾਕਿਸਤਾਨ-ਤਾਲਿਬਾਨ ਤੰਦ ਜ਼ਾਹਰ ਹੋਈ:

## ਮੁੱਲਾ ਬਰਾਦਰ ਦਾ ਪਾਕਿਸਤਾਨ ਦਾ ਪਾਸਪੋਰਟ ਵਾਇਰਲ

ਕਾਬੁਲ, 12 ਸਤੰਬਰ (ਪੋਸਟ ਬਿਊਰੋ)- ਪਾਕਿਸਤਾਨ ਦੇ ਤਾਲਿਬਾਨ ਕੁਨੈਕਸ਼ਨ ਦਾ ਵੱਡਾ ਖੁਲਾਸਾ ਹੋਇਆ ਹੈ ਅਤੇ ਇਸ ਦਾ ਸਭ ਤੋਂ ਵੱਡਾ ਸਬੂਤ ਇਹ ਸਾਹਮਣੇ ਆਇਆ ਹੈ ਕਿ ਤਾਲਿਬਾਨ ਵਿੱਚ ਉਪ ਪ੍ਰਧਾਨ ਮੰਤਰੀ ਐਲਾਨੇ ਮੁੱਲਾ ਅਬਦੁਲ ਗਨੀ ਬਰਾਦਰ ਕੋਲ ਪਾਕਿਸਤਾਨੀ ਪਾਸਪੋਰਟ ਤੇ ਨੈਸ਼ਨਲ ਆਈਡੈਂਟਿਟੀ ਕਾਰਡ ਮਿਲੇ ਹਨ। ਇਹੀ ਨਹੀਂ ਮੁੱਲਾ ਬਰਾਦਰ ਦੇ ਪਾਸਪੋਰਟ ਦੀ ਫੋਟੋ ਵੀ ਮਿਲੀ ਹੈ ਅਤੇ ਇਸ ਵਿੱਚ ਉਸ ਨੇ ਅਸਲੀ ਪਛਾਣ ਲੁਕਾ ਕੇ ਫਰਜ਼ੀ ਨਾਂਅ ਦਾ ਸਹਾਰਾ ਲਿਆ ਹੈ ਅਤੇ ਇਸ ਦਾ ਆਈ ਡੀ ਨੰਬਰ ਵੀ ਪਾਕਿਸਤਾਨ ਦਾ ਨਿਕਲਿਆ ਹੈ। ਮੁੱਲਾ ਅਬਦੁਲ ਗਨੀ



ਬਰਾਦਰ ਦੇ ਦੋਵਾਂ ਦਸਤਾਵੇਜ਼ਾਂ ਵਿੱਚ ਉਸ ਦਾ ਨਾਂਅ ਮੁਹੰਮਦ ਆਰਿਫ ਆਗਾ ਲਿਖਿਆ ਹੈ। ਇਸ ਪਾਸਪੋਰਟ ਦੇ ਸਾਹਮਣੇ ਆਉਣ ਨਾਲ ਇਹ ਸਪੱਸ਼ਟ ਹੈ ਕਿ ਅਫਗਾਨਿਸਤਾਨ ਵਿੱਚ ਤਾਲਿਬਾਨ ਦੇ ਕਬਜ਼ਾ ਕਰਨ ਦੇ ਪਿੱਛੇ ਪਾਕਿਸਤਾਨੀ ਖੁਫੀਆ ਏਜੰਸੀ ਆਈ ਐਸ ਆਈ ਦਾ ਹੱਥ ਹੈ, ਕਿਉਂਕਿ ਆਈ ਐਸ ਆਈ ਨੇ ਐਮ ਨਜ਼ੀਰ ਆਗਾ ਦੇ ਬੇਟੇ ਮੁਹੰਮਦ ਆਰਿਫ ਆਗਾ ਦੇ ਨਾਂਅ ਉੱਤੇ ਮੁੱਲਾ ਬਰਾਦਰ ਦਾ ਆਈ ਕਾਰਡਬਣਾਇਆ ਸੀ। ਇਸ ਸੀਰੀਅਲ ਨੰਬਰ 42201-5292460-5 ਨਾਲ ਬਰਾਦਰ ਦਾ ਜੀਵਨ ਭਰ ਦਾ ਆਈ ਕਾਰਡ 10 ਜੁਲਾਈ 2014 ਨੂੰ ਜਾਰੀ ਹੋਇਆ ਸੀ ਅਤੇ ਇਸ ਵਿੱਚ ਮੁੱਲਾ ਬਰਾਦਰ ਦੀ ਜਨਮ ਤਰੀਕ ਦਾ ਜ਼ਿਕਰ ਸਾਲ 1963 ਦਾ ਕੀਤਾ ਗਿਆ ਹੈ।

## ਆਵਾਰਾ ਪਸ਼ੂ ਨੇ ਇੱਕ ਹੋਰ ਮਾਸੂਮ ਦੀ ਜਾਨ ਲਈ

ਅਬੋਹਰ, 12 ਸਤੰਬਰ (ਪੋਸਟ ਬਿਊਰੋ)- ਸ਼ਹਿਰ ਦੇ ਨਾਲ ਪਿੰਡਾਂ ਵਿੱਚ ਆਵਾਰਾ ਪਸ਼ੂਆਂ ਦੀ ਸਮੱਸਿਆ ਵਿਕਰਾਲ ਹੁੰਦੀ ਜਾ ਰਹੀ ਹੈ ਜੋ ਆਏ ਦਿਨ ਹਾਦਸਿਆਂ ਦਾ ਕਾਰਨ ਬਣ ਰਹੇ ਹਨ।

ਕੱਲ੍ਹ ਸਵੇਰੇ ਪਿੰਡ ਪੰਜਾਵਾਂ ਵਿੱਚੋਂ ਦਵਾਈ ਲੈਣ ਜਾਂਦੀ ਇੱਕ ਔਰਤ ਨੂੰ ਇੱਕ ਆਵਾਰਾ ਪਸ਼ੂ ਨੇ ਟੱਕਰ ਮਾਰ ਦਿੱਤੀ, ਜਿਸ ਕਾਰਨ ਉਹ ਤੇ ਉਸ ਦੀ ਗੋਦੀ ਚੁੱਕਿਆ ਬੱਚਾ ਕੋਲੋਂ ਲੰਘ ਰਹੇ ਟਰੈਕਟਰ ਟਰਾਲੀ ਹੇਠ ਆ ਗਏ, ਜਿਸ ਕਾਰਨ ਚਾਰ ਸਾਲ ਦੇ ਮਾਸੂਮ ਬੱਚੇ ਦੀ ਮੌਤ ਹੋ ਗਈ। ਮਿਲੀ ਜਾਣਕਾਰੀ ਅਨੁਸਾਰ ਪਿੰਡ ਦੀ ਸੋਚਨਾ ਪਤਨੀ ਸੁਰਜੀਤ ਆਪਣੀ ਭੈਣ ਸੁਨੀਤਾ ਨਾਲ ਆਪਣੇ ਚਾਰ ਸਾਲਾਂ ਦੇ ਪੁੱਤਰ ਨੂੰ ਗੋਦੀ ਚੁੱਕ ਕੇ ਪਿੰਡ ਦੇ ਦਰਜ਼ੀ ਤੋਂ ਸੂਟ ਲੈਣ ਚੱਲੀ ਸੀ। ਜਦੋਂ ਉਹ ਪਿੰਡ ਵਿੱਚ ਹੀ ਬਣੀ ਚੱਕੀ ਕੋਲ ਪੁੱਜੇ ਤਾਂ ਉਥੇ ਖੜੇ ਆਵਾਰਾ ਪਸ਼ੂ ਨੇ ਸੋਚਨਾ ਨੂੰ ਟੱਕਰ ਮਾਰ ਦਿੱਤੀ, ਜਿਸ ਕਾਰਨ ਉਹ ਅਤੇ ਉਸ ਦਾ ਬੱਚਾ ਕੋਲੋਂ ਲੰਘ ਰਹੇ ਟਰੈਕਟਰ ਟਰਾਲੀ ਹੇਠਾਂ ਆ ਗਏ।

## ਕਸਟਮ ਵਿਭਾਗ ਦੀ ਸੁਪਰਡੈਂਟ ਦੇ ਘਰੋਂ 59.40 ਲੱਖ ਤੇ ਸਹਾਇਕ ਦੇ ਘਰੋਂ 2.60 ਲੱਖ ਰੁਪਏ ਮਿਲੇ


ਲੁਧਿਆਣਾ, 12 ਸਤੰਬਰ (ਪੋਸਟ ਬਿਊਰੋ)- ਕੇਂਦਰੀ ਜਾਂਚ ਬਿਊਰੋ (ਸੀ ਬੀ ਆਈ) ਦੀ ਟੀਮ ਨੇ ਲੁਧਿਆਣਾ ਕਸਟਮ ਵਿਭਾਗ ਦੀ ਸੁਪਰਡੈਂਟ ਕਮਿਸ਼ਨਰ ਪਾਰੁਲ ਗਰਗ ਅਤੇ ਅੰਮ੍ਰਿਤਸਰ ਕਸਟਮ ਵਿਭਾਗ ਦੇ ਸੁਪਰਡੈਂਟ ਧਰਮਵੀਰ ਸਿੰਘ ਨੂੰ ਬੀਤੇ ਦਿਨੀਂ ਗ੍ਰਿਫ਼ਤਾਰ ਕੀਤਾ ਸੀ। ਕੱਲ੍ਹ ਉਨ੍ਹਾਂ ਦੇ ਘਰਾਂ ਤੇ ਹੋਰ ਟਿਕਾਣਿਆਂ ਦੀ ਤਲਾਸ਼ੀ ਮੌਕੇ ਪਾਰੁਲ ਗਰਗ ਦੇ ਘਰੋਂ ਸੀ ਬੀ ਆਈ ਨੂੰ 59 ਲੱਖ 40 ਹਜ਼ਾਰ ਰੁਪਏ ਤੇ ਸੁਪਰਡੈਂਟ ਦੇ ਘਰੋਂ 2 ਲੱਖ 60 ਹਜ਼ਾਰ ਰੁਪਏ ਮਿਲੇ ਹਨ। ਸੀ ਬੀ ਆਈ ਵੱਲੋਂ ਸ਼ਿਕਾਇਤ ਦੇ ਅਧਾਰ ਉੱਤੇ ਸੁਪਰਡੈਂਟ ਕਮਿਸ਼ਨਰ ਅਤੇ ਸੁਪਰਡੈਂਟ ਦੇ ਖ਼ਿਲਾਫ਼ ਕੇਸ ਦਰਜ ਕੀਤਾ ਹੈ। ਸ਼ਿਕਾਇਤ ਕਰਤਾ ਨੇ ਦੱਸਿਆ ਕਿ ਉਹ ਮੰਡੀ ਗੋਬਿੰਦਗੜ੍ਹ ਵਿੱਚ ਕਬਾੜ ਦਾ ਕੰਮ ਕਰਦਾ ਹੈ ਤੇ ਉਸ ਨੇ ਕਬਾੜ ਦੇ ਭਰੇ ਦੋ ਕੰਨਟੇਨਰਛੁਡਵਾਉਣ ਲਈ ਕਸਟਮ ਵਿਭਾਗ ਦੇ ਇਨ੍ਹਾਂ ਅਧਿਕਾਰੀਆਂ ਤਕ ਪਹੁੰਚ ਕੀਤੀ ਤਾਂ ਉਨ੍ਹਾਂ ਦੀ 1 ਲੱਖ 50 ਹਜ਼ਾਰ ਰੁਪਏ ਰਿਸ਼ਵਤ ਦੇਣ ਵਿੱਚ ਗੱਲ ਨਿਬੜੀ, ਪਰ ਬਾਅਦ ਵਿੱਚ ਘਟਾ ਕੇ 1 ਲੱਖ 30 ਹਜ਼ਾਰ ਰੁਪਏ ਕਰ ਦਿੱਤੇ ਗਏ। ਸੀ ਬੀ ਆਈ ਨੇ ਲੁਧਿਆਣਾ, ਹੁਸ਼ਿਆਰਪੁਰ ਤੇ ਚੰਡੀਗੜ੍ਹ ਵਿੱਚ ਦੋਸ਼ੀਆਂ ਦੇ ਟਿਕਾਣਿਆਂ ਉੱਤੇ ਛਾਪੇਮਾਰੀ ਕੀਤੀ। ਵਿਭਾਗ ਨੂੰ ਇਸ ਦੌਰਾਨ ਜਿੱਥੇ ਨਗਦੀ ਮਿਲੀ ਹੈ, ਉਥੇ ਵਿਭਾਗ ਦੇ ਹੱਥ ਕਈ ਅਹਿਮ ਦਸਤਾਵੇਜ਼ ਵੀ ਲੱਗੇ ਹਨ।

ਫਾਰਮਾਂ ਵਿਚ ਕੰਮ ਕਰਨ ਲਈ ਕਾਮਿਆਂ ਦੀ ਲੋੜ
ਬਰੈਂਪਟਨ, ਮਿਸੀਸਾਗਾ, ਮਾਲਟਨ, ਮਿਲਟਨ, ਕੈਲੇਡਨ ਤੋਂ ਪਿਕਅਪ। ਵਧੀਆ ਤਨਖਾਹ ਦਿੱਤੀ ਜਾਵੇਗੀ।
ਸੰਪਰਕ: ਅਜੈਬ ਸਹੋਤਾ
4165618882, 4164544587

A-One Drivers
TRAINING SCHOOL
G2, G ਦੀ ਹਿੰਦੀ, ਪੰਜਾਬੀ ਉਰਦੂ, ਅੰਗਰੇਜੀ ਭਾਸ਼ਾਵਾਂ ਦੇ ਵਿੱਚ ਪ੍ਰੋਫੈਸ਼ਨਲ ਤਰੀਕੇ ਨਾਲ ਟਰੇਨਿੰਗ ਦਿੱਤੀ ਜਾਂਦੀ ਹੈ
ਫਰੀ ਪਿਕਅਪ
Best Rates For Lessons
ਨਰਵਸ ਡਰਾਈਵਰ ਹੋ ਜਾਂ ਬਾਰ ਬਾਰ ਫੇਲ ਹੋਣ ਤੋਂ ਬਚਣ ਲਈ ਕਾਲ ਕਰ ਸਕਦੇ ਹੋ
] ਮੁਫਤ ਪਿਕਅਪ ਅਤੇ ਡਰਾਪ ਆਫ਼
] ਫੁੱਲ ਕੋਰਸ ਨਾਲ ਇੰਸ਼ੋਰੈਂਸ ਡਿਸਕਾਊਂਟ ਸਰਟੀਫਿਕੇਟ
] ਬਰੈਂਪਟਨ, ਮਿਸੀਸਾਗਾ ਦੇ ਇਲਾਕੇ ਵਿੱਚ ਸੇਵਾਵਾਂ
] ਵਾਜਿਬ ਕੀਮਤ

ਲੇਡੀ ਇੰਸਟ੍ਰਕਟਰ
647-998-7500 ਬਲਵਿੰਦਰ


ਲੇਡੀ ਵਰਕਰ ਦੀ ਲੋੜ
Best Western Hotel (Centennial & Eglinton) ਵਿਚ ਕਲੀਨਿੰਗ ਦਾ ਕੰਮ ਕਰਨ ਲਈ ਲੇਡੀ ਵਰਕਰ ਦੀ ਜ਼ਰੂਰਤ ਹੈ। ਡਿਊਟੀ ਦਾ ਸਮਾਂ 9-5:30 ਹੋਵੇਗਾ।
ਹੈਂਡੀਮੈਨ ਦੀ ਲੋੜ
ਪਲੰਬਿੰਗ, ਇਲੈਕਟ੍ਰੀਸ਼ੀਅਨ ਅਤੇ ਕੰਸਟ੍ਰਕਸ਼ਨ ਦਾ ਥੋੜਾ ਬਹੁਤ ਤਜਰਬਾ ਰੱਖਣ ਵਾਲੇ ਹੈਂਡੀਮੈਨ ਦੀ ਲੋੜ ਹੈ। ਤਨਖਾਹ ਹੋਵੇਗੀ $20-22/ਹਰ ਦਿੱਤੀ ਜਾਵੇਗੀ।
ਸੰਪਰਕ: 416-816-1695
ਕਾਲ ਕਰਨ ਦਾ ਸਮਾਂ ਸਵੇਰੇ 9 ਤੋਂ ਸ਼ਾਮ 7 ਵਜੇ ਤੱਕ

ਜ਼ਰੂਰ ਜਾਣੋ; ਗਿਆਨ ਗੰਗਾ
॥ ਜੀਵ ਹਮਾਰੀ ਜਾਤੀ ਹੈ, ਮਾਨਵ ਧਰਮ ਹਮਾਰਾ । ਹਿੰਦੂ, ਮੁਸਲਿਮ, ਸਿੱਖ, ਇਸਾਈ, ਧਰਮ ਨਹੀਂ ਕੋਈ ਨਿਆਰਾ ॥
• ਬ੍ਰਹਮਾ, ਵਿਸ਼ਨੂੰ, ਮਹੇਸ਼ ਦੇ ਮਾਤਾ-ਪਿਤਾ ਕੌਣ ਹਨ ?
• ਸ਼ੇਰਾਂਵਾਲੀ ਮਾਤਾ (ਦੁਰਗਾ ਅਸ਼ਟਾਂਗੀ) ਦਾ ਪਤੀ ਕੌਣ ਹੈ ?
• ਸਾਨੂੰ ਜਨਮ ਦੇਣ ਤੇ ਮਾਰਣ ਵਿੱਚ ਕਿਸ ਪ੍ਰਭੂ ਦਾ ਸਵਾਰਥ ਹੈ ?
• ਅਸੀਂ ਸਾਰੇ ਦੇਵੀ-ਦੇਵਤਿਆਂ ਦੀ ਇੰਨੀ ਭਗਤੀ ਕਰਦੇ ਹਾਂ, ਫਿਰ ਵੀ ਦੁੱਖੀ ਕਿਉਂ ਹਾਂ ?
• ਬ੍ਰਹਮਾਂ, ਵਿਸ਼ਨੂੰ, ਮਹੇਸ਼ ਕਿਸਦੀ ਭਗਤੀ ਕਰਦੇ ਹਨ ?
• ਪੂਰਨ ਸੰਤ ਦੀ ਪਹਿਚਾਣ ਕੀ ਹੈ ? 'ਤੇ ਮੋਕਸ਼ ਕਿਵੇਂ ਮਿਲੇਗਾ ?
• ਪਰਮਾਤਮਾ ਸਾਕਾਰ ਹੈ ਜਾਂ ਨਿਰਾਕਾਰ ?
• ਕਿਸੀ ਵੀ ਗੁਰੂ ਦੀ ਸ਼ਰਨ ਵਿੱਚ ਜਾਣ ਨਾਲ ਮੁਕਤੀ ਸੰਭਵ ਹੈ ਜਾਂ ਨਹੀਂ ?
• ਤੀਰਥ, ਵਰਤ, ਤਰਪਣ ਅਤੇ ਸ਼ਰਾਧ ਨਿਕਾਲਣ ਨਾਲ ਕੋਈ ਲਾਭ ਹੈ ਜਾਂ ਨਹੀਂ (ਗੀਤਾ ਅਨੁਸਾਰ) ?
• ਸ਼੍ਰੀ ਕ੍ਰਿਸ਼ਨ ਜੀ ਕਾਲ ਨਹੀਂ ਹਨ । ਫਿਰ ਗੀਤਾ ਵਾਲਾ ਕਾਲ ਕੌਣ ਹੈ ?
• ਕੌਣ ਅਤੇ ਕਿਵੇਂ ਹੈ ? ਕਿੱਥੇ ਰਹਿੰਦਾ ਹੈ ? ਕਿਵੇਂ ਮਿਲਦਾ ਹੈ ? ਕਿਸ ਨੇ ਦੇਖਿਆ ਹੈ ਪੂਰਨ ਪਰਮਾਤਮਾ ?
• ਸਮਾਧੀ ਅਭਿਆਸ (Meditation) ਰਾਮ, ਹਰੇ ਕ੍ਰਿਸ਼ਣ, ਹਰੀ ਓਮ, ਹੰਸ, ਤਿੰਨ ਤੇ ਪੰਜ ਨਾਮਾਂ ਅਤੇ ਵਾਹਿਗੁਰੂ ਆਦਿ-2 ਨਾਮਾਂ ਦੇ ਜਾਪ ਤੋਂ ਸੁੱਖ ਅਤੇ ਮੁਕਤੀ ਸੰਭਵ ਹੈ ਜਾਂ ਨਹੀਂ?


ਇਨ੍ਹਾਂ ਸਾਰੇ ਪ੍ਰਸ਼ਨਾਂ ਦੇ ਉੱਤਰ ਜਾਣਨ ਲਈ ਕ੍ਰਿਪਾ ਕਰਕੇ ਪੜ੍ਹੋ ਪੁਸਤਕ ਗਿਆਨ ਗੰਗਾ ਜਾਂ ਡਾਊਨਲੋਡ ਕਰੋ: www.jagatgururampalji.org
IPTV ਦੁਆਰਾ ਸਤਸੰਗ ਦੇਖੋ
Sadhna : 11:00 Am - 12:00 PM
Ishwar : 10:00 Am- 11:00 AM
MH One: 4:30 AM- 5:30 AM
Lok Shahi: 8:25 AM - 9:25 AM
Nepal 1: 8:30 PM -9:30 PM
Subharti : 10:30 AM- 11:30 AM
ਜਨ ਤੰਤ੍ਰ: 7:30 PM - 8:30 PM
ਗਿਆਨ ਗੰਗਾ ਪੁਸਤਕ ਦੇ ਆਰਡਰ ਜਾਂ ਸਤਸੰਗ ਦੀ ਜਾਣਕਾਰੀ ਲਈ ਸੰਪਰਕ ਕਰੋ:
satlokashramcanada@gmail.com
satsahibusa@gmail.com
647-739-4641
346-714-0224

Dr. Randhawa Dentistry

Your own dentist who really cares for you
We Provide the following Services:
• Dental Crowns, Veneers & Bridges
• Dental Fillings & Gum Treatment
• Root Canal (RCT), Dentures, Extraction
• Kids Dentistry
• Wisdom Tooth Surgery
• Invisalign (Invisible Braces)
• Digital X-Rays System
• Teeth Cleaning & Whitening
• Cosmetic Dental Treatment
• ਸੀਨੀਅਰ ਡਿਸਕਾਉਂਟ
• ਅਸੀਂ ਤੁਹਾਡੀ ਭਾਸ਼ਾ ਬੋਲਦੇ ਹਾਂ
• ਐਮਰਜੈਂਸੀ ਅਤੇ ਵਾਕ ਇਨ ਸੇਵਾਵਾਂ
Dr. Samreet Kaur Randhawa
General Family Dentist
New Patients welcome
Deal Directly with all Insurance Companies
NEW LOCATION
10 SQUIRE ELLIS DR, UNIT 5-6
BRAMPTON, ON L6P 4K6
(MAJOR INTERSECTION: GORE RD/MAYFIELD)
Tel :905-794-5111
INVISALIGN & BRACES INCLUDING CLEAR BRACES
Invisible Braces ਜਿਹੜੀਆਂ ਕਿ ਦੂਰੋਂ ਨਜਰ ਨਹੀਂ ਆਉਂਦੀਆਂ
Show Your Smile More With Invisible Braces!

FIRST LOCATION
DENTISTRY @ BONNIE BRAES
50 CHESTERWOOD CRES, UNIT 2
BRAMPTON, ON L6Y 0Z4
(OPP. CHRUCHVILLE PUBLIC SCHOOL, JAMES POTTER / BONNIE BRAES INTERSECTION)
Tel : 905-230-9044



BEST CANADIAN TRUCK & FORKLIFT TRAINING CENTRE
Registered as a Private Career College Under the Private Career College Act. 2005
BEST CANADIAN TRUCK & FORKLIFT TRAINING CENTRE



AZ Tractor trailer program
Manual transmission & backup training everyday
We welcome welfare workers & compensation clients
Open Seven Days
Forklift Re-Certification Only $79.00/-

Karnail Singh
416.670.3173 | 905.799.7333
27 Edvac Dr, Brampton, ON L6S 5X8

# 'ਐੱਮ ਐੱਸ ਪੀ' ਦੇ ਮੋਰਚੇ ਵੱਲ ਵੇਖਦਾ ਭਾਰਤ 'ਐੱਨ ਐੱਮ ਪੀ' ਵਾਲੇ ਕਿੱਲੇ ਨਾਲ ਬੰਨ੍ਹ ਦਿੱਤਾ ਜਾਣ ਲੱਗੈ

ਭਾਰਤ ਦੀ ਨਰਿੰਦਰ ਮੋਦੀ ਸਰਕਾਰ ਨੇ ਜਦੋਂ ਤਿੰਨ ਨਵੇਂ ਖੇਤੀ ਕਾਨੂੰਨ ਬਣਾਏ ਤਾਂ ਅਸੀਂ ਕਿਹਾ ਸੀ ਕਿ ਕਿਸਾਨਾਂ ਲਈ ਇਹ ਕਾਨੂੰਨ ਮਾੜੇ ਸਾਬਤ ਹੋਣ ਦੇ ਨਾਲ ਆਮ ਲੋਕਾਂ ਲਈ ਵੀ ਮਾਰੂ ਹੋਣਗੇ, ਪਰ ਬਹੁਤ ਸਾਰੇ ਲੋਕ ਇਹ ਗੱਲ ਨਹੀਂ ਸਨ ਮੰਨਦੇ। ਮੋਦੀ-ਭਗਤ ਕਹੇ ਜਾਣ ਵਾਲਿਆਂ ਨੂੰ ਛੱਡੋ, ਜਿਹੜੇ ਬਹੁਤ ਸਾਰੇ ਸੱਜਣ ਕਦੇ ਮੋਦੀ-ਹਮਾਇਤੀ ਨਹੀਂ ਰਹੇ, ਇਨ੍ਹਾਂ ਖੇਤੀ ਕਾਨੂੰਨਾਂ ਬਾਰੇ ਕਹੀਆਂ ਜਾਂਦੀਆਂ ਗੱਲਾਂ ਨੂੰ ਉਹ ਵੀ ਵਾਧੂ ਤੜਕਾ ਲਾ ਕੇ ਪੇਸ਼ ਕੀਤੇ ਕਿੱਸੇ ਕਹਿ ਕੇ ਟਾਲ ਦੇਣਾ ਚਾਹੁੰਦੇ ਸਨ। ਉਹ ਉਲਟਾ ਇਹ ਕਹਿੰਦੇ ਸਨ ਕਿ ਮੰਡੀ ਦੇ ਪੁਰਾਣੇ ਸਿਸਟਮ ਵਿੱਚੋਂ ਆੜ੍ਹਤੀਆ ਜਦੋਂ ਨਿਕਲ ਗਿਆ, ਮੰਡੀ ਦੀ ਬਜਾਏ ਫਸਲ ਖੇਤ ਵਿੱਚੋਂ ਚੁੱਕੀ ਜਾਣ ਨਾਲ ਕਿਸਾਨ ਦਾ ਸਮਾਂ, ਖਰਚ ਅਤੇ ਖੇਚਲ ਬਚਣ ਲੱਗ ਪਏ ਤਾਂ ਉਸ ਨੂੰ ਲਾਭ ਹੋਵੇਗਾ, ਨੁਕਸਾਨ ਨਹੀਂ ਹੋ ਸਕਦਾ। ਅਸੀਂ ਦੱਸਦੇ ਸਾਂ ਕਿ ਸਰਕਾਰ ਨੂੰ ਵਰਤ ਕੇ ਸਾਰੇ ਭਾਰਤੀ ਲੋਕਾਂ ਨੂੰ ਆਪਣੇ ਰਹਿਮ ਦੇ ਮੁਥਾਜ ਬਣਾਉਣ ਵਾਲੇ ਵੱਡੇ ਕਾਰਪੋਰੇਟ ਘਰਾਣਿਆਂ ਦੀ ਮਾਨਸਿਕਤਾ ਉਹ ਬਿਲਕੁਲ ਨਹੀਂ, ਜੋ ਵੇਖਣ ਨੂੰ ਲੱਗਦੀ ਹੈ, ਅਸਲ ਕਹਾਣੀ ਕੁਝ ਵਕਤ ਟਪਾ ਕੇ ਸਾਹਮਣੇ ਆਉਣੀ ਹੈ। ਪਹਿਲੇ ਦੋ ਸਾਲ ਫਸਲ ਦਾ ਚੋਖਾ ਭਾਅ ਦੇ ਕੇ ਖਰੀਦ ਲੈਣਗੇ, ਪਰ ਜਦੋਂ ਮੰਡੀ ਵਿੱਚ ਦੋ ਸਾਲ ਫਸਲ ਨਾ ਗਈ ਤੇ ਆੜ੍ਹਤਾਂ ਬੰਦ ਹੋ ਗਈਆਂ ਤਾਂ ਤੀਸਰੇ ਸਾਲ ਫਸਲ ਦਾ ਭਾਅ ਇੱਕ ਦਮ ਡੇਗ ਕੇ ਕਿਸਾਨਾਂ ਨੂੰ ਕੁਚਲ ਦੇਣਗੇ। ਏਦਾਂ ਕਈ ਰਾਜਾਂ ਵਿੱਚ ਹੋ ਚੁੱਕਾ ਹੈ। ਹਿਮਾਚਲ ਪ੍ਰਦੇਸ਼ ਦੇ ਸੇਬਾਂ ਵਾਲੇ ਕਿਸਾਨਾਂ ਨਾਲ ਤਾਂ ਇਸ ਚਲੰਤ ਸਾਲ ਵਿੱਚ ਹੋਇਆ ਹੈ। ਪਹਿਲਾਂ ਮੰਡੀ ਫੇਲ੍ਹ ਕਰ ਲਈ, ਫਿਰ ਕਿਸਾਨਾਂ ਨੂੰ ਸੇਬ ਬੀਜਣ ਲਈ ਉਤਸ਼ਾਹਤ ਕਰ ਕੇ ਦੋ ਸਾਲ ਵੱਧ ਭਾਅ ਦੇਣ ਪਿੱਛੋਂ ਤੀਸਰੇ ਸਾਲ ਇੱਕ ਦਮ ਡੇਗ ਦਿੱਤਾ ਤੇ ਜਦੋਂ ਕਿਸਾਨ ਮੰਡੀ ਵੱਲ ਨੂੰ ਗਏ ਤਾਂ ਸਟੋਰਾਂ ਵਿੱਚ ਪਏ ਸੇਬ ਓਥੇ ਲਿਆ ਸੁੱਟੇ ਤੇ ਭਾਅ ਹੋਰ ਡੇਗ ਕੇ ਸੇਬਾਂ ਵਾਲੇ ਕਿਸਾਨਾਂ ਦੀਆਂ ਚੀਕਾਂ ਕੱਢਵਾ ਦਿੱਤੀਆਂ ਹਨ। ਸਾਡੇ ਪੰਜਾਬ ਤੇ ਹਰਿਆਣਾ ਦੇ ਕਣਕ ਅਤੇ ਝੋਨਾ ਬੀਜਣ ਵਾਲੇ ਕਿਸਾਨਾਂ ਨੂੰ ਹਿਮਾਚਲ ਪ੍ਰਦੇਸ਼ ਦੇ ਇਸ ਤਜਰਬੇ ਤੋਂ ਇਹ ਪੂਰਾ ਪਤਾ ਲੱਗ ਗਿਆ ਹੋਵੇਗਾ ਕਿ ਭਵਿੱਖ ਵਿੱਚ ਇਹੋ ਕੁਝ ਉਨ੍ਹਾਂ ਨਾਲ ਵੀ ਹੋਣ ਵਾਲਾ ਹੈ।

ਗੱਲ ਸਿਰਫ ਸਰਕਾਰ ਨੂੰ ਵਰਤ ਕੇ ਭਾਰਤ ਦੇ ਆਧੁਨਿਕ ਨਵਾਬ ਬਣਨ ਦੀ ਸੋਚ ਵਾਲੇ ਕਾਰਪੋਰੇਟ ਘਰਾਣਿਆਂ ਦੇ ਮਾਲਕ ਅੰਬਾਨੀਆਂ ਅਤੇ ਅਡਾਨੀਆਂ ਦੀ ਮਾਨਸਿਕਤਾ ਦੀ ਨਹੀਂ, ਉਨ੍ਹਾਂ ਦੇ ਹੱਥੀਂ ਚੜ੍ਹੇ ਸਰਕਾਰ ਨੂੰ ਚਲਾਉਣ ਵਾਲਿਆਂ ਦੀ ਹੈ। ਉਹ ਸਿਰਫ ਰਾਜ ਕਰਨਾ ਚਾਹੁੰਦੇ ਹਨ, ਰਾਜ ਕਰਨ ਦੇ ਫਰਜ਼ ਨਿਭਾਉਣ ਦਾ ਜ਼ਿੰਮਾ ਆਪਣੇ ਸਿਰ ਚੁੱਕਣ ਦੀ ਥਾਂ ਹਰ ਜ਼ਿੰਮੇਵਾਰੀ ਕਾਰਪੋਰੇਟ ਘਰਾਣਿਆਂ ਨੂੰ ਕਿਰਾਏ ਉੱਤੇ ਦੇ ਕੇ ਉਸ ਦਾ ਬੋਝ ਆਮ ਲੋਕਾਂ ਉੱਤੇ ਲੱਦ ਦੇਣ ਅਤੇ ਮੋਟੀ ਕਮਾਈ ਕਰਨ ਵਾਲੇ ਉਨ੍ਹਾਂ ਘਰਾਣਿਆਂ ਤੋਂ ਇੱਕ ਜਾਂ ਦੂਸਰੇ ਬਹਾਨੇ ਨਾਲ ਆਪਣੀ ਹਿੱਸਾ-ਪੱਤੀ ਵਸੂਲਣ ਤੋਂ ਵੱਧ ਕੁਝ ਕਰਨਾ ਹੀ ਨਹੀਂ ਚਾਹੁੰਦੇ। ਦੇਸ਼ ਦੀ ਆਜ਼ਾਦੀ ਪਿੱਛੋਂ ਵਾਲੀਆਂ ਸਰਕਾਰਾਂ ਦਾ ਕਿਰਦਾਰ ਹੋਰ ਸੀ, ਤੇਈ ਕੁ ਸਾਲ ਪਹਿਲਾਂ ਬਣੀ ਅਟਲ ਬਿਹਾਰੀ ਵਾਜਪਾਈ ਸਰਕਾਰ ਦੇ ਵਕਤ ਇਹ ਬਦਲਣਾ ਸ਼ੁਰੂ ਹੋਇਆ ਸੀ ਅਤੇ ਅੱਜ



ਜਤਿੰਦਰ ਪੰਨੂ

ਤੱਕ ਇਹ ਏਨਾ ਬਦਲ ਗਿਆ ਹੈ ਕਿ ਪਿਛਲੇ ਕਿਰਦਾਰ ਦਾ ਜ਼ਿਕਰ ਹੀ ਕੋਈ ਨਹੀਂ ਕਰਦਾ। ਜਵਾਹਰ ਲਾਲ ਨਹਿਰੂ ਦੇ ਸਮੇ ਤੋਂ ਦੇਸ਼ ਦੀ ਕੇਂਦਰੀ ਸਰਕਾਰ ਕੋਲ ਜਨਤਕ ਅਦਾਰਿਆਂ ਦਾ ਇੱਕ ਮੰਤਰਾਲਾ ਹੁੰਦਾ ਸੀ, ਜਿਹੜਾ ਚੱਲਦੇ ਸਰਕਾਰੀ ਅਦਾਰਿਆਂ ਨੂੰ ਵੇਖਣ ਤੇ ਸੰਭਾਲਣ ਦੇ ਨਾਲ ਹੋਰ ਏਹੋ ਜਿਹੇ ਅਦਾਰੇ ਚਲਾਉਣ ਲਈ ਯਤਨ ਕਰਦਾ ਹੁੰਦਾ ਸੀ। ਵਾਜਪਾਈ ਸਰਕਾਰ ਦੀ ਆਮਦ ਨਾਲ ਉਸ ਮੰਤਰਾਲੇ, ਮਨਿਸਟਰੀ ਆਫ ਪਬਲਿਕ ਅੰਡਰਟੇਕਿੰਗਜ਼, ਦਾ ਭੋਗ ਪੈ ਗਿਆ ਤੇ ਉਸ ਦੀ ਥਾਂ ਇੱਕ ਨਵਾਂ ਮੰਤਰਾਲਾ 'ਮਨਿਸਟਰੀ ਆਫ ਡਿਸਇਨਵੈੱਸਟਮੈਂਟਸ' ਬਣ ਗਿਆ ਸੀ, ਜਿਹੜਾ ਵੇਚੇ ਜਾ ਸਕਦੇ ਅਦਾਰਿਆਂ ਦੀਆਂ ਲਿਸਟਾਂ ਬਣਾਉਣ ਦੇ ਕੰਮ ਲਾਇਆ ਗਿਆ ਸੀ। ਓਦੋਂ ਉਲਟੇ ਵਹਿਣ ਦਾ ਮੁੱਢ ਬੱਝਾ ਸੀ ਤੇ ਤਿੰਨ ਖੇਤੀ ਕਾਨੂੰਨਾਂ ਨਾਲ ਨਰਿੰਦਰ ਮੋਦੀ ਸਰਕਾਰ ਨੇ ਇਸ ਵਹਿਣ ਨੂੰ ਅਗਲੀ ਰਫਤਾਰ ਦੇ ਦਿੱਤੀ ਹੈ, ਜਿਹੜੀ ਖੱਡਿਆਂ ਤੱਕ ਨਹੀਂ, ਸਮੁੰਦਰ ਵਿੱਚ ਸੁੱਟਣ ਤੱਕ ਜਾਵੇਗੀ। ਗੱਲ ਫਿਰ ਉਸ ਨੀਤੀ ਦਾ ਕਾਲਾ ਪੱਖ ਸਾਬਤ ਕਰਦੀ ਹੈ, ਜਿਸ ਹੇਠ ਸਰਕਾਰ ਦੇ ਅਦਾਰਿਆਂ ਨੂੰ ਕਾਰਪੋਰੇਟ ਚਲਾਉਣਗੇ ਅਤੇ ਸਰਕਾਰ ਨੂੰ ਮਿਥੀ ਰਕਮ ਅਤੇ ਸਰਕਾਰ ਚਲਾਉਣ ਵਾਲਿਆਂ ਨੂੰ ਲੁਕਵੀਆਂ ਥੈਲੀਆਂ ਦੇਂਦੇ ਦੇਣਗੇ।

ਇਸ ਖੇਡ ਦਾ ਤਾਜ਼ਾ ਪੈਂਤੜਾ ਭਾਰਤ ਦੀ ਖਜ਼ਾਨਾ ਮੰਤਰੀ ਨਿਰਮਲਾ ਸੀਤਾਰਮਨ ਵੱਲੋਂ ਬਹੁਤ ਜ਼ਿਆਦਾ ਪ੍ਰਚਾਰਿਆ ਜਾਣ ਵਾਲਾ 'ਐੱਨ ਐੱਮ ਪੀ' (ਨੈਸ਼ਨਲ ਮੋਨੀਟਾਈਜ਼ੇਸ਼ਨ ਪਾਈਪਲਾਈਨ) ਦਾ ਪ੍ਰਾਜੈਕਟ ਹੈ, ਜਿਹੜਾ ਸਰਕਾਰੀ ਮੁਲਾਜ਼ਮਾਂ ਦੇ ਕੰਮਾਂ ਦੀ ਲਾਪ੍ਰਵਾਹੀ ਦੇ ਪ੍ਰਚਾਰ ਹੇਠ ਕਈ ਸੂਝਵਾਨ ਲੋਕਾਂ ਨੂੰ ਵੀ ਬੁਰਾ ਨਹੀਂ ਲੱਗਦਾ। ਐੱਨ ਐੱਮ ਪੀ ਵਾਲੇ ਫਾਰਮੂਲੇ ਮੁਤਾਬਕ ਜਿਹੜਾ ਬੁਨਿਆਦੀ ਢਾਂਚਾ ਸਰਕਾਰ ਨੇ ਲੋਕਾਂ ਦੇ ਪੈਸੇ ਨਾਲ ਬਣਾਇਆ ਹੈ, ਉਸ ਨੂੰ ਇਹ ਕਹਿ ਕੇ ਆਪਣੇ ਉਨ੍ਹਾਂ ਹੀ ਕਾਰਪੋਰੇਟ ਘਰਾਣਿਆਂ ਵਾਲੇ ਮਿੱਤਰਾਂ ਨੂੰ ਸੌਂਪਿਆ ਜਾ ਰਿਹਾ ਹੈ, ਜਿਨ੍ਹਾਂ ਨੂੰ ਖੇਤੀ ਖੇਤਰ ਦੇ ਸਮੇਤ ਹਰ ਕਾਰੋਬਾਰ ਵਿੱਚ ਅਜੋਕੇ ਆਰਥਿਕ ਨਵਾਬਾਂ ਦਾ ਦਰਜਾ ਦਿੱਤਾ ਜਾ ਰਿਹਾ ਹੈ। ਇਸ ਫਾਰਮੂਲੇ ਮੁਤਾਬਕ ਅਦਾਰੇ ਸਰਕਾਰ ਦੇ ਹਨ ਅਤੇ ਇਹ ਏਦਾਂ ਹੀ ਸਰਕਾਰ ਦੇ ਰਹਿਣਗੇ, ਕਾਰੋਬਾਰੀ ਘਰਾਣੇ ਇਨ੍ਹਾਂ ਦਾ ਨਵੀਨੀਕਰਨ ਅਤੇ ਮੁਰੰਮਤ ਕਰ ਕੇ ਆਪਣੇ ਖਰਚੇ ਵਸੂਲ ਕਰਨ ਦੇ ਨਾਲ ਮਿਥੇ ਹੋਏ ਠੇਕੇ ਮੁਤਾਬਕ ਸਰਕਾਰ ਨੂੰ ਵੀ ਚਾਰ ਕੌਡੀਆਂ ਦੇ ਛੱਡਣਗੇ। ਸੜਕ ਸਰਕਾਰ ਦੀ ਹੈ, ਸਰਕਾਰ ਦੀ ਹੀ ਰਹੇਗੀ, ਕਾਰੋਬਾਰੀ ਘਰਾਣਾ ਉਸ ਦੀ ਮੁਰੰਮਤ ਕਰੇ ਜਾਂ ਨਾ, ਮੁਰੰਮਤ ਤੇ ਸੁਧਾਰ ਦਾ ਠੇਕਾ ਲੈਣ ਪਿੱਛੋਂ ਕਈ ਸਾਲ ਓਥੋਂ ਲੰਘਦੇ ਲੋਕਾਂ ਤੋਂ ਟੋਲ ਟੈਕਸ ਉਗਰਾਹੇਗਾ ਤੇ ਸਰਕਾਰ ਨੂੰ ਦਿੱਤੇ ਨਾਲੋਂ ਕਈ ਗੁਣਾਂ ਵੱਧ ਕਮਾਉਣ ਪਿੱਛੋਂ ਵੀ ਵਾਰ-ਵਾਰ ਐਕਸਟੈਂਸ਼ਨ ਮੰਗ ਕੇ ਕਈ ਸਾਲ ਮੁਫਤ ਦਾ ਮਾਲ ਚੁੱਕਦਾ ਰਹੇਗਾ। ਰੇਲ ਲਾਈਨਾਂ ਅਤੇ ਫਲਾਈਓਵਰ ਸਰਕਾਰ ਦੇ ਹੋਣਗੇ, ਟੋਲ ਟੈਕਸ ਕਮਾਉਣ ਦਾ ਮੌਕਾ ਕਾਰਪੋਰੇਟ ਘਰਾਣਿਆਂ ਨੂੰ ਲਗਾਤਾਰ ਦਿੱਤਾ ਜਾਂਦਾ ਰਹੇਗਾ।

ਜਿਹੜੇ ਏਦਾਂ ਦੇ ਤੇਰਾਂ ਅਦਾਰਿਆਂ ਨੂੰ ਐੱਨ ਐੱਮ ਪੀ ਸਕੀਮ ਹੇਠ ਪ੍ਰਾਈਵੇਟ ਕਾਰੋਬਾਰੀਆਂ ਨੂੰ ਸੌਂਪਣ ਦੀ ਵਿਉਂਤ ਬਣ ਰਹੀ ਹੈ, ਕੁਝ ਲਗਭਗ ਸੌਂਪੇ ਜਾ ਚੁੱਕੇ ਹਨ, ਉਨ੍ਹਾਂ ਨਾਲ ਜੁੜੇ ਤੱਥ ਪੜ੍ਹੇ ਜਾਣ ਤਾਂ ਦੰਦ ਜੁੜ ਜਾਂਦੇ ਹਨ। ਸਰਕਾਰ ਦਾ ਕਹਿਣਾ ਹੈ ਕਿ ਇਨ੍ਹਾਂ ਤੇਰਾਂ ਅਦਾਰਿਆਂ ਨੂੰ ਐੱਨ ਐੱਮ ਪੀ ਸਕੀਮ ਹੇਠ ਨਿੱਜੀ ਹੱਥਾਂ ਵਿੱਚ ਸੌਂਪ ਕੇ ਚਾਰ ਸਾਲਾਂ ਵਿੱਚ ਉਸ ਨੂੰ ਛੇ ਲੱਖ ਕਰੋੜ ਰੁਪਏ ਮਿਲ ਜਾਣਗੇ। ਸੁਫਨਾ ਬੜਾ ਸੁਹਾਵਣਾ ਹੈ। ਇਸ ਵਿੱਚੋਂ ਕੌੜਾ ਸੱਚ ਮੱਧ ਪ੍ਰਦੇਸ਼ ਦੀ ਰਾਜਧਾਨੀ ਭੋਪਾਲ ਵਿਚਲੇ ਹਬੀਬਗੰਜ ਰੇਲਵੇ ਸਟੇਸ਼ਨ ਤੋਂ ਪਤਾ ਲੱਗਦਾ ਹੈ। ਪਹਿਲਾਂ ਏਥੇ ਪਲੇਟਫਾਰਮ ਟਿਕਟ ਦਸ ਰੁਪਏ ਦੀ ਹੁੰਦੀ ਸੀ, ਨਿੱਜੀ ਕੰਪਨੀ ਨੇ ਚਾਰਜ ਲੈਂਦੇ ਸਾਰ ਪੰਜਾਹ ਰੁਪਏ ਦੀ ਕਰ ਦਿੱਤੀ। ਰੋਜ਼ ਚਾਲੀ ਹਜ਼ਾਰ ਤੋਂ ਵੱਧ ਲੋਕ ਏਥੇ ਏਦਾਂ ਦੀ ਟਿਕਟ ਲੈਂਦੇ ਹੋਣ ਕਾਰਨ ਪਹਿਲਾਂ ਉਨ੍ਹਾਂ ਦੀ ਜੇਬ ਤੋਂ ਚਾਰ ਲੱਖ ਰੁਪਏ ਨਿਕਲਦੇ ਸਨ, ਨਿੱਜੀ ਕੰਪਨੀ ਰੋਜ਼ ਦੇ ਵੀਹ ਲੱਖ ਕੱਢਣ ਲੱਗ ਪਈ ਹੈ। ਏਦਾਂ ਦੇ ਚਾਰ ਸੌ ਸਟੇਸ਼ਨ ਨਿੱਜੀ ਕੰਪਨੀਆਂ ਨੂੰ ਦਿੱਤੇ ਜਾਣ ਵਾਲੇ ਹਨ। ਰੇਲ ਗੱਡੀ ਦੀ ਟਿਕਟ ਅਜੇ ਤੱਕ ਇੱਕੋ ਰੇਟ ਵਾਲੀ ਹੁੰਦੀ ਸੀ, ਨਿੱਜੀ ਕੰਪਨੀਆਂ ਨੂੰ ਇਨ੍ਹਾਂ ਦਾ ਜ਼ਿੰਮਾ ਦੇਣ ਦੇ ਬਾਅਦ ਉਹ ਪਹਿਲਾਂ ਕੁਝ ਟਿਕਟਾਂ ਮਿਥੇ ਰੇਟ ਮੁਤਾਬਕ ਦੇਣਗੀਆਂ, ਜਦੋਂ ਟਿਕਟਾਂ ਥੋੜ੍ਹੀਆਂ ਬਾਕੀ ਰਹਿ ਗਈਆਂ ਤਾਂ ਜਹਾਜ਼ਾਂ ਦੀ ਟਿਕਟ ਵਾਂਗ ਕਿਰਾਇਆ ਵਧਾਈ ਜਾਣਗੀਆਂ। ਦਿੱਲੀ ਤੋਂ ਲਖਨਊ ਤੱਕ ਤੇਜਸ ਟਰੇਨ ਦੀ ਟਿਕਟ ਆਮ ਕਰ ਕੇ ਸਤਾਰਾਂ ਕੁ ਸੌ ਰੁਪਏ ਦੀ ਹੁੰਦੀ ਹੈ, ਏਦਾਂ ਦੇ ਨਵੇਂ ਫਾਰਮੂਲੇ ਨੂੰ ਲਾਗੂ ਕਰਨ ਪਿੱਛੋਂ ਇੱਕ ਦਿਨ ਘੱਟ ਸੀਟਾਂ ਅਤੇ ਮੰਗ ਵੱਧ ਵੇਖ ਕੇ ਤਿਰਤਾਲੀ ਸੌ ਰੁਪਏ ਦੀ ਵੇਚੀ ਜਾ ਚੁੱਕੀ ਹੈ। ਪੈਸੇ ਵਾਲੇ ਲੋਕ ਏਦਾਂ ਖਰੀਦ ਲੈਣਗੇ, ਗਰੀਬ ਲੋਕ ਏਦਾਂ ਚੜ੍ਹੇ ਭਾਅ ਵਾਲੀ ਮਹਿੰਗੀ ਹੋਈ ਟਿਕਟ ਦੇ ਪੈਸੇ ਨਹੀਂ ਦੇ ਸਕਣਗੇ। ਸਰਕਾਰ ਨੂੰ ਇਸ ਨਾਲ ਮਤਲਬ ਨਹੀਂ, ਉਸ ਦੇ ਲਈ ਸਕੀਮ ਲਾਹੇਵੰਦੀ ਹੈ ਤੇ ਇਸੇ ਕਰ ਕੇ ਉਸ ਨੇ ਇਸ ਸਕੀਮ ਉੱਤੇ ਅਮਲ ਸ਼ੁਰੂ ਕਰ ਦਿੱਤਾ ਹੈ। ਦੱਸਿਆ ਜਾ ਰਿਹਾ ਹੈ ਕਿ ਏਦਾਂ ਨੱਬੇ ਗੱਡੀਆਂ 'ਐੱਨ ਐੱਮ ਪੀ' ਸਕੀਮ ਹੇਠ ਕਾਰਪੋਰੇਟ ਘਰਾਣਿਆਂ ਨੂੰ ਦੇ ਕੇ ਆਮ ਲੋਕਾਂ ਨੂੰ ਲੁਟਵਾਉਣ ਦੀ ਘਾੜਤ ਘੜੀ ਜਾ ਚੁੱਕੀ ਹੈ।

ਹੋਰ ਸੁਣੋ, ਗਰੇਟਰ ਨੋਇਡਾ ਤੋਂ ਆਗਰਾ ਤੱਕ ਦਾ ਯਮਨਾ ਐਕਸਪ੍ਰੈੱਸਵੇਅ ਨਿੱਜੀ ਹੱਥਾਂ ਵਿੱਚ ਦਿੱਤਾ ਜਾਣ ਮਗਰੋਂ ਭਵਿੱਖ ਦੀਆਂ ਸੜਕਾਂ ਉੱਤੇ ਛਿੱਲ ਲੱਥਣ ਦੀ ਕਹਾਣੀ ਵੀ ਸਾਹਮਣੇ ਆ ਗਈ ਹੈ। ਇਹ ਐੱਕਸਪ੍ਰੈੱਸਵੇਅ ਇੱਕ ਸੌ ਪੈਂਹਠ ਕਿਲੋਮੀਟਰ ਹੈ, ਏਨੇ ਪੈਂਡੇ ਲਈ ਦੇਸ਼ ਵਿੱਚ ਹੋਰ ਥਾਂਈਂ ਕਾਰ ਦਾ ਟੋਲ ਟੈਕਸ ਡੇਢ ਸੌ ਰੁਪਏ ਤੱਕ ਬਣਦਾ ਹੈ, ਪਰ ਇਸ ਮਸਾਂ ਇੱਕ ਸੌ ਪੈਂਹਠ ਕਿਲੋਮੀਟਰ ਦਾ ਟੋਲ ਟੈਕਸ ਨਿੱਜੀ ਕੰਪਨੀ ਨੇ ਖੜੇ ਪੈਰ ਵਧਾਇਆ ਅਤੇ ਤਿੰਨ ਸੌ ਸੱਠ ਰੁਪਏ ਕਰ ਦਿੱਤਾ ਹੈ। ਭਾਰਤ ਸਰਕਾਰ ਏਦਾਂ ਦੇ ਕੁੱਲ ਸਤਾਈ ਹਜ਼ਾਰ ਕਿਲੋਮੀਟਰ ਨਿੱਜੀ ਕੰਪਨੀਆਂ ਨੂੰ ਸੌਂਪਣ ਦੇ ਲਈ ਨਵੀਂ ਸਕੀਮ ਐੱਨ ਐੱਮ ਪੀ ਦਾ ਖਰੜਾ ਬਣਾ ਚੁੱਕੀ ਹੈ, ਜਿਹੜਾ ਲਾਗੂ ਹੋਵੇਗਾ ਤਾਂ ਕੇਂਦਰ ਸਰਕਾਰ ਨੂੰ ਚੋਗਾ ਜਿਹਾ ਪਾ ਕੇ ਅਸਲ ਵਿੱਚ ਲੋਕਾਂ ਦੀ ਜੇਬ ਉੱਤੇ ਕਿੱਡਾ ਡਾਕਾ ਪਵੇਗਾ, ਸਾਫ ਸਮਝ ਪੈ ਜਾਂਦਾ ਹੈ। ਜਦੋਂ ਹਰ ਕੰਮ ਏਦਾਂ ਹੀ ਨਿੱਜੀ ਕੰਪਨੀਆਂ ਨੂੰ ਸੌਂਪ ਕੇ ਉਨ੍ਹਾਂ ਨੂੰ ਖੁਦ ਕਮਾਉਣ ਦੇ ਨਾਲ ਸਰਕਾਰ ਨੂੰ ਚੋਗਾ ਜਿਹਾ ਪਾਉਣ ਦੀ ਖੁੱਲ੍ਹ ਦੇ ਦੇਣੀ ਹੈ, ਮੁਲਕ ਨੂੰ ਦੋਵੀਂ ਹੱਥੀਂ ਲੁੱਟੇ ਜਾਣ ਵਾਸਤੇ ਹਰ ਦਰਵਾਜ਼ਾ ਖੋਲ੍ਹ ਦੇਣਾ ਹੈ ਤਾਂ ਸਰਕਾਰ ਚਲਾਉਣ ਵਾਸਤੇ ਬਣਾਏ ਮੰਤਰੀ ਮੰਡਲ ਦੇ ਜ਼ਿੰਮੇ ਕਦੇ-ਕਦਾਈਂ ਮੀਟਿੰਗਾਂ ਕਰ ਕੇ ਮਹੀਨੇ ਪਿੱਛੋਂ ਨੋਟਾਂ ਦੀ ਭਰੀ ਹੋਈ ਤਨਖਾਹ ਦੀ ਬੋਰੀ ਚੁੱਕਣ ਤੋਂ ਸਿਵਾ ਕੋਈ ਕੰਮ ਨਹੀਂ ਰਹੇਗਾ। ਇਹ ਸਾਰਾ ਕੁਝ ਓਦੋਂ ਹੋ ਰਿਹਾ ਹੈ, ਜਦੋਂ ਕਿਸਾਨ ਸੰਘਰਸ਼ ਲੜਦੇ ਅਤੇ ਇਹ ਕਹਿ ਰਹੇ ਹਨ ਕਿ ਅਸੀਂ ਆਪਣੇ ਲਈ ਨਹੀਂ, ਸਾਰੇ ਦੇਸ਼ ਦੇ ਲੋਕਾਂ ਦੇ ਹਿੱਤਾਂ ਲਈ ਲੜ ਰਹੇ ਹਾਂ ਤੇ ਮੋਦੀ-ਭਗਤ ਕਹਿੰਦੇ ਹਨ ਕਿ ਇਹ ਇੱਕ ਸਾਜ਼ਿਸ਼ ਹੇਠ ਚਲਾਇਆ ਜਾ ਰਿਹਾ ਡਰਾਮਾ ਹੈ। ਸਾਜ਼ਿਸ਼ ਕਿਸਾਨਾਂ ਦਾ ਸੰਘਰਸ਼ ਨਹੀਂ, ਸਾਜ਼ਿਸ਼ ਇਹ ਹੈ ਕਿ ਸਰਕਾਰ ਕਿਸਾਨਾਂ ਦੀਆਂ ਮੰਗਾਂ ਵਿੱਚੋਂ ਇੱਕ ਮੰਗ, ਐੱਮ ਐੱਸ ਪੀ (ਫਸਲਾਂ ਦੀ ਘੱਟੋ-ਘੱਟ ਖਰੀਦ ਕੀਮਤ) ਮੰਨਣ ਦੀ ਥਾਂ ਇਸ ਦੇਸ਼ ਦੇ ਸਮੁੱਚੇ ਲੋਕਾਂ ਨੂੰ ਐੱਨ ਐੱਮ ਪੀ (ਨੈਸ਼ਨਲ ਮੋਨੀਟਾਈਜ਼ੇਸ਼ਨ ਪਾਈਪਲਾਈਨ) ਵਾਲੇ ਨਵੇਂ ਕਿੱਲੇ ਨਾਲ ਬੰਨ੍ਹ ਦੇਣ ਲੱਗੀ ਹੈ। ਅਸਲੀ ਸਾਜ਼ਿਸ਼ ਤਾਂ ਇਹ ਹੈ, ਜਿਸ ਨੂੰ ਆਮ ਲੋਕਾਂ ਦੀ ਖੁਸ਼ਹਾਲੀ ਦੇ ਵਰਕ ਲਾ ਕੇ ਪੇਸ਼ ਕੀਤਾ ਜਾ ਰਿਹਾ ਹੈ।

# ਕਰੀਅਰ ਦੀ ਸਹੀ ਚੋਣ ਕਰਨ ਲਈ ਸਵੈ-ਮੁਲਾਂਕਣ ਦੀ ਜ਼ਰੂਰਤ

ਜਾਣਕਾਰੀ ਦੇ ਇਸ ਯੁੱਗ ਵਿੱਚ ਇੰਟਰਨੈਟ ਦੀ ਪਹੁੰਚ ਨੇ ਬਹੁਤ ਸਾਰੀਆਂ ਸਮੱਸਿਆਵਾਂ ਨੂੰ ਹੱਲ ਕੀਤਾ ਹੈ, ਜੀਵਨ ਨੂੰ ਸਰਲ, ਤੇਜ਼ ਅਤੇ ਖੁਸ਼ਹਾਲ ਬਣਾਇਆ ਹੈ। ਅੱਜ ਸਾਡੇ ਕੋਲ ਜਾਣਕਾਰੀ ਦੀ ਕੋਈ ਕਮੀ ਨਹੀਂ ਹੈ। ਗੂਗਲ ਕੋਲ ਹਰ ਪ੍ਰਸ਼ਨ ਦੇ ਉੱਤਰ ਹਨ ਅਤੇ ਖੋਜ ਇੰਜਨ ਜਾਣਕਾਰੀ ਅਤੇ ਗਿਆਨ ਦਾ ਇੱਕ ਭਰੋਸੇਯੋਗ ਅਤੇ ਸਭ ਤੋਂ ਭਰੋਸੇਮੰਦ ਸਰੋਤ ਹੈ।

ਐਪਸ ਲਗਭਗ ਹਰ ਚੀਜ਼ ਲਈ ਤਿਆਰ ਹੋਏ ਹਨ ਅਤੇ ਕੁਝ ਸੁਪਰ ਸਫਲਤਾ ਦੀਆਂ ਕਹਾਣੀਆਂ ਬਣਨ ਲਈ ਤਿਆਰ ਹਨ। ਦਿਲਚਸਪ ਗੱਲ ਇਹ ਹੈ ਕਿ ਪਹਿਲਾਂ, ਸਾਡੇ ਕੋਲ ਕਰੀਅਰ ਦੇ ਵਿਕਲਪਾਂ ਦੀ ਘਾਟ ਸੀ ਅਤੇ ਮੈਡੀਕਲ, ਇੰਜੀਨੀਅਰਿੰਗ ਜਾਂ ਕਾਨੂੰਨ ਸਿਰਫ ਵਿਕਲਪ ਸਨ, ਪਰ ਅੱਜ, ਮੌਕੇ ਬੇਅੰਤ ਹਨ। ਅਣਗਿਣਤ ਕਾਲਜਾਂ ਅਤੇ ਕੋਰਸਾਂ ਦੇ ਨਾਲ ਕਈ ਕਰੀਅਰ ਵਿਕਲਪਾਂ ਨੇ ਸਭ ਤੋਂ ਢੁਕਵੇਂ ਕਰੀਅਰ ਦੀ ਚੋਣ ਕਰਨ ਵਿੱਚ ਕੋਈ ਉਲਝਣ ਨਹੀਂ ਪੈਦਾ ਹੁੰਦਾ ਹੈ।

ਹਾਲਾਂਕਿ, ਕਰੀਅਰ ਦੀ ਚੋਣ ਕਰਦੇ ਸਮੇਂ, ਤੁਹਾਨੂੰ ਪਹਿਲਾਂ ਆਪਣੇ ਆਪ ਦਾ ਮੁਲਾਂਕਣ ਕਰਨ ਦੀ ਜ਼ਰੂਰਤ ਹੁੰਦੀ ਹੈ. ਇੱਥੇ, ਫੈਸਲੇ ਲੈਣ ਦੇ ਮੁੱਖ ਪਹਿਲੂ ਇਸ ਪ੍ਰਕਾਰ ਹਨ:

*ਸਵੈ-ਮੁਲਾਂਕਣ:*

ਇਸ ਬਾਰੇ ਸੋਚੋ ਕਿ ਤੁਸੀਂ ਕੌਣ ਹੋ, ਤੁਸੀਂ ਕਿਸ ਵਿੱਚ ਚੰਗੇ ਹੋ ਅਤੇ ਤੁਹਾਨੂੰ ਕੀ ਕਰਨਾ ਪਸੰਦ ਹੈ। ਇਹ ਤੁਹਾਨੂੰ ਆਪਣੇ ਹੁਨਰਾਂ ਅਤੇ ਰੁਚੀਆਂ ਨਾਲ ਮੇਲ ਖਾਂਦੇ ਕਰੀਅਰ ਦੇ ਵਿਚਾਰਾਂ ਦੀ ਚੋਣ ਕਰਨ ਵਿੱਚ ਸਹਾਇਤਾ ਕਰੇਗਾ।

*ਪੜਚੋਲ ਕਰਨ ਲਈ ਇੱਥੇ ਕੁਝ ਲਾਭਦਾਇਕ ਪ੍ਰਸ਼ਨ ਅਤੇ ਗਤੀਵਿਧੀਆਂ ਹਨ:*

ਸਕੂਲ ਅਤੇ ਇਸ ਤੋਂ ਅੱਗੇ ਤੁਹਾਨੂੰ ਕਿਹੜੇ ਵਿਸ਼ਿਆਂ ਦਾ ਅਧਿਐਨ ਕਰਨਾ ਪਸੰਦ ਆਇਆ? ਕਿਉਂ? ਕੀ ਇਹ ਇਸ ਲਈ ਹੈ ਕਿਉਂਕਿ ਤੁਸੀਂ ਅਧਿਆਪਕ ਨੂੰ ਪਸੰਦ ਕੀਤਾ ਹੈ, ਜਾਂ ਉਸ ਵਿਸ਼ੇ ਬਾਰੇ ਕੁਝ ਅਜਿਹਾ ਹੈ ਜਿਸ ਨਾਲ ਤੁਸੀਂ ਸੰਬੰਧਤ ਹੋ ਸਕਦੇ ਹੋ?

ਤੁਸੀਂ ਕਿਹੜੇ ਵਿਸ਼ਿਆਂ ਵਿੱਚ ਵਧੀਆ ਪ੍ਰਦਰਸ਼ਨ ਕੀਤਾ ਹੈ, ਅਤੇ ਕਿਉਂ?

ਜੇ ਤੁਹਾਨੂੰ ਸ਼ਬਦਾਂ, ਸੰਖਿਆਵਾਂ, ਵਿਜ਼ੂਅਲਸ ਅਤੇ ਸਰੀਰਕ ਗਤੀਵਿਧੀਆਂ ਵਿੱਚੋਂ ਕੋਈ ਮਨਪਸੰਦ ਚੁਣਨਾ ਪਿਆ, ਤਾਂ ਇਹ ਕੀ ਹੋਵੇਗਾ? ਕੀ ਤੁਸੀਂ ਆਪਣੇ ਆਪ ਨੂੰ ਅਜਿਹੀ ਨੌਕਰੀ ਵਿੱਚ ਵੇਖਦੇ ਹੋ ਜਿੱਥੇ ਤੁਹਾਡੀ ਚੋਟੀ ਦੀ ਪਸੰਦ ਤੁਹਾਡੇ ਰੋਜ਼ਾਨਾ ਦੇ ਕੰਮਾਂ ਦਾ ਇੱਕ ਵੱਡਾ ਹਿੱਸਾ ਹੈ?

ਲਾਭਦਾਇਕ ਸਵੈ-ਮੁਲਾਂਕਣ ਗਤੀਵਿਧੀਆਂ ਆਪਣੀ ਸ਼ਕਤੀਆਂ ਬਾਰੇ ਹੋਰ ਜਾਣਨ ਲਈ ਇੱਕ ਆਨਲਾਈਨ ਕਰੀਅਰ ਸ਼ਖਸੀਅਤ ਦਾ ਟੈਸਟ ਲਓ. ਕਰੀਅਰ ਐਪਟੀਚਿਊਡ



ਵਿਜੈ ਗਰਗ
ਸਾਬਕਾ ਪੀਈਐਸ-1
ਸੇਵਾ ਮੁਕਤ
ਪ੍ਰਿੰਸਪਲ, ਮਲੋਟ

ਟੈਸਟ ਜਾਂ ਸਵੈ-ਮੁਲਾਂਕਣ ਟੈਸਟਾਂ ਵਜੋਂ ਵੀ ਜਾਣਿਆ ਜਾਂਦਾ ਹੈ, ਉਹ ਤੁਹਾਡੇ ਨਿੱਜੀ ਗੁਣਾਂ ਜਾਂ ਗੁਣਾਂ ਦੇ ਅਧਾਰ ਤੇ ਕਰੀਅਰ ਦੀ ਚੋਣ ਕਰਨ ਵਿੱਚ ਤੁਹਾਡੀ ਸਹਾਇਤਾ ਕਰਦੇ ਹਨ।

ਇੱਕ ਸਓਟਿਊ ਤੇ ਵਿਸ਼ਲੇਸ਼ਣ ਕਰੋ। ਤੁਹਾਨੂੰ ਸਿਰਫ ਇੱਕ ਕਲਮ, ਕਾਗਜ਼ ਅਤੇ ਆਪਣੇ ਬਾਰੇ ਥੋੜ੍ਹੀ ਈਮਾਨਦਾਰੀ ਦੀ ਲੋੜ ਹੈ। ਇਹ ਤੁਹਾਨੂੰ ਤੁਹਾਡੀ ਮੌਜੂਦਾ ਸ਼ਕਤੀਆਂ, ਕਮਜ਼ੋਰੀਆਂ ਅਤੇ ਤੁਹਾਡੇ ਟੀਚਿਆਂ ਅਤੇ ਮੌਕਿਆਂ ਲਈ ਕੋਈ ਖਤਰੇ ਨਹੀਂ ਹੋਵੇਗਾ।

ਅੱਗੇ, ਸਭ ਤੋਂ ਮਹੱਤਵਪੂਰਣ ਜੀਵਨ ਅਤੇ ਕੰਮ ਦੇ ਹੁਨਰਾਂ ਬਾਰੇ ਸੋਚੋ ਜੋ ਤੁਹਾਡੇ ਕੋਲ ਪਹਿਲਾਂ ਹੀ ਹਨ ਅਤੇ ਉਸ ਉੱਤੇ ਨਿਰਮਾਣ ਕਰਨਾ ਚਾਹੁੰਦੇ ਹੋ, ਸੰਚਾਰ, ਸਵੈ-ਪ੍ਰਬੰਧਨ, ਸਵੈ-ਵਿਸ਼ਵਾਸ, ਟੀਮ ਵਰਕ ਅਤੇ ਸਮੱਸਿਆ ਹੱਲ ਕਰਨ ਵਿੱਚ ਤੁਹਾਡੇ ਲਈ ਕਿਹੜਾ ਹੁਨਰ ਸਭ ਤੋਂ ਸੌਖਾ ਹੈ? ਹਰ ਕੈਰੀਅਰ ਨੂੰ ਇਨ੍ਹਾਂ ਹੁਨਰਾਂ ਦੀ ਜ਼ਰੂਰਤ ਹੁੰਦੀ ਹੈ, ਪਰ ਕੁਝ ਹੋਰਾਂ ਨਾਲੋਂ ਵਧੇਰੇ ਹੋਣ ਚਾਹੀਦਾ ਹੈ।

ਇੱਕ ਵਾਰ ਜਦੋਂ ਤੁਸੀਂ ਆਪਣੇ ਹੁਨਰਾਂ ਅਤੇ ਰੁਚੀਆਂ ਬਾਰੇ ਸੋਚ ਲਿਆ ਹੈ, ਉਨ੍ਹਾਂ ਸਾਰੇ ਕਰੀਅਰਾਂ ਦੀ ਇੱਕ ਸੂਚੀ ਬਣਾਉ ਜਿਨ੍ਹਾਂ ਬਾਰੇ ਤੁਸੀਂ ਸੋਚਦੇ ਹੋਏ ਹੈ ਕਿ ਇੱਕ ਵਧੀਆ ਮੈਚ ਹੋ ਸਕਦਾ ਹੈ, ਯਾਦ ਰੱਖੋ, ਬਹੁਤ ਸਾਰੇ ਕਰੀਅਰ ਹਨ ਜੋ ਇੱਕ ਤੋਂ ਵਧੀਆ ਮੈਚ ਹੋ ਸਕਦੇ ਹਨ ਜਿਸ ਬਾਰੇ ਤੁਸੀਂ ਅਜੇ ਸੋਚਿਆ ਨਹੀਂ ਹੈ!

ਉਨ੍ਹਾਂ ਕੈਰੀਅਰਾਂ ਦੀ ਸੂਚੀ ਬਣਾਉ ਜਿਨ੍ਹਾਂ ਵਿੱਚ ਤੁਹਾਡੀ ਦਿਲਚਸਪੀ ਹੈ ਸਵੈ-ਮੁਲਾਂਕਣ ਤੋਂ ਬਾਅਦ, ਤੁਹਾਨੂੰ ਕਰੀਅਰ ਦੀ ਇੱਕ ਸੂਚੀ ਦੱਸਣ ਦੇ ਯੋਗ ਹੋਣਾ ਚਾਹੀਦਾ ਹੈ ਜਿਸ ਬਾਰੇ ਸੋਚਣਾ ਹੈ. ਘੱਟੋ ਘੱਟ ਦਸ ਕੈਰੀਅਰ ਵਿਕਲਪਾਂ ਦੇ ਨਾਲ, ਇੱਕ ਲੰਮੀ ਸੂਚੀ ਰੱਖਣਾ ਚੰਗਾ ਹੈ।

ਆਪਣੀ ਸੂਚੀ ਨੂੰ ਵਧਾਉਣ ਲਈ ਕਰੀਅਰ ਦੀ ਚੋਟੀ ਦੀ ਚੋਣ ਦੀ ਵਰਤੋਂ ਕਰੋ। ਮਾਰਕੀਟ ਵਿੱਚ ਬਹੁਤ ਸਾਰੇ ਕਰੀਅਰ ਸਲਾਹਕਾਰ ਵੀ ਹਨ ਜੋ ਸਹੀ ਚੋਣ ਕਰਨ ਵਿੱਚ ਤੁਹਾਡੀ ਸਹਾਇਤਾ ਕਰਦੇ ਹਨ। ਇੱਕ ਛੋਟੀ ਜਿਹੀ ਵਿਚਾਰ - ਵਟਾਂਦਰਾ ਇਹ ਫੈਸਲਾ ਕਰਨ ਵਿੱਚ ਤੁਹਾਡੀ ਮਦਦ ਕਰ ਸਕਦਾ ਹੈ। ਉਦਾਹਰਣ ਵਜੋਂ ਕਿ ਤੁਸੀਂ ਰਚਨਾਤਮਕ ਕਰੀਅਰ ਪਸੰਦ ਕਰਦੇ ਹੋ ਜਾਂ ਸਾਇੰਸ ਕਰੀਅਰ,ਦੋ ਤੋਂ ਪੰਜ ਕੈਰੀਅਰ ਵਿਕਲਪਾਂ ਦੀ ਸ਼ਾਰਟਲਿਸਟ ਅਗਲਾ ਤੁਹਾਡੀ ਸੂਚੀ ਨੂੰ ਘਟਾ ਰਿਹਾ ਹੈ। ਖੁੱਲਾ ਦਿਮਾਗ ਰੱਖੋ ਕਿਉਂਕਿ ਚੁਣਨ ਲਈ ਕਈ ਸੁਪਨਿਆਂ ਦੇ ਵਿਕਲਪ ਹਨ। ਅਜਿਹਾ ਕਰਨ ਦਾ ਸਭ ਤੋਂ ਵਧੀਆ ਤਰੀਕਾ ਉਹ ਕਰੀਅਰ ਚੁਣਨਾ ਹੈ ਜੋ ਤੁਹਾਡੀ ਯੋਗਤਾਵਾਂ ਨਾਲ ਮੇਲ ਖਾਂਦਾ ਹੋਵੇ, ਜਾਂ ਉਹ ਯੋਗਤਾਵਾਂ ਜੋ ਤੁਸੀਂ ਸਮੇਂ ਦੇ ਨਾਲ ਪ੍ਰਾਪਤ ਕਰਨਾ ਚਾਹੁੰਦੇ ਹੋ।

ਤੁਹਾਡੀਆਂ ਪ੍ਰਮੁੱਖ ਚੋਣਾਂ ਵਿੱਚ ਸਮਾਨ ਯੋਗਤਾਵਾਂ ਅਤੇ ਹੁਨਰ ਸ਼ਾਮਲ ਹੋ ਸਕਦੇ ਹਨ ਜੋ ਭਵਿੱਖ ਵਿੱਚ ਉਪਯੋਗੀ ਹੋ ਸਕਦੇ ਹਨ. ਇਹ ਤੁਹਾਡੇ ਅਧਿਐਨ ਦੇ ਕੋਰਸ ਨੂੰ ਨਿਰਧਾਰਤ ਕਰਨ ਵਿੱਚ ਸਹਾਇਤਾ ਕਰੇਗਾ।

ਛੋਟੇ ਅਤੇ ਲੰਮੇ ਸਮੇਂ ਦੇ ਟੀਚੇ ਅਗਲਾ ਕਦਮ ਤੁਹਾਡੇ ਪ੍ਰਾਪਤੀ ਯੋਗ ਟੀਚਿਆਂ ਬਾਰੇ ਸੋਚਣਾ ਹੈ. ਉਹਨਾਂ ਸਾਰੇ ਕਦਮਾਂ ਦੀ ਪਛਾਣ ਕਰੋ ਅਤੇ ਸੂਚੀਬੱਧ ਕਰੋ ਜੋ ਤੁਸੀਂ ਆਪਣੇ ਟੀਚਿਆਂ ਨੂੰ ਪ੍ਰਾਪਤ ਕਰਨ ਲਈ ਕਰ ਸਕਦੇ ਹੋ ਅਤੇ ਉਹਨਾਂ ਨੂੰ ਪ੍ਰਾਪਤ ਕਰਨ ਲਈ ਆਪਣੇ ਆਪ ਨੂੰ ਇੱਕ ਸਮਾਂ ਸੀਮਾ ਨਿਰਧਾਰਤ ਕਰੋ।

ਇਹ ਤੁਹਾਡੀ ਪ੍ਰੀਖਿਆਵਾਂ ਵਿੱਚ ਇੱਕ ਵਿਸ਼ੇਸ਼ ਗ੍ਰੇਡ ਜਾਂ ਅੰਕ ਪ੍ਰਾਪਤ ਕਰਨ ਤੋਂ ਲੈ ਕੇ ਕਿਸੇ ਖਾਸ ਕਰੀਅਰ ਵਿਕਲਪ ਤੇ ਖੋਜ ਕਰਨ ਤੱਕ ਕੁਝ ਵੀ ਹੋ ਸਕਦਾ ਹੈ।

ਤੁਹਾਡੇ ਸੁਪਨੇ ਦੇ ਕਰੀਅਰ ਨੂੰ ਪ੍ਰਾਪਤ ਕਰਨ ਦੇ ਕਈ ਰਸਤੇ ਹਨ ਅਤੇ ਇੱਕ ਤੋਂ ਵੱਧ ਸੁਪਨਿਆਂ ਦੇ ਕਰੀਅਰ ਹਨ। ਤੁਹਾਡੇ ਹੁਨਰਾਂ ਅਤੇ ਰੁਚੀਆਂ ਕਈ ਤਰ੍ਹਾਂ ਦੇ ਕਰੀਅਰਾਂ ਲਈ ਇੱਕ ਵਧੀਆ ਮੇਲ ਹੋ ਸਕਦੀਆਂ ਹਨ, ਜਿਨ੍ਹਾਂ ਵਿੱਚੋਂ ਕੁਝ ਤੁਸੀਂ ਸ਼ਾਇਦ ਕਦੇ ਨਹੀਂ ਸੁਣਿਆ ਹੋਵੇਗਾ ਕਿ ਮਹੱਤਵਪੂਰਨ ਕੀ ਕਰੀਅਰ ਦੀ ਸ਼੍ਰੇਣੀ ਦੀ ਪਛਾਣ ਕਰਨਾ ਹੈ ਜੋ ਤੁਹਾਨੂੰ ਉਤਸ਼ਾਹਿਤ ਕਰਦਾ ਹੈ।

# ਸਾਰਾਗੜ੍ਹੀ ਦੀ ਲੜਾਈ ਤੇ 21 ਸਿੱਖ ਬਹਾਦਰ ਫੌਜ਼ੀ ਯੋਧਿਆਂ ਦੀ ਬਹਾਦਰੀ ਦੀ ਅਦੁੱਤੀ ਦਾਸਤਾਨ

ਸਾਰਾਗੜ੍ਹੀ ਦੀ ਲੜਾਈ ਉੱਤਰ-ਪੱਛਮੀ ਫਰੰਟੀਅਰ ਸੂਬੇ 'ਤੇ ਦੀਆਂ ਸਰਹੱਦਾਂ ਲਾਗੇ ਸਾਰਾਗੜ੍ਹੀ ਦੇ ਸਥਾਨ 'ਤੇ 12 ਸਤੰਬਰ, 1897 ਨੂੰ ਲੜੀ ਗਈ ਸੀ। ਇਹ ਲੜਾਈ ਬ੍ਰਿਟਿਸ਼-ਭਾਰਤੀ ਫੌਜ (36 ਸਿੱਖ ਰੈਜਮੈਂਟ) ਜੋ ਹੁਣ 4 ਸਿੱਖ ਰੈਜਮੈਂਟ ਅਖਵਾਉਂਦੀ ਹੈ, ਦੇ 21 ਜਾਂਬਾਜ ਜਵਾਨਾਂ ਤੇ ਅਫ਼ਗ਼ਾਨੀ ਪਠਾਣਾਂ 'ਤੇ ਅਫ਼ਰੀਦੀ ਕਬਾਇਲੀਆਂ ਵਿਚਕਾਰ ਗਹਿਗੱਚ ਮੁਕਾਬਲੇ ਨਾਲ ਲੜੀ। ਇਹ ਇਲਾਕਾ ਵਜ਼ੀਰਸਤਾਨ ਦਾ ਇਲਾਕਾ ਵੀ ਕਹਾਉਂਦਾ ਹੈ, ਜਿਸ ਦੇ ਪਹਾੜ ਬ੍ਰਿਟਿਸ਼ ਫਰੰਟੀਅਰ ਤੇ ਅਫਗਾਨਿਸਤਾਨ ਦੀ ਵੰਡ ਕਰਦੇ ਸਨ। ਸਾਰਾਗੜ੍ਹੀ ਸਮਾਨਾ ਘਾਟੀ 'ਚ ਕੋਹਾਟ ਜ਼ਿਲ੍ਹੇ ਦਾ ਪਿੰਡ ਹੈ,ਜਿਥੋਂ ਕੁਹਾਟ 35 ਮੀਲ ਅਤੇ ਪਿਸ਼ਾਵਰ 50 ਕੁ ਮੀਲ ਦੀ ਦੂਰੀ 'ਤੇ ਪੈਂਦਾ ਹੈ। ਇਸ ਚੌਕੀ ਦੀ ਅਹਿਮੀਅਤ ਇਸ ਕਰਕੇ ਵੀ ਜ਼ਿਆਦਾ ਹੈ ਕਿ ਲੋਕਹਾਰਟ ਤੇ ਗੁਲ-ਸਤਾਨ ਕਿਲ੍ਹੇ ਵਿਚਕਾਰ 6 ਕਿਲੋਮੀਟਰ ਦਾ ਫਾਸਲਾ ਹੈ। ਇਨ੍ਹਾਂ ਦੋਵਾਂ ਕਿਲ੍ਹਿਆਂ ਦੇ ਵਿਚਕਾਰ ਨੀਵੇਂ ਇਲਾਕੇ ਵਿੱਚ ਸਾਰਾਗੜ੍ਹੀ ਕਿਲ੍ਹਾ ਸਥਿਤ ਹੈ। ਨਿਰੋਲ ਪਹਾੜੀ ਇਲਾਕਾ ਹੈ। ਇਨ੍ਹਾਂ ਦੋਵਾਂ ਕਿਲ੍ਹਿਆਂ ਨੂੰ ਝੰਡੀ ਦਿਖਾਉਣ ਲਈ ਇਸ ਚੌਕੀ ਦੀ ਸਥਾਪਨਾ ਕੀਤੀ ਗਈ ਸੀ।ਸ਼ੇਰੇ ਪੰਜਾਬ ਮਹਾਰਾਜਾ ਰਣਜੀਤ ਸਿੰਘ ਦੇ ਰਾਜ ਪ੍ਰਬੰਧ ਤੋਂ ਬਾਅਦ 19ਵੀਂ ਸਦੀ ਦੇ ਅਖੀਰ ਵਿੱਚ ਅੰਗਰੇਜ਼ਾਂ ਨੇ ਇਹ ਇਲਾਕਾ ਅੰਗਰੇਜ਼ ਸਾਮਰਾਜ ਅਧੀਨ ਕਰ ਲਿਆ, ਲੇਕਿਨ ਲੜਾਕੇ ਪਠਾਣ ਤੇ ਕਬਾਇਲੀ ਲੋਕਾਂ ਨੇ ਅੰਗਰੇਜ਼ਾਂ ਦੀ ਅਧੀਨਗੀ ਨੂੰ ਪ੍ਰਵਾਨ ਕਰਨ ਤੋਂ ਕਿਨਾਰਾ ਕਰ ਲਿਆ ਅਤੇ ਇਹ ਲੋਕ ਅੰਗਰੇਜ਼ਾਂ ਖਿਲਾਫ 1896 ਵਿੱਚ ਬਗਾਵਤ ਦਾ ਝੰਡਾ ਚੁੱਕ ਕੇ ਖਲੋ ਗਏ। ਵਪਾਰਕ ਪੱਖ ਤੋਂ ਇਹ ਰਾਹ ਅੰਗਰੇਜ਼ਾਂ ਲਈ ਵੀ ਬੜਾ ਮਹੱਤਵ ਰੱਖਦਾ ਸੀ। ਜਦੋਂ ਵੀ ਦਾਅ ਲਗਦਾ, ਪਠਾਣ, ਵਪਾਰੀਆਂ ਅਤੇ ਛੋਟੀਆਂ-ਛੋਟੀਆਂ ਅੰਗਰੇਜ਼ ਫੌਜੀ ਟੁਕੜੀਆਂ ਦਾ ਮਾਲ ਲੁੱਟ ਲੈਂਦੇ। ਕਾਬੁਲ ਨੂੰ ਵਪਾਰ ਕਰਨ ਲਈ ਕੁਰਮ ਘਾਟੀ ਹੁਣ ਖਤਰਿਆਂ ਵਿੱਚ ਘਿਰ ਚੁੱਕੀ ਸੀ। ਸਮਾਨਾ ਚੋਟੀ 'ਤੇ ਅੰਗਰੇਜ਼ 5 ਸਾਲ ਤੋਂ ਕਬਜ਼ਾ ਜਮਾਈ ਬੈਠੇ ਸਨ। 31 ਦਸੰਬਰ, 1896 ਨੂੰ ਕੁਹਾਟ ਪਹੁੰਚੀ ਸਿੱਖ ਬਟਾਲੀਅਨ ਨੂੰ ਸਮਾਨਾ ਘਾਟੀ ਦੀ ਉੱਪਰ ਵਾਲੀ ਚੋਟੀ 'ਤੇ ਕਬਜ਼ਾ ਕਰਨ ਦਾ ਹੁਕਮ ਸੁਣਾਇਆ ਗਿਆ। ਇਸ ਕਾਰਜ ਲਈ ਬਟਾਲੀਅਨ ਨੂੰ ਦੋ ਭਾਗਾਂ ਵਿੱਚ ਵੰਡ ਦਿੱਤਾ ਗਿਆ। ਰਾਈਟ ਵਿੰਗ ਦੀ ਕਮਾਂਡ ਲੈਫਟੀਨੈਂਟ



ਕਰਨਲ ਮਿਸਟਰ ਹੈਗਟਨ ਨੂੰ ਸੌਂਪੀ ਗਈ, ਜਿਸ ਨੇ 2 ਜਨਵਰੀ, 1897 ਨੂੰ ਲਾਕਹਾਰਟ ਕਿਲ੍ਹੇ 'ਤੇ ਕਬਜ਼ਾ ਕਰ ਲਿਆ ਸੀ। ਇਸ ਪਲਟਣ ਦੀਆਂ ਟੁਕੜੀਆਂ ਕਿਲ੍ਹੇ ਦੇ ਪੰਜ ਕਿਲੋਮੀਟਰ ਦੇ ਘੇਰੇ ਵਿੱਚ ਸੰਗਰ, ਸਰਟਰੋਪ, ਕੁਰੈਗ ਤੇ ਗੁਲ-ਸਤਾਨ ਵਰਗੀਆਂ ਨਾਜ਼ੁਕ ਥਾਂਵਾਂ 'ਤੇ ਤਾਇਨਾਤ ਸਨ। ਉੱਪਰ 8 ਜਨਵਰੀ



ਸੂਬੇਦਾਰ
ਜਸਵਿੰਦਰ ਸਿੰਘ
ਭੁਲੇਰੀਆ ਮਮਦੋਟ
(ਫਿਰੋਜ਼ਪੁਰ )
7589155501

ਨੂੰ ਲੈਫਟ ਵਿੰਗ ਜੋ ਕਿ ਕੈਪਟਨ ਡਬਲਿਊ. ਵੀ. ਗਾਰਡਨ ਅਧੀਨ ਸੀ, ਨੇ ਪਰਚਿਨਾਰ 'ਤੇ ਕਬਜ਼ਾ ਕਰ ਲਿਆ। ਥਲ ਤੇ ਸਾਦਾ ਨਾਮਕ ਚੌਕੀਆਂ 'ਤੇ ਵੀ ਇਸ ਲੈਫਟ ਵਿੰਗ ਦਾ ਹੀ ਕਬਜ਼ਾ ਸੀ। ਇਸ ਬਗੈਰ ਕੁਝ ਰਾਖਵੀਂ ਸੈਨਾ ਵੀ ਰੱਖ ਲਈ ਗਈ ਤਾਂ ਕਿ ਲੋੜ ਪੈਣ 'ਤੇ ਇਸ ਦੀ ਵਰਤੋਂ ਕੀਤੀ ਜਾ ਸਕੇ।27 ਅਗਸਤ ਤੋਂ 8 ਸਤੰਬਰ, 1897 ਦੇ ਸਮੇਂ ਵਿਚਕਾਰ (ਉੜੈਕਜਿਜ਼) ਕਬਾਇਲੀਆਂ ਨੇ ਲੈਫਟ ਵਿੰਗ ਦੀ ਸੁਰੱਖਿਆ ਪੰਕਤੀ 'ਤੇ ਬੜਾ ਭਿਆਨਕ ਹਮਲਾ ਬੋਲ ਦਿੱਤਾ ਪਰ ਇਨ੍ਹਾਂ ਕਬਾਇਲੀਆਂ ਨੂੰ ਖਦੇੜ ਕੇ 10 ਸਤੰਬਰ ਨੂੰ ਖਣਕੀ ਘਾਟੀ ਵੱਲ ਪਿੱਛੇ ਧੱਕ ਦਿੱਤਾ ਗਿਆ ਪਰ ਸਮਾਨਾ ਪੋਸਟ ਉੱਪਰ 10000 ਕਬਾਇਲੀਆਂ ਦੇ 4 ਹਮਲਿਆਂ ਨੂੰ ਵੀ ਅਸਫਲ ਬਣਾ ਦਿੱਤਾ ਗਿਆ। ਇਸ ਉਪਰੰਤ ਕਬਾਇਲੀਆਂ ਦੇ ਅਫਰੀਦੀ ਸਰਦਾਰਾਂ ਨੇ ਸਲਾਹ-ਮਸ਼ਵਰਾ ਕਰਕੇ ਸਾਰਾਗੜ੍ਹੀ 'ਤੇ ਹਮਲੇ ਦੀ ਯੋਜਨਾ ਬਣਾ ਲਈ, ਕਿਉਂਕਿ ਇਸ ਚੌਕੀ ਦੀ ਰਾਖੀ ਲਈ 21 ਜਵਾਨਾਂ ਦੀ ਨਫਰੀ ਬਹੁਤ ਹੀ ਘੱਟ ਸੀ। ਉਨ੍ਹਾਂ ਇਸ ਚੌਕੀ ਨੂੰ 12 ਸਤੰਬਰ ਵਾਲੇ ਦਿਨ ਚਾਰੇ ਪਾਸਿਓਂ ਘੇਰਾ ਪਾ ਕੇ ਭਾਰੀ ਹਮਲੇ ਨਾਲ ਹੱਲਾ ਬੋਲ ਦਿੱਤਾ। ਇਸ ਹਮਲੇ ਨਾਲ ਇਸ ਚੌਕੀ ਦਾ ਪੂਰੀ ਦੁਨੀਆ ਨਾਲੋਂ ਸੰਪਰਕ ਟੁੱਟ ਗਿਆ। ਇਸ ਚੌਕੀ ਦੀ ਕਮਾਂਡ ਬਾਬਾ ਈਸ਼ਰ ਸਿੰਘ ਗਿੱਲ ਹਵਾਲਦਾਰ ਪਿੰਡ ਝੋਰੜਾਂ, ਜ਼ਿਲ੍ਹਾ ਲੁਧਿਆਣਾ ਕੋਲ ਸੀ। ਦੁਸ਼ਮਣਾਂ ਨੇ ਬਾਬਾ ਈਸ਼ਰ ਸਿੰਘ ਗਿੱਲ ਕਮਾਂਡਰ ਨੂੰ ਬਹੁਤ ਲਾਲਚ ਦਿੱਤੇ ਕਿ ਉਹ ਚੌਕੀ ਖਾਲੀ ਕਰ ਦੇਵੇ। ਉਨ੍ਹਾਂ ਨੂੰ ਸੁਰੱਖਿਅਤ ਲਾਂਘਾ ਤੇ ਹੋਰ ਇਨਾਮ ਦਿੱਤੇ ਜਾਣਗੇ ਪਰ ਬਾਬਾ ਜੀ ਬੜੇ ਅਣਖੀਲੇ ਸੁਭਾਅ ਵਾਲੇ ਸਨ। ਕਰਨਲ ਹਾਰਟਨ ਲੋਕਹਾਰਟ ਦੇ ਕਿਲ੍ਹੇ ਤੋਂ ਸਭ ਕੁਝ ਤੱਕ ਰਿਹਾ ਸੀ। ਉਸ ਨੇ ਹੋਰ ਕੁਮਕ ਬਾਬਿਆਂ ਦੀ ਸਹਾਇਤਾ ਲਈ ਭੇਜਣ ਦਾ ਯਤਨ ਵੀ ਕੀਤਾ ਪਰ ਅਸਫਲ ਹੀ ਰਿਹਾ, ਕਿਉਂਕਿ ਸਾਰਾ ਇਲਾਕਾ ਹੀ ਦੁਸ਼ਮਣਾਂ ਨੇ ਘੇਰੇ ਵਿੱਚ ਲੈ ਰੱਖਿਆ ਸੀ।9.30 ਵਜੇ ਸ਼ੁਰੂ ਹੋਈ ਲੜਾਈ ਨੂੰ 6 ਘੰਟੇ ਬੀਤ ਗਏ, 600 ਦੇ ਕਰੀਬ ਕਬਾਇਲੀ ਤੇ ਗੜ੍ਹੀ ਦੇ ਅੰਦਰ 12 ਸਿੱਖ ਫੌਜੀ ਵੀ ਸ਼ਹੀਦ ਹੋ ਗਏ ਸਨ। ਗੋਲੀ ਸਿੱਕਾ ਵੀ ਕਿਨਾਰੇ 'ਤੇ ਸੀ ਪਰ ਸਿੱਖ ਜਵਾਨ ਚੜ੍ਹਦੀ ਕਲਾ ਵਿੱਚ ਸਨ। ਕਿਵੇਂ ਨਾ ਕਿਵੇਂ ਦੁਸ਼ਮਣ ਨੇ ਇੱਕ ਪਾਸੇ ਕੰਧ 'ਚ ਪਾੜ ਪਾ ਲਿਆ। ਪਰ ਸਿੱਖ ਫੌਜੀਆਂ ਨੇ ਦੁਸ਼ਮਣ ਨੂੰ ਅੰਦਰ ਨਾ ਆਉਣ ਦਿੱਤਾ। ਦੁਸ਼ਮਣ ਨੇ ਤਰਕੀਬ ਘੜੀ ਤੇ ਆਸੇ-ਪਾਸੇ ਘਾਹ-ਫੂਸ ਨੂੰ ਅੱਗ ਲਗਾ ਕੇ ਧੂੰਆਂ ਹੀ ਧੂੰਆਂ ਕਰ ਦਿੱਤਾ। ਅੰਦਰੋਂ ਫੌਜੀ ਸਿਰਫ ਬੋਨਟਾਂ ਨਾਲ ਹੀ ਲੜ ਰਹੇ ਸਨ। 20 ਫੌਜੀ ਸ਼ਹੀਦੀ ਪ੍ਰਾਪਤ ਕਰ ਗਏ। ਇਕੱਲਾ ਸਿਗਨਲਮੈਨ ਗੁਰਮੁਖ ਸਿੰਘ ਹੀ ਬਚਿਆ ਸੀ। ਸਿਗਨਲਮੈਨ ਗੁਰਮੁਖ ਸਿੰਘ ਨੇ ਕਰਨਲ ਹਾਰਟਨ ਨੂੰ ਸਿਗਨਲ ਦਿੱਤਾ ਕਿ ਮੇਰੇ ਸਾਰੇ ਸਾਥੀ ਸ਼ਹੀਦ ਹੋ ਚੁੱਕੇ ਹਨ। ਮੈਂ ਇਕੱਲਾ ਹੀ ਬਚਿਆ ਹਾਂ। ਮੈਨੂੰ ਸਿਗਨਲ ਬੰਦ ਕਰਨ ਦਾ ਹੁਕਮ ਦਿੱਤਾ ਜਾਵੇ ਤਾਂ ਕਿ ਮੈਂ ਵੀ ਆਪਣੇ ਸਾਥੀਆਂ ਨਾਲ ਸ਼ਾਮਿਲ ਹੋ ਜਾਵਾਂ। ਸੋ ਉਸ ਨੇ ਸਿਗਨਲ ਬੰਦ ਕਰਕੇ ਜੈਕਾਰਾ ਲਗਾਇਆ ਤੇ ਬੰਦੂਕ ਦੀ ਬੋਨਟ ਨਾਲ 20 ਤੋਂ ਵਧੇਰੇ ਦੁਸ਼ਮਣਾਂ ਨੂੰ ਢੇਰ ਕਰ ਦਿੱਤਾ। ਅਖੀਰ ਦੁਸ਼ਮਣ ਨੇ ਗੜ੍ਹੀ ਨੂੰ ਅੱਗ ਲਗਾ ਦਿੱਤੀ। ਅਜਿਹੀ ਸੀ ਬਹਾਦਰੀ ਦੀ ਇਹ ਅਦੁੱਤੀ ਦਾਸਤਾਨ। ਭਾਰਤੀ ਫੌਜੀਆਂ ਨੇ ਦੁਸ਼ਮਣਾਂ ਨੂੰ ਜਿਉਂਦੇ ਜੀਅ ਗੜ੍ਹੀ ਦੇ ਲਾਗੇ ਨਾ ਢੁੱਕਣ ਦਿੱਤਾ। ਦੁਸ਼ਮਣ ਹੈਰਾਨ ਸੀ ਕਿ ਏਨੀ ਘੱਟ-ਗਿਣਤੀ ਫੌਜ ਨੇ ਉਨ੍ਹਾਂ ਦੇ ਨੱਕ 'ਚ ਦਮ ਕਰ ਰੱਖਿਆ। ਉਹ ਉਨ੍ਹਾਂ ਦੀ ਬਹਾਦਰੀ ਦਾ ਕਾਇਲ ਵੀ ਹੋਇਆ।ਦੀ ਇਹ ਖਬਰ ਜਦੋਂ ਲੰਦਨ ਬ੍ਰਿਟਿਸ਼ ਪਾਰਲੀਮੈਂਟ ਵਿੱਚ ਪਹੁੰਚੀ ਤਾਂ ਪਾਰਲੀਮੈਂਟ ਦੇ ਦੋਵਾਂ ਸਦਨਾਂ ਵਿੱਚ ਮੈਂਬਰਾਂ ਨੇ ਖੜ੍ਹੇ ਹੋ ਕੇ ਸਨਮਾਨ ਦੇ ਤੌਰ 'ਤੇ ਸ਼ਰਧਾਂਜਲੀਆਂ ਭੇਟ ਕੀਤੀਆਂ। ਦੁਨੀਆ ਭਰ ਵਿੱਚ ਇਸ ਲੜਾਈ ਦੀ ਚਰਚਾ ਹੋਈ ਤੇ ਸੰਸਾਰ ਭਰ ਵਿੱਚ ਇਸ ਦੀਆਂ ਖ਼ਬਰਾਂ ਪ੍ਰਕਾਸ਼ਤਿ ਹੋਈਆਂ। ਸਿੱਖ ਕੌਮ ਦੀਆਂ ਬਹਾਦਰੀ ਦੀਆਂ ਧੁੰਮਾਂ ਵਿਸ਼ਵ ਭਰ ਵਿੱਚ ਪੈ ਗਈਆਂ। ਇੰਗਲੈਂਡ ਦੀ ਰਾਣੀ ਆਪ ਵੀ ਇਸ ਕਾਰਨਾਮੇ ਤੋਂ ਕਾਫੀ ਪ੍ਰਭਾਵਿਤ ਹੋਈ। ਬਰਤਾਨੀਆ ਰਾਜ ਦੀ ਸਰਕਾਰ ਨੇ ਸਨਮਾਨ ਦੇ ਤੌਰ 'ਤੇ ਸਭ ਤੋਂ ਵੱਡਾ ਸਨਮਾਨ ਇੰਡੀਅਨ ਆਡਰ ਆਫ ਮੈਰਿਟ ਹਰ ਇੱਕ ਸ਼ਹੀਦ ਨੂੰ ਮਰਨ ਉਪਰੰਤ ਭੇਟ ਕਰਕੇ ਉਸ ਨੂੰ ਸਨਮਾਨਿਤ ਕੀਤਾ। ਇਸ ਤੋਂ ਇਲਾਵਾ ਹਰ ਸ਼ਹੀਦ ਦੇ ਪਰਿਵਾਰ ਨੂੰ ਦੋ-ਦੋ ਮਰੱਬੇ ਜ਼ਮੀਨ ਤੇ 500 ਰੁਪਏ ਦੀ ਪ੍ਰਤੀ ਫੌਜੀ ਇਮਦਾਦ ਵੀ ਦਿੱਤੀ, ਜੋ ਕਿ ਉਸ ਸਮੇਂ ਬਹੁਤ ਵੱਡੀ ਰਕਮ ਸੀ। ਇੰਡੀਅਨ ਆਡਰ ਆਫ ਮੈਰਿਟ ਦਾ ਸਨਮਾਨ ਉਸ ਸਮੇਂ ਵਿਕਟੋਰੀਆ ਕਰੌਸ ਤੇ ਅੱਜ ਦੇ ਪਰਮਵੀਰ ਚੱਕਰ ਦੇ ਸਮਾਨ ਮੰਨਿਆ ਜਾਂਦਾ ਹੈ। ਇਸ ਯੁੱਧ ਤੋਂ ਪਹਿਲਾਂ ਤੇ ਬਾਅਦ ਵਿੱਚ ਵੀ ਏਨਾ ਵੱਡਾ ਇਕੱਠਾ ਸਨਮਾਨ ਕਿਸੇ ਵੀ ਪਲਟਨ ਨੂੰ ਅੱਜ ਤੱਕ ਨਹੀਂ ਮਿਲਿਆ। ਇਸ ਬਹਾਦਰੀ ਦੀ ਦਾਸਤਾਨ ਫਰਾਂਸ ਦੇ ਸਕੂਲਾਂ ਦੇ ਸਿਲੇਬਸ ਵਿੱਚ ਪੜ੍ਹਾਈ ਜਾ ਰਹੀ ਹੈ। ਯੂਨੈਸਕੋ ਨੇ ਇਸ ਲੜਾਈ ਨੂੰ ਮਾਨਤਾ ਦੇ ਕੇ ਦੁਨੀਆ ਦੀਆਂ ਬਿਹਤਰੀਨ 8 ਲੜਾਈਆਂ ਵਿੱਚ ਸ਼ਾਮਿਲ ਕੀਤਾ ਹੈ। ਇੰਗਲੈਂਡ ਅਤੇ ਕੈਨੇਡਾ ਵਿੱਚ ਸਾਰਾਗੜ੍ਹੀ ਦਿਵਸ ਕਾਫੀ ਵੱਡੇ ਪੱਧਰ 'ਤੇ ਮਨਾਇਆ ਜਾਂਦਾ ਹੈ, ਜਿਥੇ ਕਿ ਸਰਕਾਰੀ ਨੁਮਾਇੰਦੇ, ਸ਼ਹੀਦ ਫੌਜੀ ਬਾਬਿਆਂ ਦੇ ਪਰਿਵਾਰ ਤੇ ਸਿੱਖ ਸਾਬਕਾ ਫੌਜੀ ਇਨ੍ਹਾਂ ਸ਼ਹੀਦਾਂ ਨੂੰ ਸ਼ਰਧਾ ਦੇ ਫੁੱਲ ਭੇਟ ਕਰਨ ਲਈ ਪਹੁੰਚਦੇ ਹਨ।12 ਸਤੰਬਰ ਨੂੰ ਹਰ ਸਾਲ ਮਜੂਦਾ ਫੌਜੀ ਜਰਨੈਲ ਤੇ ਸਾਬਕਾ ਸੈਨਿਕ ਵੀ ਫਿਰੋਜ਼ਪੁਰ ਵਿਖੇ ਬਣੀ ਸਾਰਾਗੜ੍ਹੀ ਯਾਦਗਰ ਤੇ ਗੁਰੂਦਵਾਰਾ ਸਾਹਿਬ ਵਿਖੇ ਨਕਮਸਤਕ ਹੋ ਕੇ ਸ਼ਰਧਾ ਫੁੱਲ ਭੇਟ ਕਰਦੇ ਹਨ।

## ਚੋਰੀ ਦੇ 30 ਮੋਟਰਸਾਈਕਲਾਂ ਤੇ ਇੱਕ ਸਕੂਟਰੀ ਸਮੇਤ 3 ਕਾਬੂ



ਗੁਰਦਾਸਪੁਰ, 12 ਸਤੰਬਰ (ਪੋਸਟ ਬਿਊਰੋ)- ਜ਼ਿਲਾ ਗੁਰਦਾਸਪੁਰ ਪੁਲਸ ਨੇ ਵਾਹਨ ਚੋਰੀ ਕਰਨ ਵਾਲੇ ਗਿਰੋਹ ਦੇ ਤਿੰਨ ਮੈਂਬਰਾਂ ਨੂੰ ਕਾਬੂ ਕਰ ਕੇ 30 ਮੋਟਰਸਾਈਕਲ ਅਤੇ ਇੱਕ ਸਕੂਟਰੀ ਬਰਾਮਦ ਕੀਤੀ ਹੈ।

ਇਸ ਸੰਬੰਧ ਵਿੱਚ ਐਸ ਪੀ ਹਰਵਿੰਦਰ ਸਿੰਘ ਸੰਧੂ ਨੇ ਦੱਸਿਆ ਕਿ ਥਾਣਾ ਸਦਰ ਦੇ ਮੁਖੀ ਜਤਿੰਦਰਪਾਲ ਨੇ ਨਾਕੇ ਦੌਰਾਨ ਮੋਨੂੰ ਮਸੀਹ ਪੁੱਤਰ ਸਵਿੰਦਰ ਮਸੀਹ ਵਾਸੀ ਸਿੱਧਵਾਂ ਜਮੀਤਾਂ, ਸੰਨੀ ਪੁੱਤਰ ਕਿਸ਼ਨ ਚੰਦ ਵਾਸੀ ਜੌੜਾਂ ਛੱਤਰਾਂ ਅਤੇ ਲਵਪ੍ਰੀਤ ਸਿੰਘ ਉਰਫ ਲੱਭਾ ਪੁੱਤਰ ਰਾਮ ਸਿੰਘ ਵਾਸੀ ਗੁਰਦਾਸ ਨੰਗਲ ਨੂੰ ਗ੍ਰਿਫਤਾਰ ਕੀਤਾ ਸੀ।ਪੁੱਛਗਿੱਛ ਤੋਂਖੁਲਾਸਾ ਹੋਇਆ ਕਿ ਇਹ ਲੋਕ ਮੋਟਰਸਾਈਕਲ ਤੇ ਹੋਰ ਵਾਹਨ ਚੋਰੀ ਕਰ ਕੇ ਵੇਚਣ ਦਾ ਕੰਮ ਕਰਦੇ ਹਨ, ਜਿਸ ਉੱਤੇ ਇਨ੍ਹਾਂ ਦੀ ਨਿਸ਼ਾਨਦੇਹੀ ਉੱਤੇ30 ਮੋਟਰਸਾਈਕਲ ਅਤੇ ਇੱਕ ਸਕੂਟਰੀ ਬਰਾਮਦ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਮੋਨੂੰ ਮਸੀਹ ਕੋਲੋਂ ਵੱਖ-ਵੱਖ ਕੰਪਨੀਆਂ ਦੇ 13 ਮੋਟਰਸਾਈਕਲ ਅਤੇ ਇੱਕ ਸਕੂਟਰੀ ਬਰਾਮਦ ਹੋਈ ਹੈ। ਉਨ੍ਹਾਂ ਦੱਸਿਆ ਕਿ ਮੁਲਜ਼ਮਾਂ ਵਿਰੁੱਧ ਵੱਖ-ਵੱਖ ਥਾਣਿਆਂ ਵਿੱਚ ਪਹਿਲਾਂ ਵੀ ਚੋਰੀਆਂ ਦੇ ਮੁਕੱਦਮੇ ਦਰਜ ਹਨ।

## ਐਨ ਆਰ ਆਈ ਔਰਤ ਨੇ ਪੁਲਸ ਉਤੇ ਅੱਠ ਕਰੋੜ ਮੁਆਵਜ਼ੇ ਦਾ ਕੇਸ ਪਾਇਆ

*ਜ਼ਿਆਦਤੀਆਂ ਤੋਂ ਅੱਕ ਕੇ ਕਦਮ ਚੁੱਕਿਆ ਦੱਸਿਆ

ਚੰਡੀਗੜ੍ਹ, 12 ਸਤੰਬਰ (ਪੋਸਟ ਬਿਊਰੋ)- ਪੰਜਾਬ ਵਿੱਚ ਭੂ-ਮਾਫੀਆ ਵੱਲੋਂ ਕੋਠੀਆਂ ਉੱਤੇ ਕਬਜ਼ਾ ਕਰਨ ਅਤੇ ਪੰਜਾਬ ਪੁਲਸ ਵੱਲੋਂ ਕਈ ਕੇਸਾਂ ਵਿੱਚ ਉਲਝਾ ਜਾਣ ਤੋਂ ਅੱਕ ਕੇ ਲੁਧਿਆਣੇ ਨਾਲ ਸਬੰਧਤ ਐਨ ਆਰ ਆਈ ਔਰਤ ਜੋਗਿੰਦਰ ਕੌਰ ਸੰਧੂ ਨੇ ਪੰਜਾਬ ਪੁਲਸ ਉੱਤੇ ਅੱਠ ਕਰੋੜ ਰੁਪਏ ਦੇ ਮੁਆਵਜ਼ੇ ਦਾ ਕੇਸ ਕਰ ਦਿੱਤਾ ਹੈ।



ਐਨ ਆਰ ਆਈ ਔਰਤ ਜੋਗਿੰਦਰ ਕੌਰ ਸੰਧੂ ਬੀਤੇ ਕਰੀਬ17 ਸਾਲਾਂ ਤੋਂ ਆਪਣੀਆਂ ਦੋ ਕੋਠੀਆਂ ਉੱਤੇ ਹੋਏ ਭੂ-ਮਾਫੀਆ ਦੇ ਕਬਜ਼ੇ ਛੁਡਾਉਣ ਅਤੇ ਇਸੇ ਦੌਰਾਨ ਵੱਖ-ਵੱਖ ਤਰੀਕਿਆਂ ਨਾਲ ਉਸ ਦੇ ਖਿਲਾਫ ਦਰਜ ਕੀਤੇ ਪੁਲਸ ਕੇਸਾਂ ਤੋਂ ਬਰੀ ਹੋਣ ਲਈ ਕਾਨੂੰਨੀ ਲੜਾਈ ਲੜ ਰਹੀ ਹੈ। ਉਸ ਉੱਤੇ ਇਸ ਸਮੇਂ ਵਿੱਚ ਨਾ ਸਿਰਫ ਕੇਸ ਦਰਜ ਹੋਏ ਸਨ, ਸਗੋਂ ਉਸ ਦਾ ਕਹਿਣਾ ਹੈ ਕਿ ਉਸ ਨੂੰ ਕਿਡਨੈਪ ਕਰ ਕੇ ਮਾਰ ਦੇਣ ਦੀ ਵੀ ਕੋਸ਼ਿਸ਼ ਕੀਤੀ ਗਈ। ਇਸ ਦੇ ਬਾਵਜੂਦ ਪੰਜਾਬ ਪੁਲਸ ਨੇ ਉਸ ਦੀ ਕੋਈ ਸਹਾਇਤਾ ਨਹੀਂ ਕੀਤੀ। ਬੀਬੀ ਸੰਧੂ ਨੇ ਕਿਹਾ ਕਿ ਇਹੀ ਨਹੀਂ, ਉਸ ਵੇਲੇ ਦੇ ਪੁਲਸ ਅਫਸਰ ਮੁਹੰਮਦ ਮੁਸਤਫਾ ਨੇ ਵੀ ਇੱਕ ਔਰਤ, ਜਿਸ ਦਾ ਕੋਈ ਵਜੂਦ ਹੀ ਨਹੀਂ, ਦੇ ਰਾਹੀਂ ਉਸ (ਸੰਧੂ) ਉੱਤੇ ਝੂਠਾ ਕੇਸ ਕਰਨ ਦੇ ਮਾਮਲੇ ਵਿੱਚ ਤੱਥਾਂ ਦੇ ਉਲਟ ਜਾ ਕੇ ਰਿਪੋਰਟ ਕਰ ਦਿੱਤੀ ਸੀ। ਲੰਬੀ ਕਾਨੂੰਨੀ ਲੜਾਈ ਲੜ ਕੇ ਕਈ ਕੇਸਾਂ ਵਿੱਚੋਂ ਉਹ ਬਰੀ ਹੋ ਚੁੱਕੀ ਹੈ, ਪਰ ਉਨ੍ਹਾਂ ਦੀ ਇੱਕ ਕੋਠੀ ਅਜੇ ਵੀ ਭੂ-ਮਾਫੀਆ ਦੇ ਕਬਜ਼ੇ ਵਿੱਚ ਹੈ। ਜੋਗਿੰਦਰ ਕੌਰ ਸੰਧੂ ਨੇ ਕਿਹਾ ਕਿ ਪੁਲਸ ਅਤੇ ਮਾਫੀਆ ਦੀਆਂ ਜ਼ਿਆਦਤੀਆਂ ਖਿਲਾਫ ਅਤੇ ਇਨਸਾਫ ਨਾ ਮਿਲਣ ਕਾਰਨ ਪੁਲਸ ਅਧਿਕਾਰੀਆਂ ਅਤੇ ਐਨ ਆਰ ਆਈ ਕਮਿਸ਼ਨ ਪੰਜਾਬ ਉੱਤੇਉਸ ਨੇ ਅੱਠ ਕਰੋੜ ਰੁਪਏ ਮੁਆਵਜ਼ੇ ਦਾ ਕੇਸ ਕਰ ਦਿੱਤਾ ਹੈ।ਜੋਗਿੰਦਰ ਕੌਰ ਸੰਧੂ ਨੇ ਕਿਹਾ ਕਿ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਵੀ ਉਸ ਦੀ ਸੁਣਵਾਈ ਨਹੀਂ ਕਰ ਰਹੇ, ਇਸ ਲਈ ਉਨ੍ਹਾਂ ਨੇ ਆਪਣਾ ਕੇਸ ਨੈਸ਼ਨਲ ਹਿਊਮਨ ਰਾਈਟਸ ਕਮਿਸ਼ਨ ਨਵੀਂ ਦਿੱਲੀ ਨੂੰ ਭੇਜ ਦਿੱਤਾ ਹੈ। ਸੰਧੂ ਨੇ ਕਿਹਾ ਕਿ ਉਹ ਸਾਰੇ ਕੇਸਾਂ ਬਾਰੇ ਪੰਜਾਬ ਪੁਲਸ ਮੁਖੀ ਦਿਨਕਰ ਗੁਪਤਾ ਤੋਂ ਮੰਗ ਕਰਦੀ ਹੈ ਕਿ ਉਸ ਨੂੰ ਇਨਸਾਫ ਦਿਵਾਇਆ ਜਾਵੇ।

## ਪੁਲਸ ਭਰਤੀ ਦੇ ਪੇਪਰ ਲੀਕ ਕੇਸ ਵਿੱਚ ਗ੍ਰਿਫਤਾਰ 6 ਜਣਿਆਂ ਵਿਰੁੱਧ ਕੈਪਟਨ ਵੱਲੋਂ ਸਖਤੀ ਦੇ ਹੁਕਮ

ਚੰਡੀਗੜ੍ਹ, 12 ਸਤੰਬਰ (ਪੋਸਟ ਬਿਊਰੋ)- ਪੰਜਾਬ ਦੇ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਨੇ 22 ਅਗਸਤ ਨੂੰ ਸਬ ਇੰਸਪੈਕਟਰਾਂ ਦੇ ਲਿਖਤੀ ਇਮਤਿਹਾਨ ਦੌਰਾਨ ਛੇ ਵਿਅਕਤੀਆਂ ਦੀ ਗ੍ਰਿਫਤਾਰੀ ਪਿੱਛੋਂ ਪੇਪਰ ਲੀਕ, ਧੋਖਾਧੜੀ ਤੇ ਨਕਲ ਦੇ ਖਿਲਾਫ ਪੰਜਾਬ ਪੁਲਸ ਦੇ ਮੁਖੀ ਨੂੰ ਕਾਰਵਾਈ ਤੇਜ਼ ਕਰਨ ਦੇ ਹੁਕਮ ਦਿੱਤੇ ਹਨ।

ਵਰਨਣ ਯੋਗ ਹੈ ਕਿ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਨੇ ਇਹ ਹੁਕਮ ਹੈਡ ਪੰਜਾਬ ਪੁਲਸ ਦੇ ਕਾਂਸਟੇਬਲਾਂ ਦੇ ਇਨਵੈਸਟੀਗੇਸ਼ਨ ਕਾਡਰ ਦੀ ਲਿਖਤੀ ਪ੍ਰੀਖਿਆ ਹੋਣ ਤੋਂ ਪਹਿਲਾਂ ਦਿੱਤੇ ਹਨ। ਇਹ ਇਮਤਿਹਾਨ 12 ਸਤੰਬਰ ਤੋਂ 19 ਸਤੰਬਰ ਤਕ ਚੱਲਣੇ ਹਨ ਅਤੇ 787 ਪੋਸਟਾਂ ਲਈ 75,544 ਉਮੀਦਵਾਰ ਬੈਠਣਗੇ। ਇਸ ਦੇ ਬਾਅਦ 25-26 ਸਤੰਬਰ ਨੂੰ ਕਾਂਸਟੇਬਲ ਦੀ ਪ੍ਰੀਖਿਆ ਹੋਣੀ ਹੈ, ਜਿਸ ਲਈ 4,358 ਪੋਸਟਾਂ ਲਈ ਚਾਰ ਲੱਖ 7075 ਉਮੀਦਵਾਰਾਂ ਨੇ ਅਪਲਾਈ



ਕੀਤਾ ਹੈ। ਪੁਲਸ ਨੇ 2600 ਵਰਦੀਧਾਰੀ ਸਪੈਸ਼ਲਿਸਟਾਂ ਦੀ ਨਿਯੁਕਤੀ ਲਈ ਅਕਤੂਬਰ ਵਿੱਚ ਇੱਕ ਹੋਰ ਭਰਤੀ ਮੁਹਿੰਮ ਵੀ ਚਲਾਉਣੀ ਹੈ। ਇਸ ਦੌਰਾਨ ਪੁਲਸ ਨੇ ਵਿਕਾਸ ਵਾਸੀ ਖਨੌਰੀ, ਰਣਬੀਰ ਸਿੰਘ, ਅੰਮ੍ਰਿਤ ਵਾਸੀ ਸੋਨੀਪਤ, ਰਾਜਿੰਦਰ ਸਿੰਘ ਵਾਸੀ ਹਿਸਾਰ ਅਤੇ ਸਬ ਇੰਸਪੈਕਟਰ ਭਰਤੀ ਹੋਣ ਦੇ ਇਛੁੱਕ ਨਵਜੋਤ ਸਿੰਘ ਵਾਸੀ ਜੀਂਦ ਨੂੰ ਕੱਲ੍ਹ ਗ੍ਰਿਫਤਾਰ ਕਰ ਲਿਆ ਹੈ। ਡੀ ਜੀ ਪੀ ਨੇ ਕਿਹਾ ਹੈ ਕਿ ਅੱਗੇ ਤੋਂ ਕਾਂਸਟੇਬਲਾਂ ਤੇ ਹੈਡ ਕਾਂਸਟੇਬਲਾਂ ਦੇ ਇਮਤਿਹਾਨਾਂ ਲਈ ਇੰਟਰਨੈਟ ਅਤੇ ਬਲੂਟੁੱਥ ਦੀ ਗਲਤ ਵਰਤੋਂ ਨੂੰ ਰੋਕਣ ਲਈ ਜੈਮਰ ਆਦਿ ਯੰਤਰ ਲਗਾਏ ਜਾਣਗੇ।

## ਸ਼ੇਅਰਾਂ ਵਿੱਚ ਘਾਟਾ ਪੈਣ'ਤੇ ਫੌਜੀ ਨੇ ਏ ਟੀ ਐਮ ਲੁੱਟ ਲਿਆ

ਫਿਰੋਜ਼ਪੁਰ, 12 ਸਤੰਬਰ (ਪੋਸਟ ਬਿਊਰੋ)- ਇਸ ਸਰਹੱਦੀ ਸ਼ਹਿਰ ਦੇ ਨਾਮਦੇਵ ਚੌਕ ਵਿੱਚ ਏ ਟੀ ਐਮ ਕੱਟ ਕੇ 4.84 ਲੱਖ ਦੀ ਲੁੱਟ ਦਾ ਕੇਸ ਪੁਲਸ ਨੇ ਸੁਲਝਾ ਲਿਆ ਹੈ। ਪੱਛਮੀ ਬੰਗਾਲ ਵਿੱਚ ਪੰਜਾਬ 23 ਬਟਾਲੀਅਨ ਵਿੱਚ ਤੈਨਾਤ ਫੌਜ ਦੇ ਜਵਾਨ ਨੇ ਕਰਜ਼ਾ ਉਤਾਰਨ ਲਈ ਛੁੱਟੀਆਣ ਕੇ ਲੁੱਟ ਦੀ ਵਾਰਦਾਤ ਕੀਤੀ ਸੀ।

ਥਾਣਾ ਸਿਟੀ ਪੁਲਸ ਨੇ ਦੋਸ਼ੀ ਚਰਨਜੀਤ ਸਿੰਘ ਵਾਸੀ ਬਸਤੀ ਬੇਲਾ



ਸਿੰਘ ਨੂੰ ਗ੍ਰਿਫਤਾਰ ਕਰ ਕੇ ਵਾਰਦਾਤ ਵਿੱਚ ਵਰਤੀ ਗਈ ਆਲਟੋ ਕਾਰ, ਆਕਸੀਜਨ ਸਿਲੰਡਰ, ਗੈਸ ਕਟਰ ਅਤੇ ਐਲ ਪੀ ਜੀ ਸਿਲੰਡਰ ਦੇ ਨਾਲ ਹੋਰ ਔਜ਼ਾਰ ਲੱਭ ਲਿਆ ਹੈ। ਨੌਜਵਾਨ ਨੇ ਮਸ਼ੀਨ ਵਿੱਚੋਂ ਜੋ ਰਕਮ ਕੱਢੀ ਤੇ ਆਪਣੇ ਦੋਸਤਾਂ ਵਿੱਚ ਵੰਡ ਦਿੱਤੀ ਸੀ। ਐਸ ਪੀ ਗੁਰਮੀਤ ਸਿੰਘ ਚੀਮਾ ਨੇ ਦੱਸਿਆ ਕਿ ਚਰਨਜੀਤ ਸਿੰਘ ਨੂੰ ਸ਼ੇਅਰ ਮਾਰਕੀਟ ਵਿੱਚ ਲੱਖਾਂ ਰੁਪਏ ਦਾ ਘਾਟਾ ਪਿਆ ਸੀ। ਇਸ ਲਈ ਉਸ ਨੇ 45 ਲੱਖ ਰੁਪਏ ਦਾ ਕਰਜ਼ਾ ਆਪਣੇ ਦੋਸਤਾਂ ਤੋਂ ਲਿਆ ਸੀ, ਜਿਸ ਨੂੰ ਲਾਹੁਣ ਦੇ ਚੱਕਰ ਵਿੱਚ ਉਸ ਨੇ ਏ ਟੀ ਐਮ ਲੁੱਟਣ ਦੀ ਸਾਜ਼ਿਸ਼ ਰਚੀ ਅਤੇ ਯੂ-ਟਿਊਬ ਤੋਂ ਗੈਸ ਕਟਰ ਕੱਟਣ ਨਾਲ ਏ ਟੀ ਐਮ ਕੱਟਣ ਦੇ ਤਰੀਕੇ ਸਿੱਖੇ। ਇਸ ਪਿੱਛੋਂ ਉਸ ਨੇ ਇਕੱਲੇ ਆ ਕੇ ਏ ਟੀ ਐਮ ਉੱਤੇ ਲੁੱਟ ਦੀ ਵਾਰਦਾਤ ਕੀਤੀ। ਪੁਲਸ ਅਧਿਕਾਰੀ ਨੇ ਦੱਸਿਆ ਕਿ ਚਰਨਜੀਤ ਜੁਲਾਈ ਵਿੱਚ ਛੁੱਟੀ ਲੈ ਕੇ ਆਇਆ ਸੀ। ਉਸ ਨੇ 13 ਅਗਸਤ ਨੂੰ ਵਾਪਸ ਜਾਣਾ ਸੀ, ਪਰ ਉਸ ਨੇ ਛੁੱਟੀ ਵਧਾ ਲਈ ਸੀ।

## ਜਥੇਦਾਰ ਹਵਾਰਾ ਵੱਲੋਂ ਜਸਵਿੰਦਰ ਸਿੰਘ ਨੂੰ ਪੰਜ ਸਿੰਘ ਸਾਹਿਬਾਨ ਅੱਗੇ ਪੇਸ਼ ਹੋਣ ਦੀ ਹਿਦਾਇਤ

* ਗੁਰਦੁਆਰਾ ਨਾਨਕ ਮੱਤਾ ਮਰਿਆਦਾ ਮਾਮਲਾ

ਅੰਮ੍ਰਿਤਸਰ, 12 ਸਤੰਬਰ (ਪੋਸਟ ਬਿਊਰੋ)- ਸਰਬੱਤ ਖਾਲਸਾ ਵੱਲੋਂ ਥਾਪੇ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਭਾਈ ਜਗਤਾਰ ਸਿੰਘ ਹਵਾਰਾ ਨੇ ਗੁਰਦੁਆਰਾ ਸ੍ਰੀ ਨਾਨਕਮਤਾ, ਉਤਰਾਖੰਡ ਦੇ ਮੀਤ ਪ੍ਰਧਾਨ ਜਸਵਿੰਦਰ ਸਿੰਘ ਨੂੰ ਪੱਤਰ ਲਿਖ ਕੇ ਕਿਹਾ ਹੈ ਕਿ ਉਹ ਗੁਰ-ਦੁਆਰਾ ਨਾਨਕਮਤਾ ਵਿਖੇ ਹੋਈ ਮਰਿਆਦਾ ਦੀ ਉਲੰਘਣਾ ਦੇ ਦੋਸ਼ੀ ਹਨ ਤੇਰਹਿਤ ਮਰਿਆਦਾ ਅਨੁਸਾਰ ਦਾੜ੍ਹਾ ਰੰਗਣ ਦੀ ਵੀ ਮਨਾਹੀ ਹੈ, ਪਰ ਜਸਵਿੰਦਰ ਸਿੰਘ ਨੇ ਗੁਰਦੁ-ਆਰੇ ਦਾ ਪ੍ਰਬੰਧਕ ਹੋਣ ਦੇ ਬਾਵਜੂਦ ਦਾੜ੍ਹਾ ਰੰਗਿਆ ਹੋਇਆ ਹੈ, ਇਸ ਲਈ ਉਹ ਸਿੱਖ ਰਹਿਤ ਮਰਿਆਦਾ ਅਨੁਸਾਰ ਤਨਖਾਹੀਏ ਹਨ।

ਜਗਤਾਰਾ ਸਿੰਘ ਹਵਾਰਾ ਨੇ ਪੱਤਰ ਵਿੱਚ ਜਸਵਿੰਦਰ ਸਿੰਘ ਨੂੰ ਹਦਾਇਤ ਕੀਤੀ ਹੈ ਕਿ ਉਹ ਸੰਗਤ ਦੇ ਸਨਮੁੱਖ ਪੰਜ ਪਿਆਰਿਆਂ ਕੋਲ ਪੇਸ਼ ਹੋ ਕੇ ਹੋਈ ਭੁੱਲ ਦੀ ਖਿਮਾ ਜਾਚਨਾ ਕਰਨ। ਪੰਜ ਪਿਆਰਿਆਂ ਵੱਲੋਂ ਜੋ ਵੀ ਸਜ਼ਾ ਲਾਈ ਜਾਵੇ, ਉਸ ਨੂੰ ਖਿੜੇ ਮੱਥੇ ਪ੍ਰਵਾਨ ਕਰਨ। ਗੁਰ-ਦੁਆਰੇ ਗੁਰਮਤਿ ਵਿਚਾਰਧਾਰਾ ਦੇ ਪ੍ਰਚਾਰ ਤੇ ਪ੍ਰਸਾਰ ਦੇ ਕੇਂਦਰ ਹਨ, ਜਿੱਥੇ ਸਿੱਖ ਸੰਗਤਾਂ ਇਕੱਠੇ ਹੋ ਕੇ ਗੁਰੂ ਜਸ ਗਾਉਂਦੀਆਂ ਅਤੇ ਪੰਥਕ ਮਸਲੇ ਵਿਚਾਰੇ ਜਾਂਦੇ ਹਨ। ਗੁਰਦੁਆਰਿਆਂ ਦੇ ਪ੍ਰਬੰਧਕਾਂ ਵੱਲੋਂ ਮਰਿਆਦਾ ਦੀ ਉਲੰਘਣਾ ਬਹੁਤ ਵੱਡੀ ਭੁੱਲ ਹੈ, ਪਰ ਗੁਰੂ ਪੰਥ ਬਖਸ਼ਣਹਾਰ ਹੈ। ਪੱਤਰ ਵਿੱਚ ਲਿਖਿਆ ਹੈ ਕਿ ਸ੍ਰੀ ਅਕਾਲ ਤਖਤ ਸਾਹਿਬ ਵੱਲੋਂ ਜਾਰੀ ਪੰਥ ਪ੍ਰਵਾਨਤ ਰਹਿਤ ਮਰਿਆਦਾ ਅਨੁਸਾਰ ਤਨਖਾਹੀਏ ਸਿੱਖਾਂ ਨੂੰ ਸਥਾਨਕ ਸਿੱਖ ਸੰਗਤ ਵਿਚੋਂ ਪੰਜ ਪਿਆਰੇ ਚੁਣ ਕੇ ਤਨਖਾਹ ਲਾਈ ਜਾ ਸਕਦੀ ਹੈ।

NEED A LAWYER ??
Red Seal NOTARY
KAUR LAW OFFICE



MANJEET KAUR
LL.B., (London UK)
Barrister, Solicitor & Notary Public

REAL ESTATE LAWYER
- Residential & Commercial
- Sale/Purchase of House
- Mortgage & Refinancing
- Drafting/Reviewing Agreements
- Title Transfer
- 2nd Mortgage

IMMIGRATION
Skilled Worker Category
Spousal & Family Sponsorship
- Student Permits Visa & Renewals
- PR Renewal/ Citizenship Application

FAMILY LAWYER
- Child & Spousal support
- Custody & Access
- Divorce
- Equalization

BUSINESS LAW
- Incorporation & Shareholder agreements
- Sales & Purchase of Assets & Shares
- Notarization & Affidavits

WILLS & ESTATE
- Wills
- Certificate of Estate Trustee with/without Will
- Power of attorney for Property & Personal Care

Tel : 905-454-0099
Fax: 905-454-2234
2575 Steeles Ave. E., Unit 1,Brampton, ON L6T 5T1

SherGill Law Firm
Barrister, Solicitor & Notary Public

Paramjit Singh Gill
(MBA,LL.B.)
Tel: 905-790-3636

Services:
★Real Estate
★Residential, Commercial & Franchise
★Criminal Law
★Family Law
★Affidavit, Power Of Attorney & Notarization
★Immigration Matters

2565 Steeles Ave E Unit #20, Brampton, ON L6T 4L6





Emergency Contact:
416.910.5676
www.shergilllawfirm.ca



Priti LAMBA
Etobicoke North
416.748.3582
info@pritilamba.ca
www.pritilamba.ca
Authorized by the Official Agent for Priti Lamba

CANADA'S RECOVERY PLAN
1. SECURE JOBS
by recovering the 1 million jobs lost during the pandemic within one year.
2. SECURE ACCOUNTABILITY
by enacting a new Anti-Corruption law to clean up the mess in Ottawa.
3. SECURE MENTAL HEALTH
through our Canada Mental Health Action Plan.
4. SECURE THE COUNTRY
by creating a strategic stockpile of essential products and building the capacity to manufacture vaccines at home.
5. SECURE OUR ECONOMY
by balancing the budget over the next decade.

Conservatives will implement CANADA'S RECOVERY PLAN to SECURE THE FUTURE for GTA families.
SECURE THE FUTURE

## ਇੰਦਰਾ ਗਾਂਧੀ ਨੂੰ ਅਯੋਗ ਕਰਾਰ ਦੇਣ ਦਾ ਫੈਸਲਾ ਬਹੁਤ ਹਿੰਮਤ ਵਾਲਾ ਕਦਮ ਸੀ: ਰਮੰਨਾ



ਪ੍ਰਯਾਗਰਾਜ, 12 ਸਤੰਬਰ (ਪੋਸਟ ਬਿਊਰੋ)- ਭਾਰਤ ਦੇ ਚੀਫ ਜਸਟਿਸ ਐਨ ਵੀ ਰਮੰਨਾ ਨੇ ਕਿਹਾ ਹੈ ਕਿ ਇਲਾਹਾਬਾਦ ਹਾਈ ਕੋਰਟ ਦੇ ਉਸ ਵਕਤ ਦੇ ਜੱਜ ਜਸਟਿਸ ਜਗਮੋਹਨ ਲਾਲ ਸਿਨਹਾ ਵੱਲੋਂ 1975 ਵਿੱਚ ਚੋਣ ਘਪਲੇ ਦੇ ਦੋਸ਼ਾਂ ਉੱਤੇ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਨੂੰ ਅਯੋਗ ਕਰਾਰ ਦੇਣ ਦਾ ਫੈਸਲਾ ਬਹੁਤ ਹਿੰਮਤ ਵਾਲਾ ਸੀ, ਜਿਸ ਨੇ ਭਾਰਤ ਨੂੰ ਹਿਲਾ ਕੇ ਰੱਖ ਦਿੱਤਾ ਸੀ ਅਤੇ ਇਸ ਦੇ ਨਤੀਜੇ ਵਜੋਂ ਐਮਰਜੈਂਸੀ ਲਾਗੂ ਹੋਈ ਸੀ।

ਜਸਟਿਸ ਰਮੰਨਾ ਕੱਲ੍ਹ ਇੱਥੇ ਰਾਸ਼ਟਰਪਤੀ ਰਾਮਨਾਥ ਕੋਵਿੰਦ ਨਾਲ ਇੱਕ ਪ੍ਰੋਗਰਾਮ ਵਿੱਚ ਹਿੱਸਾ ਲੈਣ ਆਏ ਸਨ। ਇਸ ਪ੍ਰੋਗਰਾਮ ਵਿੱਚ ਉਤਰ ਪ੍ਰਦੇਸ਼ ਨੈਸ਼ਨਲ ਲਾਅ ਯੂਨੀਵਰਸਿਟੀ ਤੇ ਇਲਾਹਾਬਾਦ ਹਾਈ ਕੋਰਟ ਕੰਪਲੈਕਸ ਵਿੱਚ ਇੱਕ ਨਵੇਂ ਭਵਨ ਦਾ ਨੀਂਹ ਪੱਥਰ ਰਾਸ਼ਟਰਪਤੀ ਨੇਰੱਖਿਆਸੀ।ਜਸਟਿਸ ਰਮੰਨਾ ਨੇ ਕਿਹਾ ਕਿ ਜਸਟਿਸ ਜਗਮੋਹਨ ਲਾਲ ਸਿਨਹਾ ਨੇ 1975 ਵਿੱਚ ਅਜਿਹਾ ਹੁਕਮ ਪਾਸ ਕੀਤਾ, ਜਿਸ ਵਿੱਚ ਇੰਦਰਾ ਗਾਂਧੀ ਨੂੰ ਅਯੋਗ ਕਰਾਰ ਦਿੱਤਾ ਗਿਆ ਅਤੇ ਕਿਹਾ ਜਾ ਸਕਦਾ ਹੈ ਕਿ ਇਸ ਦੇ ਨਤੀਜੇ ਵਜੋਂ ਐਮਰਜੈਂਸੀ ਦਾ ਐਲਾਨ ਕੀਤਾ ਗਿਆ ਸੀ।ਚੀਫ ਜਸਟਿਸ ਨੇ ਕਿਹਾ ਕਿ ਇਲਾਹਾਬਾਦ ਹਾਈ ਕੋਰਟ ਦਾ 150 ਸਾਲ ਤੋਂ ਵੱਧ ਪੁਰਾਣਾ ਇਤਿਹਾਸ ਹੈ ਅਤੇ ਇਸ ਦੇ ਬਾਰ ਤੇ ਬੈਂਚ ਨੇ ਦੇਸ਼ ਨੂੰ ਕਈ ਮਹਾਨ ਕਾਨੂੰਨੀ ਸਾਧਨ ਦਿੱਤੇ ਹਨ। ਦੇਸ਼ ਵਿੱਚ ਅਦਾਲਤਾਂ ਅਜੇ ਵੀ ਖਸਤਾਹਾਲ ਢਾਂਚੇ ਨਾਲ ਕੰਮ ਕਰਦੀਆਂ ਹਨ, ਜਿੱਥੇ ਲੋੜੀਂਦੀਆਂ ਸਹੂਲਤਾਂ ਉਪਲਬਧ ਨਹੀਂ ਹਨ।

## ਦਿੱਲ ਦੇ ਰੋਗਾਂ ਤੋਂ ਅਖਰੋਟ ਸੁਰੱਖਿਅਤ ਰੱਖਦੈ

ਨਿਊ ਯਾਰਕ, 12 ਸਤੰਬਰ (ਪੋਸਟ ਬਿਊਰੋ)- ਦਿੱਲ ਦੇ ਰੋਗਾਂ ਦੇ ਖਤਰੇ ਨੂੰ ਘੱਟ ਕਰਨ ਲਈ ਅਕਸਰ ਬੈਡ ਕੋਲੈਸਟਰੋਲ ਵਾਲੀਆਂ ਚੀਜ਼ਾਂ ਦੀ ਘੱਟ ਵਰਤੋਂ ਦੇ ਬਾਰੇ ਸੁਣਿਆ ਹੋਵੇਗਾ। ਕੋਲਸਟਰੋਲ ਏਦਾਂ ਦਾ ਕੈਮੀਕਲ ਕੰਪਾਊਂਡ ਹੈ, ਜੋ ਸਰੀਰ ਦੇ ਲਈ ਕਾਫੀ ਜ਼ਰੂਰੀ ਮੰਨਿਆ ਜਾਂਦਾ ਹੈ। ਕਈ ਪ੍ਰਕਾਰ ਦੇ ਹਾਰਮੋਨ ਦੇ ਬਣਨ ਅਤੇ ਪਚਣ ਨੂੰ ਠੀਕ ਰੱਖਣ ਲਈ ਸਰੀਰ ਨੂੰ ਕੋਲੈਸਟਰੋਲ ਦੀ ਲੋੜ ਹੁੰਦੀ ਹੈ। ਕੋਲੈਸਟਰੋਲ ਦੀਆਂ ਮੁੱਖ ਰੂਪ ਵਿੱਚ ਦੋ ਕਿਸਮਾਂ ਹੁੰਦੀਆਂ ਹਨ- ਗੁਡ ਕੋਲੈਸਟਰੋਲ ਤੇ ਬੈਡ ਕੋਲੈਸਟਰੋਲ। ਬੈਡ ਕੋਲੈਸਟਰੋਲ ਧਮਣੀ ਦੀਆਂ ਦੀਵਾਰਾਂ ਵਿੱਚ ਜਮ੍ਹਾ ਹੋ ਜਾਂਦਾ ਅਤੇ ਬਲੱਡ ਕਲੋਟਿੰਗ ਦਾ ਖਤਰਾ ਵੱਧ ਜਾਂਦਾ ਹੈ। ਗੰਭੀਰ ਹਾਲਤ ਵਿੱਚ ਇਸ ਨਾਲ ਸਟਰੋਕ ਜਾਂ ਦਿਲ ਦਾ ਦੌਰਾ ਪੈਣ ਦਾ ਖਤਰਾ ਵੱਧ ਜਾਂਦਾ ਹੈ।

ਇਸੇ ਬਾਰੇ ਪਿੱਛੇ ਜਿਹੇ ਕੀਤੀ ਖੋਜ ਵਿੱਚ ਵਿਗਿਆਨੀਆਂ ਨੇ ਸਾਰੇ ਲੋਕਾਂ ਨੂੰ ਰੋਜ਼ ਇੱਕ ਅਜਿਹੀ ਚੀਜ਼ ਦੀ ਵਰਤੋਂ ਕਰਨ ਬਾਰੇ ਦੱਸਿਆ ਹੈ, ਜੋ ਬੈਡ ਕੋਲੈਸਟਰੋਲ ਦੇ ਪੱਧਰ ਨੂੰ ਘੱਟ ਕਰਨ ਵਿੱਚ ਸਹਾਇਕ ਹੋ ਸਕਦਾ ਹੈ। ਵਿਗਿਆਨੀਆਂ ਨੇ ਇੱਕ ਖੋਜ ਵਿੱਚ ਪਤਾ ਲਾਇਆ ਕਿ ਜੋ ਲੋਕ ਰੋਜ਼ ਅਖਰੋਟ ਦੀ ਵਰਤੋਂ ਕਰਦੇ ਹਨ, ਉਨ੍ਹਾਂ ਦਾ ਬੈਡ ਕੋਲੈਸਟਰੋਲ ਦੇ ਵਧਣ ਦਾ ਖਤਰਾ ਘੱਟ ਹੁੰਦਾ ਹੈ, ਜਿਸ ਕਾਰਨ ਦਿੱਲ ਦੇ ਰੋਗਾਂ ਦਾ ਖਤਰਾ ਘੱਟ ਹੋ ਜਾਂਦਾ ਹੈ। ਇਸ ਖੋਜ ਦੇ ਨਤੀਜੇ ਨੂੰ ਅਮਰੀਕਨ ਹਾਰਟ ਐਸੋਸੀਏਸ਼ਨ ਦੇ ਮੁੱਖ ਜਰਨਲ ਸਰਕੁਲੇਸ਼ਨ ਵਿੱਚ ਛਾਪਿਆ ਗਿਆ ਹੈ।

## ਤੇਲੰਗਾਨਾ ਵਿੱਚ ਮੈਡੀਸਨ ਫਰਾਮ ਦ ਸਕਾਈ ਪ੍ਰੋਜੈਕਟ ਸ਼ੁਰੂ

### *ਡਰੋਨ ਨਾਲ ਪਹਿਲੀ ਵਾਰ ਦਵਾਈਆਂ ਦੀ ਡਿਲਿਵਰੀ




ਵਿਕਾਰਾਬਾਦ (ਤੇਲੰਗਾਨਾ), 12 ਸਤੰਬਰ (ਪੋਸਟ ਬਿਊਰੋ)- ਭਾਰਤ ਦੇ ਸ਼ਹਿਰੀ ਹਵਾਬਾਜ਼ੀ ਮੰਤਰੀ ਜਯੋਤਿਰਾਦਿੱਤਿਆ ਸਿੰਧੀਆ ਨੇ ਤੇਲੰਗਾਨਾ ਵਿੱਚ ਕੱਲ੍ਹ 'ਮੈਡੀਸਨ ਫਰਾਮ ਦਾ ਸਕਾਈ' ਪ੍ਰੋਜੈਕਟ ਸ਼ੁਰੂ ਕਰਦੇ ਹੋਏ ਕਿਹਾ ਕਿ ਇਸ ਪ੍ਰੋਜੈਕਟ ਦੇ ਨਾਲ ਡਰੋਨ ਦੀ ਵਰਤੋਂ ਕਰਦੇ ਹੋਏ ਵੈਕਸੀਨ ਅਤੇ ਦਵਾਈਆਂ ਦੀ ਡਲਿਵਰੀ ਕੀਤੀ ਜਾਏਗੀ।

ਪਾਇਲਟ ਪ੍ਰੋਜੈਕਟ ਵਜੋਂ ਇਸ ਪ੍ਰੋਜੈਕਟ ਨੂੰ ਤੇਲੰਗਾਨਾ ਦੇ 16 ਗਰੀਨ ਜ਼ੋਨਾਂ ਵਿੱਚ ਸ਼ੁਰੂ ਕੀਤਾ ਗਿਆ ਹੈ। ਬਾਅਦ ਵਿੱਚ ਅੰਕੜਿਆਂ ਦੇ ਆਧਾਰ ਉੱਤੇ ਇਸ ਨੂੰ ਪੂਰੇ ਦੇਸ਼ ਵਿੱਚ ਚਲਾਇਆ ਜਾਵੇਗਾ। ਸਿੰਧੀਆ ਨੇ ਕਿਹਾ ਕਿ ਤਿੰਨ ਮਹੀਨੇ ਦੇ ਬਾਅਦ ਇਸ ਪ੍ਰੋਜੈਕਟ ਦੇ ਡੈਟੇ ਦਾ ਐਨਾਲਿਸਿਸ ਕੀਤਾ ਜਾਏਗਾ। ਉਸ ਪਿੱਛੋਂ ਹਵਾਬਾਜ਼ੀ ਮੰਤਰਾਲਾ, ਆਈ ਟੀ ਮੰਤਰਾਲਾ, ਸਿਹਤ ਮੰਤਰਾਲਾ, ਸੂਬਾ ਸਰਕਾਰਾਂ ਅਤੇ ਕੇਂਦਰ ਸਰਕਾਰ ਮਿਲ ਕੇ ਪੂਰੇ ਦੇਸ਼ ਲਈ ਮਾਡਲ ਤਿਆਰ ਕਰਨਗੇ। ਉਨ੍ਹਾਂ ਨੇ ਕਿਹਾ ਕਿ ਅੱਜ ਦਾ ਦਿਨ ਨਾ ਕੇਵਲ ਤੇਲੰਗਾਨਾ ਬਲਕਿ ਪੂਰੇ ਦੇਸ਼ ਦੇ ਲਈ ਬਹੁਤ ਕ੍ਰਾਂਤੀਕਾਰੀ ਹੈ।

## ਖਾਂਸੀ-ਜ਼ੁਕਾਮ ਸਮੇਤ ਭਾਰਤ ਦੀਆਂ 37 ਦਵਾਈਆਂ ਦੇ ਸੈਂਪਲ ਫੇਲ੍ਹ



ਸੋਲਨ, 12 ਸਤੰਬਰ (ਪੋਸਟ ਬਿਊਰੋ)- ਭਾਰਤ ਦੇ ਕੇਂਦਰੀ ਡਰੱਗ ਸਟੈਂਡਰਡਜ਼ ਕੰਟਰੋਲ ਸੰਗਠਨ (ਸੀ ਡੀ ਐਸ ਸੀ ਓ) ਵੱਲੋਂ ਜਾਰੀ ਹੋਏ ਡਰੱਗ ਅਲਰਟ ਵਿੱਚ ਖਾਂਸੀ, ਜ਼ੁਕਾਮ ਅਤੇ ਐਲਰਜੀ ਸਮੇਤ 37 ਦਵਾਈਆਂ ਦੇ ਸੈਂਪਲ ਫੇਲ੍ਹ ਹੋਏ ਹਨ। ਇਨ੍ਹਾਂ ਵਿੱਚੋਂ ਅੱਠ ਦਵਾਈਆਂ ਹਿਮਾਚਲ ਪ੍ਰਦੇਸ਼ ਦੀਆਂ ਕੰਪਨੀਆਂ ਨੇ ਬਣਾਈਆਂ ਸਨ। ਸਿੱਕਮ, ਗੁਜਰਾਤ, ਉਤਰਾਖੰਡ ਤੇ ਜੰਮੂ ਦੀਆਂ ਕੰਪਨੀਆਂ ਦੀਆਂ ਦਵਾਈਆਂ ਦੀ ਗੁਣਵੱਤਾ ਵਿੱਚ ਵੀ ਖੋਟ ਪਾਈ ਗਈ ਹੈ।

ਡਰੱਗ ਅਲਰਟ ਵਿੱਚ ਮੈਕਸ ਰਿਲੀਫ ਹੈਲਥਕੇਅਰ ਸੋਲਨ ਵਿੱਚ ਬਣੀ ਕੋਰੋਨਾ ਮਰੀਜ਼ਾਂ ਨੂੰ ਦਿੱਤੀ ਜਾ ਰਹੀ ਦਵਾਈ ਫੈਵੀਮੈਕਸ ਦਾ ਸੈਂਪਲ ਵੀ ਫੇਲ੍ਹ ਹੋਇਆ ਹੈ। ਸਿਰਮੌਰ ਦੇ ਕਾਲਾਅੰਬ ਦੀ ਡਿਜੀਟਲ ਵਿਜ਼ਨ ਕੰਪਨੀਦਾਬਣਿਆ ਖਾਂਸੀ-ਜ਼ੁਕਾਮ ਦਾ ਸੀਰਪ ਕਾਫਸੈਟ, ਸੋਲਨ ਦੇ ਸਾਂਸੀਵਾਲਾ ਦੀ ਐਕਟੀਨੋਵਾ ਉਦਯੋਗ ਦੀ ਅੰਤੜੀ ਦੇ ਅਲਸਰ ਦੇ ਇਲਾਜ ਵਿੱਚ ਵਰਤਣ ਵਾਲੀ ਦਵਾ ਰੈਨੀਟੀਡਿਨ ਵੀ ਗੁਣਵੱਤਾ ਵਿੱਚ ਖਰੀ ਨਹੀਂ ਉਤਰੀ। ਬੱਦੀ ਦੀ ਗਲਫਾ ਲੈਬ ਵਿੱਚ ਬਣੀ ਕੈਲੋਸਟ੍ਰੋਲ ਨੂੰ ਘੱਟ ਕਰਨ ਵਾਲੀ ਐਟ੍ਰੋਵਾਸਟੇਟਿਨ, ਮਾਨਪੁਰਾ (ਨਾਲਾਗੜ੍ਹ) ਦੇ ਅਲਟਰਾ ਡਰੱਗਸ ਉਦਯੋਗ ਦੀ ਸਕਿਨ ਐਲਰਜੀ ਦੀ ਦਵਾਈ ਡਾਲਮਸੈਟ-ਐਮ, ਝਾੜਮਾਜਰੀ ਦੇ ਵੀਨਸ ਬਾਇਓਸਾਇੰਸ ਉਦਯੋਗ ਦੀ ਐਲਰਜੀ ਦੇ ਇਲਾਜ ਵਿੱਚ ਵਰਤਣ ਵਾਲੀ ਦਵਾਈ ਬੀਟਾ ਮੈਥਾਸੋਨ, ਕਾਲਾਅੰਬ ਦੇ ਪੁਸ਼ਕਰ ਫਾਰਮਾ ਉਦਯੋਗ ਵਿੱਚ ਬਣੀ ਗਾਂ--ਮੱਝ ਦੇ ਗਰਭਧਾਰਨ ਵਿੱਚ ਵਰਤੀ ਜਾਂਦੀ ਆਕਸੀਟੋਕਸਿਨ ਇੰਜੈਕਸ਼ਨ, ਪਰਵਾਣੂ ਦੇ ਕਲੈਵਸ ਲਾਇਸਸ-ਾਇੰਸ ਉਦਯੋਗ ਦੀ ਮਾਨਸਿਕ ਰੋਗੀਆਂ ਨੂੰ ਦਿੱਤੀ ਜਾਣ ਵਾਲੀ ਦਵਾ ਬੁਪ੍ਰੋਪਿਓਨ ਹਾਈਡਰੋ ਕਲੋਰਾਈਨ ਵੀ ਗੁਣਵੱਤਾ ਵਿੱਚ ਖਰੀ ਨਹੀਂ ਉਤਰੀ।

## ਮੋਦੀ-ਵਿਰੋਧੀ ਆਗੂਆਂ ਨਾਲ ਨਿਤੀਸ਼ ਕੁਮਾਰ ਨਜ਼ਰ ਨਹੀਂ ਆਉਣਗੇ



ਪਟਨਾ, 12 ਸਤੰਬਰ (ਪੋਸਟ ਬਿਊਰੋ)- ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਵਿਰੋਧੀ ਆਗੂਆਂ ਦੇ ਨਾਲ ਬਿਹਾਰ ਦੇ ਮੁੱਖ ਮੰਤਰੀ ਨਿਤੀਸ਼ ਕੁਮਾਰ ਸਟੇਜ ਸਾਂਝੀ ਨਹੀਂ ਕਰਨਗੇ। ਜਨਤਾ ਦਲ (ਯੂ) ਦੇ ਕੌਮੀ ਪ੍ਰਧਾਨ ਰਾਜੀਵ ਰੰਜਨ ਉਰਫ ਲੱਲਨ ਸਿੰਘ ਨੇ ਕੱਲ੍ਹ ਸਾਰੀਆਂ ਅਟਕਲਾਂ ਉੱਤੇ ਰੋਕ ਲਾ ਦਿੱਤੀ ਹੈ। ਉਨ੍ਹਾਂ ਕਿਹਾ ਕਿ ਹਰਿਆਣੇ ਦੇ ਜੀਂਦ ਜ਼ਿਲ੍ਹੇ ਵਿੱਚ ਸਾਬਕਾ ਮੁੱਖ ਮੰਤਰੀ ਦੇਵੀ ਲਾਲ ਦੇ ਜਨਮ ਦਿਨ ਉੱਤੇ 25 ਸਤੰਬਰ ਨੂੰ ਹੋਣ ਵਾਲੇ ਪ੍ਰੋਗਰਾਮ ਵਿੱਚ ਨਿਤੀਸ਼ ਕੁਮਾਰ ਨਹੀਂ ਜਾਣਗੇ। ਇਸ ਮੌਕੇ ਉਨ੍ਹਾਂ ਕਿਹਾ ਕਿ ਕੋਰੋਨਾ ਵਾਇਰਸ ਦੀ ਤੀਜੀ ਲਹਿਰ ਦੇ ਖਦਸ਼ੇ ਨਾਲ ਬਿਹਾਰ ਵਿੱਚ ਹੜ੍ਹਾਂ ਦੀ ਸਥਿਤੀ ਨੂੰ ਵੇਖਦੇ ਹੋਏ ਨਿਤੀਸ਼ ਕੁਮਾਰ ਕਿਸੇ ਜ਼ਰੂਰੀ ਕੰਮ ਲਈ ਦਿੱਲੀ ਤਕ ਜਾ ਸਕਦੇ ਹਨ, ਪਰ ਹਰਿਆਣੇ ਨਹੀਂ। ਮੁੱਖ ਮੰਤਰੀ ਵੱਲੋਂ ਸਮਾਗਮ ਵਿੱਚ ਸ਼ਾਮਲ ਨਾ ਹੋਣ ਦੀ ਸੂਚਨਾ ਚੌਧਰੀ ਦੇਵੀ ਲਾਲ ਦੇ ਪੁੱਤਰ ਓਮ ਪ੍ਰਕਾਸ਼ ਚੌਟਾਲਾ ਨੂੰ ਦੇ ਦਿੱਤੀ ਗਈ ਹੈ ਅਤੇ ਪਾਰਟੀ ਵੱਲੋਂ ਕੇ ਸੀ ਤਿਆਗੀ ਜੀਂਦ ਵਿੱਚ ਮੌਜੂਦ ਹੋਣਗੇ। ਨਿਤੀਸ਼ ਕੁਮਾਰ ਦੇ ਚੌਧਰੀ ਦੇਵੀ ਲਾਲ ਨਾਲ ਬਹੁਤ ਚੰਗੇ ਸੰਬੰਧ ਸਨ, ਪਰ ਅੱਜਕੱਲ੍ਹ ਕੋਰੋਨਾ ਵਾਇਰਸ ਦੀ ਤੀਜੀ ਲਹਿਰ ਦੀ ਰੋਕਥਾਮ ਬਾਰੇ ਤਿਆਰੀ ਕਰਨੀ ਹੈ ਅਤੇ ਬੱਚਿਆਂ ਵਿੱਚ ਇੱਕ ਨਵੀਂ ਬਿਮਾਰੀ ਵੀ ਵੇਖੀ ਗਈ ਹੈ।

## ਡਿਜੀਟਲ ਹਾਜ਼ਰੀ ਨਾਲ ਵੀ ਵਿਆਹ ਰਜਿਸਟਰਹੋ ਸਕਦੈ: ਹਾਈ ਕੋਰਟ

ਨਵੀਂ ਦਿੱਲੀ, 12 ਸਤੰਬਰ (ਪੋਸਟ ਬਿਊਰੋ)- ਦਿੱਲੀ ਹਾਈ ਕੋਰਟ ਨੇ ਇੱਕ ਫੈਸਲੇ ਵਿੱਚ ਕਿਹਾ ਹੈ ਕਿ ਡਿਜੀਟਲ ਹਾਜ਼ਰੀ ਨਾਲ ਵੀ ਵਿਆਹ ਦੀ ਰਜਿਸਟ੍ਰੇਸ਼ਨ ਹੋ ਸਕਦੀ ਹੈ।

ਇਸ ਮੌਕੇ ਅਦਾਲਤ ਨੇ ਕਿਹਾ ਕਿ ਅੱਜ ਦੇ ਸਮੇਂ ਵਿੱਚ ਨਾਗਰਿਕਾਂ ਨੂੰ ਆਪਣੇ ਅਧਿਕਾਰਾਂ ਦੀ ਵਰਤੋਂ ਕਰਨ ਲਈ ਕਾਨੂੰਨ ਦੀ 'ਕਠੋਰ ਵਿਆਖਿਆ' ਦੇ ਨਾਲ ਨਹੀਂ ਰੋਕਿਆ ਜਾ ਸਕਦਾ ਹੈ, ਜਿਸ ਵਿੱਚ 'ਨਿੱਜੀ ਹਾਜ਼ਰੀ' ਦਾ ਜ਼ਿਕਰ ਹੁੰਦਾਹੈ। ਵੀਡੀਓ ਕਾਨਫਰੰਸ ਰਾਹੀਂ ਵਿਆਹ ਦੀ ਏਥੇ ਰਜਿਸਟ੍ਰੇਸ਼ਨ ਕਰਵਾਉਣ ਬਾਰੇ ਅਮਰੀਕਾ ਵਿੱਚ ਰਹਿ ਰਹੇ ਇੱਕ ਭਾਰਤੀ ਜੋੜੇ ਦੀ ਅਰਜ਼ੀ ਉੱਤੇ ਸੁਣਵਾਈ ਦੌਰਾਨ ਜਸਟਿਸ ਰੇਖਾ ਪੱਲੀ ਨੇ ਕਿਹਾ ਕਿ ਨਿੱਜੀ ਹਾਜ਼ਰੀ ਨੂੰ ਜ਼ਰੂਰੀ ਨਾ ਮੰਨਣ ਉਤੇ ਲੋਕ ਆਪਣੇ ਵਿਆਹ ਦੀ ਰਜਿਸਟ੍ਰੇਸ਼ਨ ਲਈ ਪ੍ਰੇਰਿਤ ਹੋਣਗੇ। ਉਨ੍ਹਾ ਕਿਹਾ, 'ਇਸ ਨਤੀਜੇ ਉੱਤੇ ਪੁੱਜਣ ਵਿੱਚ ਮੈਨੂੰ ਕੋਈ ਸੰਕੋਚ ਨਹੀਂ ਕਿ ਰਜਿਸਟ੍ਰੇਸ਼ਨ ਹੁਕਮ ਦੇ ਪੈਰ੍ਹਾ ਚਾਰ ਵਿੱਚ 'ਨਿੱਜੀ ਹਾਜ਼ਰੀ' ਸ਼ਬਦ ਵਿੱਚ ਵੀਡੀਓ ਕਾਨਫਰੰਸ ਨਾਲ ਵੀ ਹਾਜ਼ਰੀ ਨੂੰ ਸ਼ਾਮਲ ਮੰਨਣਾ ਚਾਹੀਦਾ ਹੈ। ਕੋਈ ਹੋਰ ਵਿਆਖਿਆ ਹੋਣ ਨਾਲ ਇਸ ਲਾਭਦਾਇਕ ਕਾਨੂੰਨ ਦਾ ਨਾ ਕੇਵਲ ਮਕਸਦ ਅਸਫਲ ਹੋਵੇਗਾ, ਸਗੋਂ ਇਸ ਤੋਂ ਮਹੱਤਵਪੂਰਨ ਸਰਲ ਅਤੇ ਆਸਾਨ ਵੀਡੀਓ ਕਾਨਫਰੰਸ ਦਾ ਮਹੱਤਵ ਵੀ ਘੱਟ ਹੋਵੇਗਾ।' ਅਦਾਲਤ ਨੇ ਇਸ ਜੋੜੇ ਨੂੰ ਰਜਿਸਟ੍ਰੇਸ਼ਨ ਕਰਨ ਵਾਲੀ ਅਥਾਰਟੀ ਅੱਗੇ ਵੀਡੀਓ ਕਾਨਫਰੰਸ ਰਾਹੀਂ 'ਨਿੱਜੀ ਤੌਰ ਉੱਤੇ ਹਾਜ਼ਰ' ਹੋਣ ਦੀ ਇਜਾਜ਼ਤ ਦੇ ਦਿੱਤੀ। ਉਸ ਨੇ ਦੋ ਗਵਾਹਾਂ ਨੂੰ ਕਿਹਾ ਕਿ ਉਹ ਦਿੱਤੀ ਗਈ ਤਰੀਕ ਉੱਤੇ ਆਪਣੇ ਮੂਲ ਪਛਾਣ ਪੱਤਰਾਂ ਨੂੰ ਲੈ ਕੇ ਰਜਿਸਟਰੇਸ਼ਨ ਅਥਾਰਟੀ ਦੇ ਸਾਹਮਣੇ ਨਿੱਜੀ ਤੌਰ ਉੱਤੇ ਹਾਜ਼ਰ ਹੋਣ।

## ਮੁੰਬਈ ਵਿੱਚ ਦਰਿੰਦਗੀ ਦੀ ਸ਼ਿਕਾਰ ਔਰਤ ਦਮ ਤੋੜ ਗਈ




ਮੁੰਬਈ, 12 ਸਤੰਬਰ (ਪੋਸਟ ਬਿਊਰੋ)- ਮੁੰਬਈ ਦੇ ਸਾਕੀਨਾਕਾ ਇਲਾਕੇ ਵਿੱਚਬਲਾਤਕਾਰ ਦੀ ਸ਼ਿਕਾਰ ਹੋਈ 34 ਸਾਲਾ ਔਰਤ ਨੇ ਇਲਾਜ ਦੌਰਾਨ ਦਮ ਤੋੜ ਦਿੱਤਾ ਹੈ। ਉਸ ਨੇ ਘਾਟਕੋਪਰ ਦੇ ਰਾਜਾਵਾੜੀ ਹਸਪਤਾਲ ਵਿੱਚ ਆਖਰੀ ਸਾਹ ਲਿਆ। ਦੋਸ਼ੀ ਨੇ ਔਰਤ ਨਾਲ ਬਲਾਤਕਾਰ ਕਰਨ ਤੋਂ ਬਾਅਦ ਉਸ ਦੇ ਪ੍ਰਾਈਵੇਟ ਪਾਰਟ ਉੱਤੇ ਰਾਡ ਨਾਲ ਹਮਲਾ ਕੀਤਾ ਸੀ, ਜਿਸ ਦੇ ਬਾਅਦ ਪੀੜਤਾ ਨੂੰ ਗੰਭੀਰ ਹਾਲਤ ਵਿੱਚ ਹਸਪਤਾਲ ਦਾਖਲ ਕਰਵਾਇਆ ਗਿਆ ਸੀ। ਘਟਨਾ ਦੇ ਬਾਅਦ ਹੀ ਇਸ ਨੂੰ ਮੁੰਬਈ ਦੀ ਨਿਰਭੈਆ ਕਿਹਾ ਜਾਣ ਲੱਗਾ, ਕਿਉਂਕਿ ਇੱਥੇ ਵੀ ਨਿਰਭੈਅ ਮਾਮਲੇ ਵਰਗੀ ਦਰਿੰਦਗੀ ਕੀਤੀ ਗਈ ਸੀ। ਸੀ ਸੀ ਟੀ ਵੀ ਫੁਟੇਜ ਦੇ ਆਧਾਰ ਉੱਤੇ ਪੁਲਸ ਨੇ ਮੋਹਨ ਚੌਹਾਨ (45), ਜਿਹੜਾ ਡਰਾਈਵਰ ਵਜੋਂ ਕੰਮ ਕਰਦਾ ਹੈ ਤੇ ਇਸੇ ਇਲਾਕੇ ਵਿੱਚ ਰਹਿੰਦਾ ਹੈ, ਨੂੰ ਗ੍ਰਿਫਤਾਰ ਕਰ ਲਿਆ ਹੈ।

ਪੁਲਸ ਕਮਿਸ਼ਨਰ ਨਗਰਾਲੇ ਨੇ ਦੱਸਿਆ ਕਿ ਦੋਸ਼ੀ ਉਤਰ ਪ੍ਰਦੇਸ਼ ਦੇ ਜੌਨਪੁਰ ਨਾਲ ਸਬੰਧਤ ਹੈ। ਉਸ ਨੂੰ 21 ਸਤੰਬਰ ਤਕ ਪੁਲਸ ਹਿਰਾਸਤ ਵਿੱਚ ਭੇਜ ਦਿੱਤਾ ਗਿਆ ਹੈ। ਕੇਸ ਦੀ ਪੜਤਾਲ ਲਈ ਵਿਸ਼ੇਸ਼ ਜਾਂਚ ਟੀਮ ਬਣਾਈ ਗਈਹੈ। ਮੀਡੀਆ ਰਿਪੋਰਟਾਂ ਅਨੁਸਾਰ ਮ੍ਰਿਤਕਾ ਦੀਆਂ 13 ਅਤੇ 16 ਸਾਲ ਦੀਆਂ ਦੋ ਬੇਟੀਆਂ ਹਨ ਤੇ ਉਹ ਘਰ ਦਾ ਖਰਚ ਚਲਾਉਣ ਲਈ ਪ੍ਰਾਈਵੇਟ ਨੌਕਰੀ ਕਰਦੀ ਸੀ।ਮਹਾਰਾਸ਼ਟਰ ਦੇ ਮੁੱਖ ਮੰਤਰੀ ਊਧਵ ਠਾਕਰੇ ਨੇ ਇਸ ਨੂੰ ਮਨੁੱਖਤਾ ਉੱਤੇ ਧੱਬਾ ਕਰਾਰ ਦਿੱਤਾ ਅਤੇ ਕੇਸ ਦੀ ਤੁਰੰਤ ਸੁਣਵਾਈ ਦਾ ਵਾਅਦਾ ਕੀਤਾ ਹੈ। ਉਨ੍ਹਾ ਕਿਹਾ ਕਿ ਉਨ੍ਹਾਂ ਰਾਜ ਦੇ ਗ੍ਰਹਿ ਮੰਤਰੀ ਦਿਲੀਪ ਵਾਲਸੇ ਪਾਟਿਲ ਤੇ ਮੁੰਬਈ ਪੁਲਸ ਕਮਿਸ਼ਨਰ ਨਾਗਰਾਲੇ ਨਾਲ ਇਸ ਬਾਰੇ ਵਿਚਾਰ ਕੀਤੀ ਹੈ ਤੇ ਅਧਿਕਾਰੀਆਂ ਨੂੰ ਮਾਮਲੇ ਵਿੱਚ ਤੇਜ਼ੀ ਲਿਆਉਣ ਜੇ ਨਿਰਦੇਸ਼ ਦਿੱਤੇ ਹਨ।

## 9/11 ਹਮਲੇ ਪਿੱਛੋਂ ਨਫਰਤ ਦੀ ਅੱਗ ਵਿੱਚ ਮਾਰੇ ਗਏ ਪਹਿਲੇ ਸਿੱਖ ਦੇ ਭਰਾ ਨੇ ਕਿਹਾ, 'ਸਭ ਦਾ ਸਨਮਾਨ ਕਰੋ'



ਨਿਊ ਯਾਰਕ, 12 ਸਤੰਬਰ (ਪੋਸਟ ਬਿਊਰੋ)- ਅਮਰੀਕਾ ਵਿੱਚ 11 ਸਤੰਬਰ 2001 ਨੂੰ ਹੋਏ ਅੱਤਵਾਦੀ ਹਮਲਿਆਂ ਦੇ ਬਾਅਦ ਨਫਰਤ ਵਾਲੇ ਅਪਰਾਧ ਦੇ ਸਭ ਤੋਂ ਪਹਿਲੇ ਸ਼ਿਕਾਰ ਬਣੇ ਬਲਬੀਰ ਸਿੰਘ ਸੋਢੀ ਦੇ ਭਰਾ ਨੇ ਕਿਹਾ ਹੈ ਕਿ ਸਿੱਖ ਹਮੇਸ਼ਾ ਸਭ ਨਾਲ ਇਨਸਾਫ ਦੇ ਲਈ ਖੜ੍ਹੇ ਹਨ ਅਤੇ ਵੱਖ-ਵੱਖ ਰੰਗ, ਪੰਥ ਤੇ ਲਿੰਗ ਦੇ ਲੋਕਾਂ ਦਾ ਆਦਰ ਕਰਨਾ ਬਲਬੀਰ ਸਿੰਘ ਦੇ ਪ੍ਰਤੀ ਇੱਕ ਵੱਡਾ ਸਨਮਾਨ ਹੋਵ-ੇਗਾ।

ਵਰਨਣ ਯੋਗ ਹੈ ਕਿ ਉਨ੍ਹਾਂ ਅੱਤਵਾਦੀ ਹਮਲਿਆਂ ਨੂੰ 20 ਸਾਲ ਪੂਰੇ ਹੋ ਗਏ, ਜਿਨ੍ਹਾਂ ਵਿੱਚ ਨੱਬੇ ਤੋਂ ਵੱਧ ਦੇਸ਼ਾਂ ਦੇ ਕਰੀਬ 3000 ਲੋਕ ਮਾਰੇ ਗਏ ਸਨ। ਰਾਣਾ ਸਿੰਘ ਸੋਢੀ ਨੇ ਉਸ ਤ੍ਰਾਸਦੀ ਨੂੰ ਯਾਦ ਕੀਤਾ, ਜੋ ਅਮਰੀਕਾ ਵਿੱਚ ਅੱਤਵਾਦੀ ਹਮਲਿਆਂ ਦੇ ਕੁਝ ਦਿਨਾਂ ਬਾਅਦ ਉਨ੍ਹਾਂ ਦੇ ਪਰਵਾਰ ਉੱਤੇ ਆਈ ਸੀ, ਜਿਸ ਵਿੱਚ ਸਿੱਖ ਲੋਕਾਂ ਨੂੰ ਉਨ੍ਹਾਂ ਦੇ ਹੁਲੀਏ ਕਾਰਨ ਨਿਸ਼ਾਨਾ ਬਣਾਇਆ ਜਾਣ ਲੱਗ ਪਿਆ ਸੀ।ਉਨ੍ਹਾਂ ਨੇ 'ਨੈਸ਼ਨਲ ਸਿੱਖ ਕੈਂਪੇਨ'ਵੱਲੋਂ ਜਾਰੀ ਵੀਡੀਓ ਸੰਦੇਸ਼ ਵਿਚ ਕਿਹਾ ਕਿ ਸਿੱਖ ਧਰਮ ਵਿੱਚ ਯਕੀਨ ਰੱਖਣ ਵਾਲੇ ਮੇਰੇ ਭਰਾ ਦੇ ਸਿਰ ਉਤੇ ਪੱਗ ਅਤੇ ਚਿਹਰੇ ਉੱਤੇ ਦਾੜ੍ਹੀ ਸੀ। ਉਸ ਵਿਅਕਤੀ ਨੇ ਸੋਚਿਆ ਕਿ ਉਹ ਤਾਲਿਬਾਨ ਵਾਂਗ ਦਿਸਦਾ ਹੈ। ਉਸ ਨੇ ਸਾਡੀ ਪੱਗ ਉਨ੍ਹਾਂ ਤਾਲਿਬਾਨੀਆਂ ਨਾਲ ਜੋੜੀ ਅਤੇ ਮੇਰੇ ਭਰਾ ਦੀ ਗੋਲੀ ਮਾਰ ਕੇ ਹੱਤਿਆ ਕਰ ਦਿੱਤੀ। ਸਿੱਖ ਸੰਗਠਨ ਨੇ ਕਿਹਾ ਕਿ 15 ਸਤੰਬਰ 2001 ਨੂੰ ਬਲਬੀਰਆਪਣੇ ਗੈਸ ਸਟੇਸ਼ਨ ਦੇ ਬਾਹਰ ਫੁੱਲ ਲਾ ਰਹੇ ਸਨ ਤਦ ਇੱਕ ਬੰਦੇ ਨੇ ਬਦਲੇ ਦੀ ਭਾਵਨਾ ਨਾਲ ਉਨ੍ਹਾਂ ਨੂੰ ਗੋਲੀ ਮਾਰ ਕੇ ਮਾਰ ਦਿੱਤਾ ਸੀ।

Steinmetz & Associates
PERSONAL INJURY LAWYERS



Harry Steinmetz
Certified as Specialist by the Law Society of Ontario in Civil Litigation
(with over 27yrs. of experience)



BOBBY SIDHU
partner
(Serving the Community for Over 16 yrs.)

ਕੀ ਐਕਸੀਡੈਂਟ ਵਿੱਚ ਤੁਹਾਡੇ ਸੱਟ ਲੱਗ ਗਈ ਹੈ?

ਮੁੱਫਤ ਸਲਾਹ ▪ ਫੀਸ ਸੈਟਲਮੈਂਟ ਹੋਣ ਤੋ ਬਾਅਦ

ਜੇਕਰ ਤੁਹਾਡਾ ਕਸੂਰ ਹੈ ਜਾਂ ਨਹੀਂ, ਚਾਹੇ ਤੁਸੀਂ ਕੰਮ ਕਰਦੇ ਹੋ ਜਾਂ ਨਹੀਂ, ਚਾਹੇ ਤੁਸੀਂ Housewife ਹੋ, Student ਹੋ, Pedestrian ਹੋ, Cycliust ਹੋ, ਐਕਸੀਡੈਂਟ ਵਿਚ ਸੱਟ ਲੱਗਣ ਦੀ ਸੂਰਤ ਵਿਚ ਤੁਸੀਂ ਕਈ ਬੈਨੀਫਿਟਸ ਦੇ ਹੱਕਦਾਰ ਹੋ ਸਕਦੇ ਹੋ। ਜੇਕਰ ਤੁਹਾਡੀ ਗਲਤੀ ਨਹੀਂ ਹੈ ਤਾਂ ਤੁਸੀਂ Pain & Suffering ਸਮੇਤ ਕਈ ਮਿਲੀਅਨ ਡਾਲਰ ਦੇ ਕਲੇਮ ਦੇ ਹੱਕਦਾਰ ਹੋ ਸਕਦੇ ਹੋ।

ਹੁਣ ਤੱਕ ਅਸੀਂ ਆਪਣੇ Clients ਨੂੰ ਕਈ ਮਿਲੀਅਨ ਤੱਕ ਦੇ ਕਲੇਮ ਦੁਆ ਚੁੱਕੇ ਹਾਂ।
ਜੇਕਰ ਤੁਸੀਂ ਆਪਣੀਆਂ ਮੌਜੂਦਾ ਕਾਨੂੰਨੀ ਸੇਵਾਵਾਂ ਤੋਂ ਸੰਤੁਸ਼ਟ ਨਹੀਂ ਹੋ ਤਾਂ ਅਸੀਂ ਤੁਹਾਡੀ ਸੇਵਾ ਲਈ ਹਾਜਰ ਹਾਂ।

If you are hurt in Auto Accident, Slip & Fall or you have long Term Disability Claims
Protect yourself, Protect your family, Know your rights.
For exceptional service, benefits you are entitled to and a settlement you deserve, call the name you trust

You only pay upon settlement

GURSHARAN BOBBY SIDHU
647.539.3020

1450 Meyerside Drive, Suite 308, Mississauga | 2 OFFICES TO SERVE YOU | 55 St. Clair Ave., West, Toronto

email: bsidhu@steinmetzlawyers.ca website: www.steinmetzlawyers.ca

ਫਾਰਮ ਵਰਕਰ ਦੀ ਲੋੜ

ਨਰਸਰੀ ਅਤੇ ਫਾਰਮਾਂ ਵਿਚ ਕੰਮ ਕਰਨ ਲਈ ਤੁਰੰਤ ਵਰਕਰਾਂ ਦੀ ਲੋੜ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰਾਂ ਉਤੇ ਸੰਪਰਕ ਕੀਤਾ ਜਾ ਸਕਦਾ ਹੈ।
ਮੋਬਾਇਲ: ਪਰਮਿੰਦਰ ਗਰੇਵਾਲ
647-391-1000,
ਬਲਵੀਰ ਸਰਪੰਚ
289-541-5384

ਲੇਡੀਜ਼ ਵਰਕਰ ਦੀ ਲੋੜ

ਵਸਾਗਾ ਬੀਚ ਦੇ ਏਰੀਆ ਵਿਚ ਘਰ ਅਤੇ ਮੋਟਲ ਵਿਚ ਕਲੀਨਿੰਗ ਦਾ ਅਤੇ ਹੋਰ ਛੋਟੇ ਮੋਟੇ ਕੰਮ ਕਰਨ ਲਈ ਲੇਡੀਜ਼ ਵਰਕਰ ਦੀ ਲੋੜ ਹੈ। ਰਹਿਣ ਸਹਿਣ ਅਤੇ ਖਾਣ ਪੀਣ ਦੀ ਸਹੂਲਤ ਉਥੇ ਹੀ ਦਿੱਤੀ ਜਾਵੇਗੀ। ਤਨਖਾਹ ਬਾਰੇ ਅਤੇ ਹੋਰ ਜਾਣਕਾਰੀ ਲੈਣ ਲਈ ਕਾਲ ਕਰੋ :
705-443-2556

Visions of Punjab





VISION ZOOMERTV
Airs Across Canada
Every Saturday
1:00 pm to 1:30 pm EST
10:00 am to 10:30 am PST
Mahal Entertainment Inc.
Cell:416-587-5520
Email: iqbalmahal46@gmail.com
Natasha Mahal
Co-Host
Iqbal Mahal
Producer & Host
Serving the South Asian Community Since 1976

jobs! jobs! jobs! jobs! jobs!

DUNDAS·JAFINE

HELP WANTED
ਕਾਮਿਆਂ ਦੀ ਲੋੜ
ਜਨਰਲ ਲੇਬਰ ਦਾ ਕੰਮ ਉਪਲੱਬਧ ਹੈ

ਬਰੈਂਪਟਨ ਦੇ ਇਲਾਕੇ ਡੰਡਾਸ ਜੈਫਿਨ, Air Distribution Products ਦੀ Leading Manufacture company HVAC Industry ਲਈ ਫੁੱਲ ਟਾਈਮ ਪੋਜੀਸ਼ਨ ਉਪਲੱਬਧ ਹੈ।
Afternoon and Midnight Shifts Available.

ਕਾਮਿਆਂ ਨੂੰ ਹੇਠ ਲਿਖੇ ਕਾਰਨ ਵਿੱਚ ਸਮਰੱਥ ਹੋਣਾ ਜਰੂਰੀ ਹੈ:
* ਸੁਤੰਤਰ ਤੋਰ ਤੇ ਕੰਮ ਕਰੋ * 20Lbs ਤੱਕ ਭਾਰ ਚੁੱਕ ਸਕਣ
* ਆਪਣੇ Safety Shoes ਹੋਣੇ ਚਾਹੀ ਦੇ ਹਨ

ਅਪਲਾਈ ਕਰਨ ਲਈ ਆਪ ਪਹੁੰਚੋ:
80 West Drive, Brampton

Apply In Person to complete application in the Shipping Department


Other Realtors only Promise
But JAG AUJLA SOLD YOUR HOME WITH
GUARANTEE
Advertisement GUARANTEED Till SOLD
Top 1% Broker
Call For a Quick & Free Home Evaluation
www.BramptonQuickHomeEvaluation.com
JAG AUJLA
REAL ESTATE BROKER
DIR: 416-371-7777
j.aujla@rogers.com www.jagaujla.com
RE/MAX Realty Specialist Inc., Brokerage (Independently Owned and Operated) Off: 905-456-3232
www.BramptonTopRelator.com
ਘਰਾਂ ਦੀਆਂ ਨਵੀਆਂ ਲਿਸਟਿੰਗਾਂ (Listings) ਦੀ ਬਹੁਤ ਲੋੜ ਹੈ
CALEDON
BRAND NEW HOUSE FOR SALE ON ASSIGNMENT (IN CALEDON)
ਕੈਨੇਡੀ / ਦੁੱਗਲ
ਬਰੈਂਡ ਨੀਊ ਘਰ ਸੈਲ ਲਈ ਉਪਲਬੱਧ ਹੈ। ਲਗਭਗ 2800 ਸੁਕੇਅਰ ਫੁੱਟ ਏਰੀਆ ਅਤੇ 42 ਫੀਟ ਵਾਈਡ ਕਾਰਨਰ ਲਾਟ ਹੈ ਜਿਸ ਵਿੱਚ 4 ਬੈਡਰੂਮ ਅਤੇ 4 ਵਾਸ਼ਰੂਮ ਹਨ। ਮੇਨ ਫਲੋਰ 10 ਫੁੱਟ ਸਿਲਿੰਗ। ਡਾਇਨਿੰਗ ਰੂਮ ਉਪਰ ਨੂੰ ਖੁੱਲਾ ਹੈ ਅਤੇ 19 ਫੁੱਟ ਹਾਈ ਸਿਲਿੰਗ ਹੈ। ਹਾਰਡਵੁਡ ਫਲੋਰ, ਓਕ ਸਟਰੇਅਰਜ਼। ਅਪਗ੍ਰੇਡੇਡ ਕਿਚਨ ਅਤੇ ਕੁਆਰਟਜ਼ ਕਾਊਂਟਰ ਟਾਪ। ਮੈਨ ਫਲੋਰ ਲਾਂਡਰੀ ਹੈ।
ਵਧੇਰੀ ਜਾਣਕਾਰੀ ਲਈ ਜੇਗ ਔਜਲਾ ਨਾਲ 416-371-7777 ਤੇ ਸੰਪਰਕ ਕਰ ਸਕਦੇ ਹੋ।
BRAMPTON
$749,905
William /Vodden /Main
3 ਬੈਡਰੂਮ, 2 ਵਾਸ਼ਰੂਮ ਦਾ ਬਹੁਤ ਸੋਹਣਾ ਘਰ, ਜਿਸ ਵਿਚ 2 ਬੈਡਰੂਮਜ਼ ਦੀ ਫਿਨਿਸ਼ਡ ਬੇਸਮੈਂਟ ਸੈਪਰੇਟ ਐਂਟਰੈਂਸ ਨਾਲ, ਪਿਛਲੇ ਸਾਲ ਹੀ ਸਾਰਾ ਘਰ ਅਪਗ੍ਰੇਡ ਕੀਤਾ ਗਿਆ ਹੈ। ਸਕੂਲ, ਪਲਾਜ਼ਾ ਅਤੇ ਬੱਸ ਸਟਾਪ ਤੋਂ ਕੁੱਝ ਹੀ ਮਿੰਟਾਂ ਦੀ ਦੂਰੀ ਹੈ ਅਤੇ ਹੋਰ ਬਹੁਤ ਸਾਰੀਆਂ ਸਹੂਲਤਾਂ ਦੇ ਨੇੜੇ।
BRAMPTON
$ 1,199,905 Bramlea Rd./Bovaird Dr.
2600 ਸਕੇਅਰ ਫੁੱਟ ਦਾ 45 ਫੁੱਟ ਦੀ ਲਾਟ ਦਾ ਡੀਟੈਚਡ ਘਰ, ਡਬਲ ਡੋਰ ਐਂਟਰੀ, 4 ਬੈੱਡਰੂਮ, 3 ਬੈੱਡਰੂਮ ਦੀ ਫਿਨਿਸ਼ਡ ਬੇਸਮੈਂਟ ਸੈਪਰੇਟ ਐਂਟਰੈਂਸ ਨਾਲ, 2 ਲਾਂਡਰੀ, ਅਪਗ੍ਰੇਡਡ ਕਿਚਨ, ਅਪਗ੍ਰੇਡਡ ਰੂਫ ਅਤੇ ਵੁੱਡ ਫਲੋਰ ਤੇ ਹੋਰ ਸਾਰੀਆਂ ਸਹੂਲਤਾਂ ਦੇ ਨਜ਼ਦੀਕ।
ਜਿਆਦਾ ਜਾਣਕਾਰੀ ਲਈ ਸੰਪਰਕ ਕਰੋ: 416-371-7777
BRAMPTON
$1,299,905
ਲਗਭਗ 2900 ਸਕੇਅਰ ਫੁੱਟ ਦਾ ਡਿਟੈਚਡ ਘਰ। 5 ਬੈਡਰੂਮ, 4 ਵਾਸ਼ਰੂਮ ਅਤੇ 2 ਬੈਡ-ਰੂਮਜ਼ ਦੀ ਸੈਪਰੇਟ ਐਂਟਰੈਂਸ ਵਾਲੀ ਫਿਨਿਸ਼ਡ ਬੇਸਮੈਂਟ, 1 ਓਕ ਸਟੇਅਰ ਕੇਸ, ਹਾਰਡਵੁੱਡ ਅਤੇ ਸੀਰੀਮਿਕ ਫਲੋਰ, ਪੌਟ ਲਾਈਟ, 1 ਮਾਸਟਰ ਬੈਡਰੂਮ ਵਿਚ 5 ਪੀ.ਸੀ. ਇਨਸੂਟ ਅਤੇ ਵਾਕਇਨ ਕਲਾਸਿਟ, ਅਪਗ੍ਰੇਡਡ ਕਿਚਨ, ਘਰ ਮੂਹਰੇ ਕੋਈ ਸਾਈਡ ਵਾਕ ਨਹੀਂ, ਸਕੂਲ, ਪਾਲਜ਼ਾ ਤੋਂ ਮਿੰਟਾਂ ਦੀ ਦੂਰੀ ਉਤੇ ਅਤੇ ਹੋਰ ਬਹੁਤ ਸਾਰੀਆਂ ਸਹੂਲਤਾਂ।
BRAMPTON
CREDITVIEW & BOVAIRD
(MOUNT PLEASANT)
ਖੁੱਲ੍ਹਾ ਅਤੇ ਸ਼ਾਨਦਾਰ 2 ਮੇਨ ਐਂਟਰੈਂਸ ਵਾਲਾ ਘਰ, ਡਬਲ ਕਾਰ ਗਰਾਜ, ਓਪਨ ਕੰਸੈਪਟ ਕਿਚਨ ਬੈਕਸਪਲੈਸ ਦੇ ਨਾਲ, ਖੁੱਲ੍ਹਾ ਮਾਸਟਰ ਬੈੱਡਰੂਮ ਇਨਸੂਟ ਵਾਸ਼ਰੂਮ ਅਤੇ ਵਾਕਇਨ ਕਲਾਜ਼ਿਟ ਦੇ ਨਾਲ। 2 ਬੈੱਡਰੂਮ ਦੀ ਫਿਨਿਸ਼ਡ ਬੇਸਮੈਂਟ, ਖੁੱਲ੍ਹਾ ਡੁੱਲ੍ਹਾ ਬੈਕਯਾਰਡ। ਘਰ 2 ਵੱਖ-ਵੱਖ ਪਰਿਵਾਰਾਂ ਨੂੰ ਕਿਰਾਏ ਉਤੇ ਦਿੱਤਾ ਜਾ ਸਕਦਾ ਹੈ।
ਸੰਪਰਕ: 416-371-7777
Orangeville Ontario L9W3X5
Orangeville Dufferin ਦੇ ਏਰੀਆ ਵਿਚ 5780 ਸਕੇਅਰ ਫੁਟ ਦਾ ਆਟੋ ਬਾਡੀ ਸ਼ਾਪ 1 ਏਕੜ ਦੀ ਜਗ੍ਹਾ, 3 ਗਰਾਜ ਡੋਰ 15 ਫੁੱਟ ਉਚਾਈ, 4 ਵਾਸ਼ਰੂਮ, 100 + ਕਾਰ ਪਾਰਕਿੰਗ, ਅਗਲੇ ਹਿੱਸੇ ਵਿਚ ਆਟੋ ਬਾਡੀ, ਕਾਰ ਰਿਪੇਅਰ ਅਤੇ ਬੈਕ ਸਾਈਡ ਉਤੇ ਕੋਈ ਹੋਰ ਬਿਜਨਸ ਚੱਲ ਰਿਹਾ ਹੈ। ਜਿਆਦਾ ਜਾਣਕਾਰੀ ਲਈ ਸੰਪਰਕ ਕਰੋ 416-371-7777


Century 21
President Realty Inc
Brokerage*
Independently Owned and Operated.
ਓਂਟਾਰੀਓ ਦੇ ਕਿਸੇ ਵੀ ਸ਼ਹਿਰ ਵਿਚ ਪ੍ਰਾਪਰਟੀ ਖਰੀਦਣ ਲਈ ਕਾਲ ਕਰੋ
Jagdish Grewal
Sales Repersentative
Call Now: (416)-970-5005
Brampton
$799,900
Sandalwood & Kennedy
ਬਹੁਤ ਹੀ ਖੂਬਸੂਰਤ detached ਘਰ 3 ਬੈੱਡਰੂਮ, 1 ਬੈੱਡਰੂਮ ਦੀ ਫਿਨਿਸ਼ੇਡ ਬੇਸਮੈਂਟ , ਸਕੂਲ, ਪਬਲਿਕ ਬੱਸ ਸਰਵਿਸ ਅਤੇ ਪਲਾਜ਼ਾ ਦੇ ਨੇੜੇ!
Brampton
$849,900
Bramalea & Peter Robertson
3 ਬੈੱਡਰੂਮ semi-detached ਘਰ ਦੇ ਵਿਚਕਾਰ ਬਿਲਟ ਇਨ ਕਿਚਨ ,ਗਰੇਨਾਇਟ ਕਾਊਂਟਰ, ਵੂਲਫ ਗੈਸ ਸਟੋਵ, ਬਹੁਤ ਹੀ ਸੁੰਦਰ ਗਾਰਡਨ ਅਤੇ ਬੈਕਯਾਰਡ ਏਰੀਆ ਪ੍ਰਾਈਮ ਲੋਕੇਸ਼ਨ, ਪਬਲਿਕ ਬੱਸ ਸਰਵਿਸ, ਹਸਪਤਾਲ, ਸਕੂਲ ਅਤੇ ਪਲਾਜ਼ਾ ਦੇ ਨੇੜੇ.
Brampton
$699,900
Bovaird & Royal Orchard
3 ਬੈੱਡਰੂਮ ਟਾਊਨ ਹਾਊਸ ਵੱਖਰੇ ਲਿਵਿੰਗ ਤੇ ਫੈਮਿਲੀ ਰੂਮ, ਫਿਨਿਸ਼ੇਡ ਬੇਸਮੈਂਟ,ਵੱਡਾ ਡ੍ਰਾਈਵੇ,ਲੈਮੀਨੇਟ ਫਲੋਰ,ਪਹਿਲੀ ਵਾਰ ਘਰ ਖਰੀਦਣ ਵਾਲਿਆ ਲਈ ਵਧੀਆ ਮੌਕਾ
Brampton
$799,999
Bovaird & Bramlea Rd
3 +1 ਬੈੱਡਰੂਮ ਘਰ ਵੱਖਰੀ ਐਂਟਰੈਸ ਵਾਲੀ ਬਣੀ ਹੋਈ ਬੇਸਮੈਂਟ,ਵਾਕਆਊਟ ਵੱਡਾ ਯਾਰਡ ,ਨਵੀ ਕਿਚਨ,ਪੋਟ ਲਾਈਟਾਂ,ਫਾਈਰ ਪਲੇਸ
Brampton
$1,199,000
Bovaird & Worthington
4 ਬੈੱਡਰੂਮ, ਡੀਟੈਚਡ ਘਰ
ਵੱਖਰੇ ਲਿਵਿੰਗ ਤੇ ਫੈਮਿਲੀ ਰੂਮ, ਫਿਨਿਸ਼ੇਡ ਬੇਸਮੈਂਟ,ਵੱਡਾ ਡ੍ਰਾਈਵੇ,ਲੈਮੀਨੇਟ ਫਲੋਰ,ਲੈਂਡਸਕੇਪ ਤੇ ਹਜ਼ਾਰਾਂ ਡਾਲਰ ਖਰਚ ਕੀਤੇ ਹੋਏ ,ਗਰੇਨਾਇਟ ਕਾਊਂਟਰ,ਪੋਟ ਲਾਈਟਾਂ,ਅੱਪਗਰੇਡ ਹਾਰਡਵੁਡ
Brampton
$1,179,000
Pertosa & WillamsParkway
4 +2 ਬੈੱਡਰੂਮ ਡੀਟੈਚਡ ਘਰ ,ਵੱਖਰੇ ਲਿਵਿੰਗ ਤੇ ਫੈਮਿਲੀ ਰੂਮ, ਫਿਨਿਸ਼ੇਡ ਬੇਸਮੈਂਟ,ਵੱਡਾ ਡ੍ਰਾਈਵੇ,ਪ੍ਰਾਈਮ ਲੋਕੇਸ਼ਨ ਅਤੇ ਪਲਾਜ਼ਾ ਦੇ ਨੇੜੇ
Brampton
$1,299,000
Gore & Cotrelle
3 ਬੈੱਡਰੂਮ, ਡੀਟੈਚਡ ਘਰ ,
2000 sq.ft ,1 ਬੈੱਡਰੂਮ ਦੀ
ਫਿਨਿਸ਼ੇਡ ਬੇਸਮੈਂਟ ,ਵੱਡਾ ਡੇਕ,ਕਾਫੀ ਅਪਗ੍ਰੇਡ ਕੀਤਾ ਮੋਡਰਨ ਕਿਚਨ ,ਪਾਰਕਿੰਗ ਲਈ ਖੁੱਲਾ ਗੈਰਾਜ
Brampton
$999,800
Bovaird & Hwy 410
4 ਬੈੱਡਰੂਮ ਡੀਟੈਚਡ ਘਰ, ਪਬਲਿਕ ਬੱਸ ਸਰਵਿਸ,ਸਕੂਲ,ਪਲਾਜ਼ਾ, 410/407 ਹਾਈਵੇ ਨੇੜੇ, ਅਪਗ੍ਰੇਡ ਕੀਤਾ ਮੌਡਰਨ ਕਿਚਨ
(416) 970-5005
www.vipcondonetwork.com
80 Maritime Ontario Blvd #246 Brampton, ON L6S 0E7
Call: 905-488-2100 Fax : 905-488-2101


afc
ORDER ONLINE TODAY !!!
WWW.ASIANFOODCENTRE.COM
FREE PICK UP!!!
HOME DELIVERY ALSO AVAILABLE !!!
ASIAN FOOD CENTRE
VEGETARIAN FOOD
HEALTHY EATING
FRESH & LARGE VARIETY
Bread, Dairy & Eggs
Branded Foods
Fruits & Vegetables
Beverages & Confectionery
Grocery & Staples
Sweet & Samosas
SERVING FROM ALL LOCATIONS IN GTA AREA:
10 Westmore Drive
Etobicoke ON M9V-3Z7
416-740-3262
21 Lacoste Blvd,
Brampton, ON L6P 2K2
905 794-8109
621 Wanless drive, # 122
Brampton ON L7A 0A9
905-495-3336
1075 Ceremonial Drive
Mississauga ON L5R 2Z4
905-502-1600
80 Pertosa Drive
Brampton ON L5X-5E9
905-460-0009
10510 Torbram Road,
Brampton
905-790-0030
2120 North park Drive
Brampton ON L6S 0C9
905-793-1338
10 Pannahill Dr,
Brampton
905 913-8017